ADVERTISE YOUR BUSINESS HERE +91-9878-55-2070

ਨਾ ਰੁਕੇ, ਨਾ ਝੁਕੇ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599

15-21 February 2026

ਕੀਮਤ : 5 ਰੁਪਏ

ਸਾਲ 2026 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

ADVERTISE YOUR BUSINESS HERE +91-9878-55-2070



## ਪ੍ਰਧਾਨ ਮੰਤਰੀ ਵੱਲੋਂ 19 ਅਤੇ ਡੀਪਟੈੱਕ ਸਟਾਰਟਅੱਪਸ ਦੇ ਸੀਈਓਜ਼ ਨਾਲ ਵਿਸ਼ੇਸ਼ ਚਰਚਾ

### ਮਜ਼ਬੂਤ ਡੇਟਾ ਗਵਰਨੈਂਸ ਦੀ ਲੋੜ 'ਤੇ ਜ਼ੋਰ ਦਿੱਤਾ

ਨਵੀਂ ਦਿੱਲੀ (ਏਜੰਸੀ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਏਆਈ (19) ਅਤੇ ਡੀਪਟੈੱਕ ਸਟਾਰਟਅੱਪਸ ਦੇ ਸੀਈਓਜ਼ (CEOs) ਨਾਲ ਖੇਤੀਬਾੜੀ,ਵਾਤਾਵਰਣ ਸੁਰੱਖਿਆ ਅਤੇ ਮਾਤ ਭਾਸ਼ਾ ਵਿੱਚ ਉੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਵਰਗੇ ਵੱਖ-ਵੱਖ ਖੇਤਰਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਤਕਨਾਲੋਜੀ ਦੀ ਵਰਤੋਂ ਕਰਨ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ। ਪ੍ਰਧਾਨ ਮੰਤਰੀ ਨਾਲ ਇੱਕ ਗੋਲਮੇਜ਼ ਮੀਟਿੰਗ ਵਿੱਚ 16 ਏਆਈ ਅਤੇ ਡੀਪਟੈੱਕ ਸਟਾਰਟਅੱਪਸ ਦੇ ਸੀਈਓਜ਼ ਅਤੇ ਸੰਸਥਾਪਕਾਂ ਨੇ ਆਪਣੇ ਵਿਚਾਰ ਅਤੇ ਕੰਮ ਪੇਸ਼ ਕੀਤੇ। ਪ੍ਰਧਾਨ ਮੰਤਰੀ ਦਫ਼ਤਰ (PMO) ਦੇ ਇੱਕ ਬਿਆਨ ਅਨੁਸਾਰ ਮੋਦੀ ਨੇ ਮਜ਼ਬੂਤ ਡੇਟਾ ਗਵਰਨੈਂਸ ਦੀ ਲੋੜ 'ਤੇ ਜ਼ੋਰ ਦਿੱਤਾ,ਗਲਤ ਜਾਣਕਾਰੀ ਵਿਰੁੱਧ ਚੇਤਾਵਨੀ ਅਤੇ ਭਾਰਤ ਦੀਆਂ ਜ਼ਰੂਰਤਾਂ ਦੇ ਅਨੁਸਾਰ ਤਿਆਰ ਕੀਤੇ ਹੱਲ ਵਿਕਸਿਤ ਕਰਨ ਦੀ ਅਪੀਲ ਕੀਤੀ। ਯੂਪੀਆਈ (UPI) ਨੂੰ ਸਧਾਰਨ ਅਤੇ ਸਕੇਲੇਬਲ ਡਿਜੀਟਲ ਨਵੀਨਤਾ ਦੇ ਮਾਡਲ ਵਜੋਂ ਦਰਸਾਉਂਦੇ ਹੋਏ,ਉਨ੍ਹਾਂ ਨੇ ਭਾਰਤੀ ਕੰਪਨੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ ਅਤੇ ਘਰੇਲੂ ਉਤਪਾਦਾਂ ਵਿੱਚ ਭਰੋਸਾ ਕਰਨ ਲਈ ਉਤਸ਼ਾਹਿਤ ਕੀਤਾ। ਪ੍ਰਧਾਨ ਮੰਤਰੀ ਨੇ ਖੇਤੀਬਾੜੀ ਅਤੇ ਵਾਤਾਵਰਣ ਸੁਰੱਖਿਆ ਵਰਗੇ ਵੱਖ-ਵੱਖ ਖੇਤਰਾਂ ਵਿੱਚ ਏਆਈ ਤਕਨਾਲੋਜੀ ਦੀ ਵਰਤੋਂ ਕਰਨ ਦੀ ਸੰਭਾਵਨਾ 'ਤੇ ਚਰਚਾ ਕੀਤੀ,ਜਿਸ ਵਿੱਚ ਮਿੱਟੀ ਦੀ ਸਿਹਤ ਦੀ ਰੱਖਿਆ ਲਈ ਫਸਲਾਂ ਦੀ ਉਤਪਾਦਕਤਾ ਅਤੇ ਖਾਦ ਦੀ ਵਰਤੋਂ ਦੀ ਨਿਗਰਾਨੀ ਸ਼ਾਮਲ ਹੈ। ਭਾਗੀਦਾਰਾਂ ਨੇ 'ਇੰਡੀਆ ਏਆਈ ਇਮਪੈਕਟ ਸਮਿਟ' ਦੀ ਵੀ ਸ਼ਲਾਘਾ ਕੀਤੀ ਅਤੇ ਇਸ ਨੂੰ ਏਆਈ ਦੇ ਆਲੇ-ਦੁਆਲੇ ਗਲੋਬਲ ਗੱਲਬਾਤ ਨੂੰ ਰੂਪ ਦੇਣ ਵਿੱਚ ਦੇਸ਼ ਦੇ ਵਧਦੇ ਕੱਦ ਦਾ ਪ੍ਰਤੀਬਿੰਬ ਦੱਸਿਆ। ਮੀਟਿੰਗ ਦੌਰਾਨ ਪ੍ਰਮੁੱਖ ਸਕੱਤਰ ਪੀ ਕੇ ਮਿਸ਼ਰਾ, ਪ੍ਰਮੁੱਖ ਸਕੱਤਰ-2 ਸ਼ਕਤੀਕਾਂਤ ਦਾਸ ਅਤੇ ਰਾਜ ਮੰਤਰੀ ਜਿਤਿਨ ਪ੍ਰਸਾਦ ਵੀ ਮੌਜੂਦ ਸਨ।

## 'ਮੁੱਖ ਮੰਤਰੀ ਸਿਹਤ ਯੋਜਨਾ': ਵਿਧਾਇਕਾਂ ਤੇ ਮੰਤਰੀਆਂ ਕੋਲ ਪੰਸਦ ਚੁਣਨ ਦਾ ਹੱਕ

### ਸਿਆਸੀ ਹਸਤੀਆਂ ਨੂੰ ਦੋਵੇਂ ਸਕੀਮਾਂ 'ਚੋਂ ਲਾਭ ਲੈਣ ਦੀ ਖੁੱਲ੍ਹ

ਐਸ. ਕੇ. ਸਕਸੈਨਾ




ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਲਾਗੂ ਕਰਨ ਮਗਰੋਂ ਵਿਧਾਇਕਾਂ/ਸਾਬਕਾ ਵਿਧਾਇਕਾਂ ਅਤੇ ਵਜ਼ੀਰਾਂ ਦੇ ਦੋਵੇਂ ਹੱਥ ਲੱਡੂ ਹਨ। ਹਾਲਾਂਕਿ, ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹਰ ਬਾਸ਼ਿੰਦੇ ਨੂੰ ਮੈਡੀਕਲ ਸਹੂਲਤ ਲਈ ਕਵਰ ਕੀਤਾ ਹੈ ਪਰ ਵਿਧਾਇਕਾਂ/ਸਾਬਕਾ ਵਿਧਾਇਕਾਂ ਤੇ ਵਜ਼ੀਰਾਂ ਲਈ ਦੋਵੇਂ ਰਾਹ ਖੁੱਲ੍ਹੇ ਹਨ। ਉਹ ਪੁਰਾਣੇ ਨਿਯਮਾਂ ਤਹਿਤ ਪੰਜਾਬ ਵਿਧਾਨ ਸਭਾ ਤੋਂ ਵੀ ਮੈਡੀਕਲ ਖ਼ਰਚੇ ਦੇ ਬਿੱਲ ਲੈ ਸਕਣਗੇ ਜਾਂ ਫਿਰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਦੀ ਵੀ ਖੁੱਲ੍ਹ ਹੋਵੇਗੀ। ਮਤਲਬ ਕਿ ਹੁਣ ਵਿਧਾਇਕਾਂ/ਸਾਬਕਾ ਵਿਧਾਇਕਾਂ ਤੇ ਵਜ਼ੀਰਾਂ ਨੂੰ ਮੈਡੀਕਲ ਸਹੂਲਤ ਲੈਣ ਲਈ ਪੁਰਾਣੀ ਵਿਵਸਥਾ ਛੱਡਣ ਦੀ ਜ਼ਰੂਰਤ ਨਹੀਂ ਹੈ। ਲਗਪਗ ਮਹੀਨਾ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਲਾਗੂ ਕੀਤੀ ਹੈ। ਸੂਬੇ ਦੇ 65 ਲੱਖ ਪਰਿਵਾਰ ਦਾ ਇਸ ਯੋਜਨਾ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਸਾਲਾਨਾ ਦਾ ਕਵਰ ਹੈ। ਪੰਜਾਬ ਦਾ ਹਰ ਵਸਨੀਕ ਇਸ ਸਕੀਮ ਤਹਿਤ ਆਉਂਦਾ ਹੈ। ਪੰਜਾਬ ਰਾਜ ਵਿਧਾਨ ਮੰਡਲ ਮੈਂਬਰਜ਼ (ਪੈਨਸ਼ਨ ਅਤੇ ਡਾਕਟਰੀ ਸਹੂਲਤਾਂ ਨਿਯਮ) ਐਕਟ 1977 ਅਨੁਸਾਰ ਪਹਿਲੀ ਜਨਵਰੀ 1998 ਤੋਂ 22 ਅਪਰੈਲ 2003 ਤੱਕ ਵਿਧਾਇਕਾਂ ਨੂੰ ਨਿਸ਼ਚਿਤ ਭੱਤਾ 250 ਰੁਪਏ ਪ੍ਰਤੀ ਮਹੀਨਾ ਮਿਲਦਾ ਰਿਹਾ ਹੈ। ਉਸ ਮਗਰੋਂ ਪੰਜਾਬ ਸਰਕਾਰ ਨੇ 20 ਫਰਵਰੀ 2004 ਨੂੰ ਵਿਧਾਇਕਾਂ ਨੂੰ ਖੁੱਲ੍ਹਾ ਮੈਡੀਕਲ ਭੱਤਾ ਦੇਣ ਦਾ ਫ਼ੈਸਲਾ ਲਿਆ ਸੀ। ਵਿਧਾਇਕਾਂ ਅਤੇ ਸਾਬਕਾ ਵਿਧਾਇਕਾਂ ਦੇ ਇਲਾਜ ਲਈ ਇਸ ਐਕਟ ਤਹਿਤ ਮੈਡੀਕਲ ਖ਼ਰਚੇ ਦੀ ਕੋਈ ਸੀਮਾ ਨਹੀਂ ਹੈ। ਇਸ ਐਕਟ ਤਹਿਤ ਮੌਜੂਦਾ ਸਮੇਂ ਹਰ ਵਿਧਾਇਕ ਅਤੇ ਉਸ ਦੇ ਚਾਰ ਆਸ਼ਰਿਤ ਪਰਵਾਰਿਕ ਮੈਂਬਰ ਵੀ ਮੈਡੀਕਲ ਭੱਤਾ ਲੈਣ ਦੇ ਹੱਕਦਾਰ ਹਨ। 'ਆਪ' ਸਰਕਾਰ ਦੇ ਕਾਰਜਕਾਲ ਦੇ ਪਹਿਲੇ ਤਿੰਨ ਵਰ੍ਹਿਆਂ ਦੌਰਾਨ ਵਿਧਾਇਕ 66.38 ਲੱਖ ਰੁਪਏ ਦਾ ਮੈਡੀਕਲ ਖ਼ਰਚ ਵਸੂਲ ਚੁੱਕੇ ਹਨ, ਜੋ ਸਾਲਾਨਾ ਔਸਤਨ 22 ਲੱਖ ਰੁਪਏ ਬਣਦਾ ਹੈ। ਸਾਲ 2007-08 ਤੋਂ 2018-19 ਤੱਕ ਵਿਧਾਇਕਾਂ ਦਾ ਔਸਤਨ ਸਾਲਾਨਾ ਮੈਡੀਕਲ ਖਰਚਾ 56.72 ਲੱਖ ਰੁਪਏ ਹੈ। ਸਾਲ 2012-13 ਤੋਂ 2021-22 ਤੱਕ ਦਾ ਵਿਧਾਇਕਾਂ ਦਾ ਮੈਡੀਕਲ ਬਿੱਲ ਸਾਲਾਨਾ ਔਸਤਨ 28.77 ਲੱਖ ਰੁਪਏ ਰਿਹਾ ਹੈ। ਕੈਬਨਿਟ ਵਜ਼ੀਰਾਂ ਨੂੰ 'ਪੰਜਾਬ ਸਟੇਟ ਲੈਜਿਸਲੇਚਰ ਆਫੀਸਰਜ਼, ਮਨਿਸਟਰਸ਼ ਐਂਡ ਮੈਂਬਰਜ਼ (ਮੈਡੀਕਲ ਫੈਸਿਲਟੀਜ਼) ਰੂਲਜ਼-1966' ਤਹਿਤ ਮੈਡੀਕਲ ਖ਼ਰਚੇ ਦੀ ਪ੍ਰਤੀ ਪੂਰਤੀ ਕੀਤੀ ਜਾਂਦੀ ਹੈ। ਵਿਧਾਇਕਾਂ ਅਤੇ ਵਜ਼ੀਰਾਂ ਨੂੰ ਵੱਖ-ਵੱਖ ਕਾਨੂੰਨਾਂ ਤਹਿਤ ਮੈਡੀਕਲ ਭੱਤਾ ਮਿਲਦਾ ਹੈ। ਕਾਂਗਰਸ ਸਰਕਾਰ ਸਮੇਂ ਪੰਜਾਬ ਕੈਬਨਿਟ ਨੇ 18 ਮਾਰਚ 2017 ਨੂੰ ਫ਼ੈਸਲਾ ਕੀਤਾ ਸੀ ਕਿ ਵਿਧਾਇਕਾਂ/ਵਜ਼ੀਰਾਂ ਦਾ ਮੈਡੀਕਲ ਖਰਚਾ 'ਸਿਹਤ ਬੀਮਾ ਸਕੀਮ' ਦੇ ਜ਼ਰੀਏ ਕੀਤਾ ਜਾਵੇ ਤਾਂ ਜੋ ਖ਼ਜ਼ਾਨੇ 'ਤੇ ਵਿੱਤੀ ਬੋਝ ਨੂੰ ਘਟਾਇਆ ਜਾ ਸਕੇ। ਜਦੋਂ ਅਮਰਿੰਦਰ ਸਰਕਾਰ ਦੇ ਆਖ਼ਰੀ ਦਿਨਾਂ ਤੱਕ ਕੈਬਨਿਟ ਵਜ਼ੀਰਾਂ ਬਾਰੇ ਕੋਈ ਬੀਮਾ ਸਕੀਮ ਦਾ ਅੰਤਿਮ ਫ਼ੈਸਲਾ ਨਾ ਹੋ ਸਕਿਆ ਤਾਂ ਵਜ਼ੀਰਾਂ ਦੇ ਮੈਡੀਕਲ ਖ਼ਰਚੇ ਦੀ ਪੂਰਤੀ ਵਿਧਾਇਕਾਂ ਵਾਂਗ ਕਰਨ 'ਤੇ ਮੁੜ ਮੋਹਰ ਲਗਾ ਦਿੱਤੀ ਗਈ। 'ਆਪ' ਸਰਕਾਰ ਦੇ ਸੱਤਾ ਵਿੱਚ ਆਉਣ 'ਤੇ ਮੈਡੀਕਲ ਖ਼ਰਚੇ ਸਬੰਧੀ ਦੂਸਰੇ ਸੂਬਿਆਂ ਦਾ ਪੈਟਰਨ ਘੋਖਣ ਦਾ ਫ਼ੈਸਲਾ ਕੀਤਾ ਗਿਆ ਸੀ। ਪੰਜਾਬ ਵਿਧਾਨ ਸਭਾ ਸਕੱਤਰੇਤ ਵਿਚਲੇ ਸੂਤਰ ਆਖਦੇ ਹਨ ਕਿ ਮੁੱਖ ਮੰਤਰੀ ਸਿਹਤ ਯੋਜਨਾ ਵਿਧਾਇਕਾਂ/ਸਾਬਕਾ ਵਿਧਾਇਕਾਂ 'ਤੇ ਲਾਗੂ ਹੋਵੇਗੀ। ਇਸ ਬਾਰੇ ਸਕੱਤਰੇਤ ਨੂੰ ਹਾਲੇ ਤੱਕ ਕੋਈ ਪੱਤਰ ਪੰਜਾਬ ਸਰਕਾਰ ਤਰਫ਼ੋਂ ਪ੍ਰਾਪਤ ਨਹੀਂ ਹੋਇਆ ਹੈ। 'ਮੁੱਖ ਮੰਤਰੀ ਸਿਹਤ ਯੋਜਨਾ' ਲਾਗੂ ਹੋਣ ਮਗਰੋਂ ਵੀ ਵਿਧਾਇਕਾਂ ਦੇ ਮੈਡੀਕਲ ਬਿੱਲ ਵਿਧਾਨ ਸਭਾ ਸਕੱਤਰੇਤ ਨੂੰ ਪ੍ਰਾਪਤ ਹੋ ਰਹੇ ਹਨ।

#### 'ਸਾਬਕਾ ਤੇ ਮੌਜੂਦਾ ਵਿਧਾਇਕ ਲੈ ਸਕਦੇ ਨੇ ਯੋਜਨਾ ਦਾ ਲਾਭ'

ਸਿਹਤ ਵਿਭਾਗ ਦੇ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਵਿਧਾਇਕਾਂ/ਸਾਬਕਾ ਵਿਧਾਇਕਾਂ ਦੇ ਮੈਡੀਕਲ ਇਲਾਜ ਲਈ ਪਹਿਲਾਂ ਹੀ ਵਿਧਾਨ ਸਭਾ ਤੋਂ ਮੈਡੀਕਲ ਬਿੱਲਾਂ ਦੀ ਅਦਾਇਗੀ ਲੈਣ ਦੀ ਵਿਵਸਥਾ ਹੈ ਅਤੇ ਵਿਧਾਇਕ ਸੂਚੀਬੱਧ ਕੀਤੇ ਕਰੀਬ ਦਰਜਨ ਹਸਪਤਾਲਾਂ ਵਿੱਚੋਂ ਆਪਣਾ ਇਲਾਜ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਵਿਧਾਇਕਾਂ ਅਤੇ ਸਾਬਕਾ ਵਿਧਾਇਕਾਂ ਦੀ ਇੱਛਾ ਹੈ ਕਿ ਜੇ ਉਹ ਚਾਹੁਣ ਤਾਂ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਮੈਡੀਕਲ ਇਲਾਜ ਕਰਵਾ ਸਕਦੇ ਹਨ।

## ਕੁਝ ਨਹੀਂ ਬਦਲਿਆ, ਭਾਰਤ ਟੈਰਿਫ ਅਦਾ ਕਰੇਗਾ-ਟਰੰਪ

### ਕਿਹਾ, ਟੈਰਿਫਾਂ 'ਤੇ ਸੁਪਰੀਮ ਕੋਰਟ ਦਾ ਫੈਸਲਾ ਬਹੁਤ ਨਿਰਾਸ਼ਾਜਨਕ ਹੈ

ਵਾਸ਼ਿੰਗਟਨ (ਏਜੰਸੀ)



ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਉਨ੍ਹਾਂ ਦੇ ਵਿਆਪਕ ਟੈਰਿਫਾਂ ਦੇ ਖ਼ਿਲਾਫ਼ ਸੁਪਰੀਮ ਕੋਰਟ ਦੇ ਫੈਸਲੇ ਦੇ ਮੱਦੇਨਜ਼ਰ ਭਾਰਤ ਨਾਲ ਵਪਾਰਕ ਸਮਝੌਤੇ ਵਿੱਚ ਕੁਝ ਵੀ ਨਹੀਂ ਬਦਲਿਆ ਹੈ,ਕਿਉਂਕਿ ਉਨ੍ਹਾਂ ਨੇ ਅਮਰੀਕਾ ਵਿੱਚ ਆਯਾਤ ਕੀਤੀਆਂ ਜਾਣ ਵਾਲੀਆਂ ਵਸਤੂਆਂ 'ਤੇ ਵਾਧੂ 10 ਫੀਸਦੀ ਵਿਸ਼ਵਵਿਆਪੀ ਲੇਵੀ ਲਗਾਉਣ ਦਾ ਐਲਾਨ ਕਰਕੇ ਫੈਸਲੇ ਦਾ ਜਵਾਬ ਦਿੱਤਾ। ਟਰੰਪ ਦੇ ਦੂਜੇ ਕਾਰਜਕਾਲ ਦੇ ਮਹੱਤਵਪੂਰਨ ਆਰਥਿਕ ਏਜੰਡੇ ਲਈ ਇੱਕ ਵੱਡੇ ਝਟਕੇ ਵਜੋਂ,ਅਮਰੀਕੀ ਸੁਪਰੀਮ ਕੋਰਟ ਨੇ ਮੁੱਖ ਜੱਜ ਜੌਨ ਰੌਬਰਟਸ ਦੁਆਰਾ ਲਿਖੇ 6-3 ਦੇ ਫੈਸਲੇ ਵਿੱਚ ਕਿਹਾ ਕਿ ਦੁਨੀਆ ਭਰ ਦੇ ਦੇਸ਼ਾਂ 'ਤੇ ਟਰੰਪ ਦੁਆਰਾ ਲਗਾਏ ਗਏ ਟੈਰਿਫ ਗੈਰ-ਕਾਨੂੰਨੀ ਸਨ ਅਤੇ ਰਾਸ਼ਟਰਪਤੀ ਨੇ ਆਪਣੀ ਅਥਾਰਟੀ ਦੀ ਉਲੰਘਣਾ ਕੀਤੀ ਸੀ ਜਦੋਂ ਉਨ੍ਹਾਂ ਨੇ ਇਹ ਵਿਆਪਕ ਟੈਰਿਫ ਲਗਾਏ ਸਨ। ਟਰੰਪ ਨੇ ਉਨ੍ਹਾਂ ਸੁਪਰੀਮ ਕੋਰਟ ਦੇ ਜੱਜਾਂ 'ਤੇ ਨਿਸ਼ਾਨਾ ਸਾਧਿਆ ਜਿਨ੍ਹਾਂ ਨੇ ਉਨ੍ਹਾਂ ਦੇ ਖ਼ਿਲਾਫ਼ ਫੈਸਲਾ ਸੁਣਾਇਆ,ਉਨ੍ਹਾਂ ਨੂੰ ਮੂਰਖ ਅਤੇ ਚਾਪਲੂਸ ਕਿਹਾ। ਫੈਸਲਾ ਆਉਣ ਤੋਂ ਕੁਝ ਘੰਟਿਆਂ ਬਾਅਦ ਸ਼ੁੱਕਰਵਾਰ ਨੂੰ ਵ੍ਹਾਈਟ ਹਾਊਸ ਵਿਚ ਇਕ ਨਿਊਜ਼ ਕਾਨਫਰੰਸ ਵਿਚ ਟਰੰਪ ਨੇ ਕਿਹਾ, ਟੈਰਿਫਾਂ 'ਤੇ ਸੁਪਰੀਮ ਕੋਰਟ ਦਾ ਫੈਸਲਾ ਬਹੁਤ ਨਿਰਾਸ਼ਾਜਨਕ ਹੈ,ਅਤੇ ਮੈਨੂੰ ਅਦਾਲਤ ਦੇ ਕੁਝ ਮੈਂਬਰਾਂ 'ਤੇ ਸ਼ਰਮ ਆਉਂਦੀ ਹੈ,ਸਾਡੇ ਦੇਸ਼ ਲਈ ਜੋ ਸਹੀ ਹੈ ਉਹ ਕਰਨ ਦੀ ਹਿੰਮਤ ਨਾ ਦਿਖਾਉਣ ਲਈ ਬਿਲਕੁਲ ਸ਼ਰਮ ਆਉਂਦੀ ਹੈ।




## ਐਕਸਪੋ ਹਾਲ ਅੱਗੇ ਪ੍ਰਦਰਸ਼ਨ, ਚਾਰ ਯੂਥ ਕਾਂਗਰਸੀ ਵਰਕਰ ਗ੍ਰਿਫ਼ਤਾਰ

### ਪੁਲੀਸ ਨੇ ਵਡੇਰੀ ਸਾਜ਼ਿਸ਼ ਦੇ ਪਹਿਲੂ ਤੋਂ ਜਾਂਚ ਵਿੱਢੀ; ਹਾਲਾਂ ਅੰਦਰ ਸੁਰੱਖਿਆ ਵਧਾਈ

ਨਵੀਂ ਦਿੱਲੀ (ਏਜੰਸੀ)

ਦਿੱਲੀ ਪੁਲੀਸ ਨੇ ਏ ਆਈ ਇੰਪੈਕਟ ਸੰਮੇਲਨ ਦੌਰਾਨ ਨੁਮਾਇਸ਼ ਹਾਲ ਦੇ ਬਾਹਰ ਮੁਜ਼ਾਹਰਾ ਕਰਨ ਦੇ ਦੋਸ਼ ਵਿਚ ਭਾਰਤੀ ਯੂਥ ਕਾਂਗਰਸ (ਆਈ ਵਾਈ ਸੀ) ਦੇ ਚਾਰ ਵਰਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਨੇ ਵੱਡੀ ਸਾਜ਼ਿਸ਼ ਦੇ ਪਹਿਲੂ ਤੋਂ ਕੇਸ ਦੀ ਜਾਂਚ ਵਿੱਢ ਦਿੱਤੀ ਹੈ। ਇਸ ਤੋਂ ਪਹਿਲਾਂ ਪੁਲੀਸ ਨੇ ਨੁਮਾਇਸ਼ ਹਾਲ ਦੇ ਬਾਹਰ 'ਟੀ-ਸ਼ਰਟਾਂ ਲਾਹ ਕੇ' ਕੀਤੇ ਪ੍ਰਦਰਸ਼ਨ ਲਈ ਕਰੀਬ 15 ਯੂਥ ਕਾਂਗਰਸੀ ਵਰਕਰਾਂ ਨੂੰ ਹਿਰਾਸਤ ਵਿੱਚ ਲਿਆ ਸੀ। ਟੀ-ਸ਼ਰਟਾਂ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀਆਂ ਤਸਵੀਰਾਂ ਛਪੀਆਂ ਸਨ ਤੇ ਇਨ੍ਹਾਂ 'ਤੇ ਸਰਕਾਰ ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੋਧੀ ਨਾਅਰੇ ਲਿਖੇ ਸਨ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਬਿਹਾਰ ਤੋਂ ਯੂਥ ਕਾਂਗਰਸ ਦੇ ਕੌਮੀ ਸਕੱਤਰ ਕ੍ਰਿਸ਼ਨਾ ਹਰੀ, ਬਿਹਾਰ ਦੇ ਸੂਬਾ ਸਕੱਤਰ ਕੁੰਦਨ, ਯੂ ਪੀ ਦੇ ਸੂਬਾਈ ਪ੍ਰਧਾਨ ਅਜੈ ਕੁਮਾਰ ਤੇ ਤਿਲੰਗਾਨਾ ਦੇ ਨਰਸਿਮ੍ਹਾ ਯਾਦਵ ਵਜੋਂ ਹੋਈ ਹੈ। ਪੁਲੀਸ ਨੇ ਕਿਹਾ ਕਿ ਚਾਰਾਂ ਮੁਲਜ਼ਮਾਂ ਨੂੰ ਪਟਿਆਲਾ

## ਅਮਰੀਕੀ ਵਪਾਰ ਸਮਝੌਤੇ ਨਾਲ ਭਾਰਤ 'ਡੇਟਾ ਕਲੋਨੀ' ਬਣੇਗਾ : ਰਾਹੁਲ ਗਾਂਧੀ

ਨਵੀਂ ਦਿੱਲੀ (ਏਜੰਸੀ)



ਕਾਂਗਰਸ ਆਗੂ ਰਾਹੁਲ ਗਾਂਧੀ ਨੇ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਦੇ ਹਵਾਲੇ ਨਾਲ ਅੱਜ ਸਰਕਾਰ ਨੂੰ ਮੁੜ ਘੇਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਜਿਹੇ ਸੌਦੇ ਲਈ ਗੋਡੇ ਕਿਉਂ ਟੇਕੇ, ਜਿੱਥੇ ਭਾਰਤ ਨੂੰ ਇੰਨਾ ਕੁਝ ਦੇਣ ਦੇ ਬਾਵਜੂਦ ਵੱਟੇ 'ਚ ਬਹੁਤ ਘੱਟ ਮਿਲਦਾ ਹੈ। ਇਸ ਸਮਝੌਤੇ ਨਾਲ ਭਾਰਤ 'ਡੇਟਾ ਕਲੋਨੀ' ਬਣ ਕੇ ਰਹਿ ਜਾਵੇਗਾ। ਗਾਂਧੀ ਨੇ ਐਕਸ 'ਤੇ ਵੀਡੀਓ ਵਿੱਚ ਸੰਸਦ 'ਚ ਆਪਣੀ ਹਾਲੀਆ ਤਕਰੀਰ ਦਾ ਹਵਾਲਾ ਦਿੱਤਾ ਹੈ, ਜਿੱਥੇ ਉਨ੍ਹਾਂ ਜਿਉ-ਜਿਤਸੁ ਦੀ ਮਿਸਾਲ ਦਿੱਤੀ। ਗਾਂਧੀ ਨੇ ਕਿਹਾ, "ਅਮਰੀਕਾ ਤੇ ਚੀਨ ਅੱਗੇ ਗੋਡੇ ਟੇਕਣ ਦੀ ਇਸ ਸ਼ਰਮਨਾਕ ਕਾਰਵਾਈ ਦਾ ਜਵਾਬ ਪ੍ਰਧਾਨ ਮੰਤਰੀ 'ਤੇ ਬਣਾਈ 'ਪਕੜ' ਤੇ 'ਘੁੱਟ' ਵਿਚ ਲੁਕਿਆ ਹੈ।" ਗਾਂਧੀ ਨੇ ਕਿਹਾ ਕਿ ਇਕ ਪਾਸੇ ਅਮਰੀਕਾ ਵਿੱਚ ਕਾਰੋਬਾਰੀ ਗੌਤਮ ਅਡਾਨੀ ਖ਼ਿਲਾਫ਼ ਕੇਸ ਤੇ ਦੂਜੇ ਪਾਸੇ ਐਪਸਟੀਨ ਘੁਟਾਲਾ ਹੈ। ਉਨ੍ਹਾਂ ਕਿਹਾ, "30 ਲੱਖ ਫਾਈਲਾਂ ਰਿਲੀਜ਼ ਨਹੀਂ ਕੀਤੀਆਂ ਗਈਆਂ। ਸਾਨੂੰ ਸਾਰਿਆਂ ਨੂੰ ਪਤਾ ਹੈ ਕਿ (ਕੇਂਦਰੀ ਮੰਤਰੀ) ਹਰਦੀਪ ਪੁਰੀ ਦਾ ਨਾਮ ਫਾਈਲਾਂ ਵਿੱਚ ਹੈ। ਸਾਨੂੰ ਪਤਾ ਹੈ ਕਿ ਅਨਿਲ ਅੰਬਾਨੀ ਫਾਈਲਾਂ ਵਿੱਚ ਸ਼ਾਮਲ ਹੈ ਤੇ ਸਾਨੂੰ ਇਹ ਵੀ ਪਤਾ ਹੈ ਕਿ ਪ੍ਰਧਾਨ ਮੰਤਰੀ ਦਾ ਨਾਮ ਵੀ ਸਾਹਮਣੇ ਆਇਆ ਹੈ ਤੇ ਪੀ ਐੱਮ ਦੀ ਵੀ ਫਾਈਲਾਂ 'ਚ ਸ਼ਮੂਲੀਅਤ ਦੀ ਵੱਡੀ ਸੰਭਾਵਨਾ ਹੈ।" ਗਾਂਧੀ ਨੇ ਸਾਬਕਾ ਫੌਜ ਮੁਖੀ ਐੱਮ ਐੱਮ ਨਰਵਣੇ ਦੀ ਪੁਸਤਕ(ਜੋ ਰਿਲੀਜ਼ ਨਹੀਂ ਹੋਈ) ਦੇ ਹਵਾਲੇ ਨਾਲ ਕਿਹਾ, "ਇਕ ਪਾਸੇ ਚੀਨ ਹੈ, ਜੋ ਸਾਡੀ ਸਰਹੱਦ 'ਤੇ ਬੈਠਾ ਹੈ, ਤੇ ਦੂਜੇ ਪਾਸੇ ਅਮਰੀਕਾ ਹੈ। ਸਾਡੇ ਪ੍ਰਧਾਨ ਮੰਤਰੀ ਇਨ੍ਹਾਂ ਦੋਵਾਂ ਦੀ ਪਕੜ ਵਿੱਚ ਫਸ ਕੇ ਰਹਿ ਗਏ ਹਨ।"

### ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਚੀਨ ਤੇ ਅਮਰੀਕਾ ਦੇ ਦਬਾਅ 'ਚ ਹੋਣ ਦਾ ਮੁੜ ਕੀਤਾ ਦਾਅਵਾ

## ਹਰਜੋਤ ਬੈਂਸ ਨੇ ਇੰਡੀਆ ਏ.ਆਈ. ਇੰਪੈਕਟ ਐਕਸਪੋ 'ਚ ਪੰਜਾਬ ਦੇ ਸਕੂਲਾਂ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਤ ਸੰਭਾਵਨਾਵਾਂ ਨੂੰ ਤਲਾਸ਼ਿਆ

### ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਉੱਨਤ ਏ.ਆਈ. ਤਕਨੀਕਾਂ ਦੇ ਨਾਲ ਸਿੱਖਿਆ ਦੇ ਭਵਿੱਖ ਬਾਰੇ ਵੀ ਕੀਤੀ ਚਰਚਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ




ਚੰਡੀਗੜ੍ਹ/ ਨਵੀਂ ਦਿੱਲੀ, 20 ਫਰਵਰੀ:- ਸੂਬੇ ਦੇ ਵਿੱਦਿਅਕ ਢਾਂਚੇ ਦੇ ਭਵਿੱਖ ਨੂੰ ਤਕਨਾਲੋਜੀ ਪੱਖੋਂ ਹੋਰ ਨਿਪੁੰਨ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਸਕੂਲ ਸਿੱਖਿਆ ਵਿਭਾਗ ਦਾ ਉੱਚ-ਪੱਧਰੀ ਵਫ਼ਦ ਅੱਜ ਭਾਰਤ ਮੰਡਪਮ, ਨਵੀਂ ਦਿੱਲੀ ਵਿਖੇ ਇੰਡੀਆ ਏ.ਆਈ. ਇੰਪੈਕਟ ਐਕਸਪੋ 2026 ਵਿੱਚ ਸ਼ਾਮਲ ਹੋਇਆ, ਜਿੱਥੇ ਉਨ੍ਹਾਂ ਨੇ ਸੂਬੇ ਦੇ ਵਿਸ਼ਾਲ ਸਕੂਲੀ ਢਾਂਚੇ ਲਈ ਮਨਸੂਈ ਬੌਧਿਕਤਾ ਅਧਾਰਤ ਵਿਸਥਾਰਤ ਸੰਭਾਵਨਾਵਾਂ ਅਤੇ ਸਿੱਖਿਆ ਦੇ ਹੋਰ ਉਸਾਰੂ ਨਤੀਜਿਆਂ ਵਾਸਤੇ ਸਮਾਧਾਨ ਤਲਾਸ਼ਣ ਲਈ ਵਿਸ਼ਵ ਪੱਧਰੀ ਤਕਨੀਕੀ ਖੇਤਰ ਦੇ ਦਿੱਗਜਾਂ ਅਤੇ ਕੇਂਦਰ ਸਰਕਾਰ ਦੇ ਅਦਾਰਿਆਂ ਨਾਲ ਲੜੀਵਾਰ ਰਣਨੀਤਕ ਵਿਚਾਰ-ਵਟਾਂਦਰਿਆਂ 'ਚ ਹਿੱਸਾ ਲਿਆ। ਪ੍ਰਦਰਸ਼ਨੀ ਹਾਲਾਂ ਦੇ ਵਿਆਪਕ ਦੌਰੇ, ਜਿਸ ਮੌਕੇ ਉਨ੍ਹਾਂ ਨਾਲ ਸਕੂਲ ਸਿੱਖਿਆ ਦੇ ਸਕੱਤਰ ਸੋਨਾਲੀ ਗਿਰਿ, ਪੀ.ਐਸ.ਈ.ਬੀ. ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਅਤੇ ਡੀ.ਜੀ.ਐਸ.ਈ ਸ੍ਰੀ ਅਰਵਿੰਦ ਵੀ ਮੌਜੂਦ ਸਨ, ਦੌਰਾਨ ਸਿੱਖਿਆ ਮੰਤਰੀ ਨੇ ਗੂਗਲ, ਡੇਲੋਇਟ, ਇੰਟੈਲ, ਓਪਨ ਏਆਈ, ਨਵੀਡੀਆ ਅਤੇ ਡੈਲ ਸਮੇਤ ਪ੍ਰਮੁੱਖ ਵਿਸ਼ਵ ਤਕਨਾਲੋਜੀ ਫਰਮਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਉੱਨਤ ਏਆਈ ਤਕਨੀਕਾਂ ਅਪਨਾਉਣ ਵੱਲ ਵਿਸ਼ੇਸ਼ ਧਿਆਨ ਦੇ ਨਾਲ ਭਵਿੱਖ ਦੀ ਸਿੱਖਿਆ ਬਾਰੇ ਵਿਚਾਰ-ਚਰਚਾ ਕੀਤੀ। ਇਸ ਦੌਰਾਨ ਵਫ਼ਦ ਨੇ ਇਲੈਕਟ੍ਰਾਨਿਕਸ ਤੇ ਸੂਚਨਾ ਤਕਨਾਲੋਜੀ ਅਤੇ ਸਿੱਖਿਆ ਮੰਤਰਾਲੇ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਅਤੇ ਦੇਸ਼ ਦੀ ਏਆਈ ਰਣਨੀਤੀ, ਡਿਜੀਟਲ ਜਨਤਕ ਬੁਨਿਆਦੀ ਢਾਂਚੇ ਅਤੇ ਗਵਰਨੈਂਸ ਮਾਡਲਾਂ, ਜੋ ਪੰਜਾਬ ਦੇ ਕਲਾਸਰੂਮਾਂ ਲਈ ਅਨੁਕੂਲ ਹੋ ਸਕਦੇ ਹਨ, ਬਾਰੇ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਸਿੱਖਿਆ ਮੰਤਰੀ ਨੇ ਸਿੱਖਿਆ ਅਤੇ ਏ.ਆਈ. ਈਕੋਸਿਸਟਮ ਵਿੱਚ ਮੋਹਰੀ ਕੰਪਨੀਆਂ, ਜਿਨ੍ਹਾਂ ਵਿੱਚ ਵਾਧਵਾਨੀ ਏਆਈ, ਜੀਐਨਏਐਨਆਈ.ਏਆਈ ਅਤੇ ਬੋਧ ਏਆਈ ਸ਼ਾਮਲ ਹਨ, ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਵੀ ਕੀਤਾ। ਇਹ ਵਿਚਾਰ-ਵਟਾਂਦਰਾ ਏਆਈ-ਸਮਰੱਥ ਸਕੂਲ ਸਿੱਖਿਆ ਐਪਲੀਕੇਸ਼ਨਾਂ 'ਤੇ ਕੇਂਦ੍ਰਿਤ ਸੀ, ਜਿਸ ਵਿੱਚ ਵਿਅਕਤੀਗਤ ਅਨੁਕੂਲ ਸਿਖਲਾਈ (ਪੀ.ਏ.ਐਲ.), ਬੁਨਿਆਦੀ ਸਾਖ਼ਰਤਾ ਅਤੇ ਗਣਿਤ ਸਿੱਖਿਆ (ਐਫਐਲਐਨ), ਏਆਈ-ਸਮਰਥਿਤ ਮੁਲਾਂਕਣ, ਬਹੁ-ਭਾਸ਼ਾਈ ਸਿਖਲਾਈ ਟੂਲਜ਼, ਅਧਿਆਪਕ ਸਹਾਇਤਾ ਅਤੇ ਮਜ਼ਬੂਤ ਸ਼ਾਸਨ ਅਤੇ ਬੁਨਿਆਦੀ ਢਾਂਚੇ ਦੀ ਨਿਗਰਾਨੀ ਲਈ ਸਮਾਂ-ਅਧਾਰਤ ਨਿਗਰਾਨ ਪ੍ਰਣਾਲੀਆਂ ਦੇ ਵਿਸ਼ਲੇਸ਼ਣ ਬਾਰੇ ਚਰਚਾ ਕੀਤੀ ਗਈ। ਸ. ਹਰਜੋਤ ਸਿੰਘ ਬੈਂਸ ਨੇ ਐਕਸਪੋ ਵਿਖੇ ਪੰਜਾਬ ਸਟਾਰਟਅੱਪ ਪੈਵੇਲੀਅਨ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਪੰਜਾਬ ਸਰਕਾਰ ਦੇ ਪ੍ਰੋਗਰਾਮਾਂ ਅਧੀਨ ਤਿਆਰ ਕੀਤੇ ਗਏ ਕਈ ਖਾਸ, ਖੇਤਰ-ਵਿਸ਼ੇਸ਼ ਏਆਈ ਸਟਾਰਟਅੱਪਸ ਨਾਲ ਗੱਲਬਾਤ ਕੀਤੀ, ਜੋ ਵਿਦਿਅਕ ਤਕਨਾਲੋਜੀ ਨਵੀਨਤਾ ਦੇ ਖੇਤਰ ਵਿੱਚ ਇੱਕ ਧੁਰੇ ਵਜੋਂ ਉਭਰ ਰਹੇ ਪੰਜਾਬ ਨੂੰ ਉਜਾਗਰ ਕਰਦੇ ਹਨ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਦੌਰਾ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਭਵਿੱਖ ਦੇ ਸਾਧਨਾਂ ਨਾਲ ਲੈਸ ਕਰਨ ਵਿੱਚ ਮਦਦ ਕਰੇਗਾ। ਐਨਵੀਆਈਡੀਆਈ (ਨਵੀਡੀਆ), ਗੂਗਲ, ਅਤੇ ਓਪਨ ਏਆਈ ਵਰਗੀਆਂ ਆਲਮੀ ਕੰਪਨੀਆਂ ਨਾਲ ਚੱਲ ਰਹੀ ਸਾਡੀ ਵਿਚਾਰ-ਚਰਚਾ ਅਤੇ ਸਾਡੇ ਘਰੇਲੂ ਸਟਾਰਟਅੱਪਸ ਨੇ ਸਾਨੂੰ ਇੱਕ ਸਪੱਸ਼ਟ ਭਵਿੱਖੀ ਦਿਸ਼ਾ ਦਿੱਤੀ ਹੈ। ਅਸੀਂ ਹੁਣ ਵਿਸ਼ੇਸ਼ ਤੌਰ 'ਤੇ ਵਿਅਕਤੀਗਤ ਅਨੁਕੂਲ ਸਿਖਲਾਈ ਅਤੇ ਏਆਈ ਰਾਹੀਂ ਫਾਊਂਡੇਸ਼ਨ ਲਿਟ੍ਰੇਸੀ ਅਤੇ ਨਿਊਮਰੇਸੀ ਨੂੰ ਮਜ਼ਬੂਤ ਕਰਨ 'ਤੇ ਕੇਂਦ੍ਰਿਤ ਹਾਂ। ਇਹਨਾਂ ਤਕਨਾਲੋਜੀਆਂ ਨੂੰ ਐਮਈਆਈਟੀਵਾਈ ਅਤੇ ਸਿੱਖਿਆ ਮੰਤਰਾਲੇ ਵੱਲੋਂ ਸਾਂਝੇ ਕੀਤੇ ਗਏ ਮਜ਼ਬੂਤ ਨੀਤੀਗਤ ਢਾਂਚੇ ਨਾਲ ਜੋੜ ਕੇ, ਅਸੀਂ ਅਜਿਹਾ ਮਾਡਲ ਤਿਆਰ ਕਰਾਂਗੇ ਜਿੱਥੇ ਤਕਨਾਲੋਜੀ ਸਾਡੇ ਅਧਿਆਪਕਾਂ ਲਈ ਇੱਕ ਸਾਰਥਕ ਸਾਧਨ ਅਤੇ ਪੰਜਾਬ ਦੇ ਹਰੇਕ ਵਿਦਿਆਰਥੀ ਲਈ ਇੱਕ ਵਿਅਕਤੀਗਤ ਗਾਈਡ ਵਜੋਂ ਕੰਮ ਕਰੇਗੀ।

## ਮਾਨ ਸਰਕਾਰ ਕਿਸਾਨਾਂ ਨੂੰ ਬੀਜ ਤੋਂ ਬਾਜ਼ਾਰ ਤੱਕ ਪੂਰਾ ਸਹਿਯੋਗ ਦੇ ਰਹੀ ਹੈ : ਮੋਹਿੰਦਰ ਭਗਤ

### ਸੂਬਾ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਹਨਾਂ ਦੀ ਭਲਾਈ ਲਈ ਵਚਨਬੱਧ

ਮਨਦੀਪ ਕੌਰ



ਚੰਡੀਗੜ੍ਹ, ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਸ਼ੁੱਕਰਵਾਰ ਨੂੰ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਅਤੇ ਬਾਗ਼ਬਾਨੀ ਨੂੰ ਲਾਭਕਾਰੀ ਬਣਾਉਣ ਲਈ ਕਿਸਾਨਾਂ ਨੂੰ ਬੀਜ ਤੋਂ ਲੈ ਕੇ ਬਾਜ਼ਾਰ ਤੱਕ ਹਰ ਪੱਧਰ 'ਤੇ ਸੰਪੂਰਨ ਸਹਿਯੋਗ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੀ ਬੀਜ ਸਮੱਗਰੀ, ਤਕਨੀਕੀ ਸਲਾਹ, ਆਧੁਨਿਕ ਖੇਤੀ ਦੇ ਤਰੀਕੇ ਅਤੇ ਮਜ਼ਬੂਤ ਮਾਰਕੀਟ ਲਿੰਕੇਜ ਉਪਲਬਧ ਕਰਵਾਉਣ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਬਾਗ਼ਬਾਨੀ ਮੰਤਰੀ ਸ੍ਰੀ ਭਗਤ ਨੇ ਕਿਹਾ ਕਿ ਸਰਕਾਰ ਦੀਆਂ ਕਿਸਾਨ ਪੱਖੀ ਨੀਤੀਆਂ ਅਤੇ ਹਰ ਪੱਧਰ ਤੇ ਸੰਪੂਰਨ ਸਹਿਯੋਗ ਕਿਸਾਨਾਂ ਨੂੰ ਰਵਾਇਤੀ ਫਸਲਾਂ ਦੇ ਚੱਕਰ ਤੋਂ ਬਾਹਰ ਵੱਧ ਮੁੱਲ ਵਾਲੀਆਂ ਬਾਗਬਾਨੀ ਫਸਲਾਂ ਵੱਲ ਪ੍ਰੇਰਿਤ ਕਰ ਰਹੀਆਂ ਹਨ । ਉਨ੍ਹਾਂ ਦੱਸਿਆ ਕਿ ਫਲਾਂ, ਸਬਜ਼ੀਆਂ ਅਤੇ ਹੋਰ ਉੱਚ ਮੁੱਲ ਵਾਲੀਆਂ ਫਸਲਾਂ ਕਿਸਾਨਾਂ ਲਈ ਵੱਧ ਲਾਭਦਾਇਕ ਸਾਬਤ ਹੋ ਰਹੀਆਂ ਹਨ। ਇਸ ਦੇ ਨਾਲ ਹੀ ਪੋਸਟ-ਹਾਰਵੇਸਟ ਮੈਨੇਜਮੈਂਟ, ਕੋਲਡ ਚੇਨ, ਪੈਕਹਾਊਸ ਅਤੇ ਪ੍ਰੋਸੈਸਿੰਗ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਦਾ ਵਧੀਆ ਮੁੱਲ ਮਿਲ ਸਕੇ। ਮੰਤਰੀ ਨੇ ਕਿਹਾ ਕਿ ਫਸਲਾਂ ਦੀ ਵਿਭਿੰਨਤਾ ਸਮੇਂ ਦੀ ਲੋੜ ਹੈ ਅਤੇ ਇਸ ਨਾਲ ਨਾ ਸਿਰਫ਼ ਕਿਸਾਨਾਂ ਦੀ ਆਰਥਿਕ ਹਾਲਤ ਸੁਧਰੇਗੀ, ਸਗੋਂ ਮਿੱਟੀ ਦੀ ਸਿਹਤ ਅਤੇ ਜ਼ਮੀਨੀ ਪਾਣੀ ਦੀ ਸੰਭਾਲ ਵਿੱਚ ਵੀ ਮਦਦ ਮਿਲੇਗੀ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ।ਉਨ੍ਹਾ ਕਿਹਾ ਕਿ ਬਾਗਬਾਨੀ ਖੇਤਰ ਨੂੰ ਮਜ਼ਬੂਤ ਕਰਕੇ ਸੂਬੇ ਨੂੰ ਖੇਤੀਬਾੜੀ ਵਿੱਚ ਨਵੀਆਂ ਉਚਾਈਆਂ ਤੱਕ ਲੈ ਜਾਣ ਲਈ ਯਤਨ ਜਾਰੀ ਰਹਿਣਗੇ।

ADVERTISE YOUR BUSINESS HERE
+91-9878-55-2070

ਹਰਿਆਣਾ ਖਬਰਨਾਮਾ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE
Rni No Punpun 2015/60599
15-21 February 2026
ਕੀਮਤ : 5 ਰੁਪਏ

ADVERTISE YOUR BUSINESS HERE
+91-9878-55-2070

ਸਾਲ 2026 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

## ਐਨਸੀਐਲਟੀ ਅਤੇ ਕੋਰਟ ਆਦੇਸ਼ਾਂ ਦਾ ਜਰੂਰ ਕਰਨ ਰਜਿਸਟਰੇਸ਼ਣ

**ਐਫਸੀਆਰ ਡਾ. ਸੁਮਿਤਾ ਮਿਸ਼ਰਾ ਨੇ ਜਾਰੀ ਕੀਤੇ ਸਖਤ ਨਿਰਦੇਸ਼, ਪਾਲਣਾ ਨਾ ਕਰਨ ਵਾਲੇ ਅਧਿਕਾਰੀਆਂ ਦੇ ਖਿਲਾਫ ਹੋਵੇਗੀ ਅਨੁਸਾਸ਼ਨਾਤਮਕ ਕਾਰਵਾਈ**

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, - ਹਰਿਆਣਾ ਦੇ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਰਾਜ ਦੇ ਡਿਵੀਜਨਲ ਕਮਿਸ਼ਨਰ ਅਤੇ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਨੈਸ਼ਨ ਕੰਪਨੀ ਲਾ ਟ੍ਰਿਬਿਊਨਲ ਅਤੇ ਅਦਾਲਤ ਦੇ ਆਦੇਸ਼ਾਂ ਦਾ ਤੈਅ ਕਾਨੂੰਨੀ ਨਿਯਮਾਂ ਅਨੁਸਾਰ ਰਜਿਸਟਰੇਸ਼ਣ ਜਰੂਰ ਯਕੀਨੀ ਕਰਨ। ਡਾ. ਮਿਸ਼ਰਾ ਨੇ ਕਿਹਾ ਕਿ ਮੁੱਖ ਮਾਲ ਅਧਿਕਾਰੀ, ਸਬ-ਰਜਿਸਟਰਾਰ ਅਤੇ ਸੰਯੁਕਤ ਸਬ-ਰਜਿਸਟਰਾਰ ਨੂੰ ਨੈਸ਼ਨਲ ਕੰਪਨੀ ਟ੍ਰਿਬਿਊਨਲ ਅਤੇ ਕੋਰਟ ਦੇ ਆਦੇਸ਼ਾਂ ਦੇ ਰਜਿਸਟ ?ਰੇਸ਼ਣ ਦੇ ਸਬੰਧ ਵਿੱਚ 13 ਨਵੰਬਰ, 2013 ਨੂੰ ਪਹਿਲਾਂ ਦੇ ਜਾਰੀ ਨਿਰਦੇਸ਼ਾਂ ਅਤੇ 22 ਨਵੰਬਰ 2017 ਦੀ ਨੋਟੀਫਿਕੇਸ਼ਨ ਦਾ ਪਾਲਣ ਕਰਨਾ ਹੈ। ਉਨ੍ਹਾਂ ਨੇ ਦਸਿਆ ਕਿ ਨੈਸ਼ਨਲ ਕੰਪਨੀ ਟ੍ਰਿਬਿਊਨਲ ਦੇ ਆਦੇਸ਼ਾਂ ਨਾਲ ਜੁੜੇ ਮਾਮਲਿਆਂ ਵਿੱਚ ਇੰਡੀਅਨ ਸਟਾਂਪ ਐਕਟ, 1899 ਦੇ ਸ਼ੈਡੀਯੂਲ 1-ਏ ਦੇ ਆਰਟੀਕਲ 23-ਏ ਤਹਿਤ 1.5 ਫੀਸਦੀ ਦੀ ਦਰ ਨਾਲ ਸਟਾਂਪ ਡਿਊਟੀ ਲਗਦੀ ਹੈ, ਜਿਸ ਦੀ ਵੱਧ ਤੋਂ ਵੱਧ ਲਿਮਿਟ 7.5 ਕਰੋੜ ਰੁਪਏ ਹੈ। ਇਸੀ ਤਰ੍ਹਾ ਨੌਨ-ਬੋਨੀਫਾਇਡ ਕੋਰਟ ਦੇ ਆਦੇਸ਼ ਵੀ ਇਸੀ ਨਿਯਮ ਤਹਿਤ ਆਉਂਦੇ ਹਨ। ਇੰਨ੍ਹਾਂ ਕਾਨੂੰਨੀ ਨਿਯਮਾਂ ਦਾ ਪਾਲਣ ਕਰ ਕੇ ਸੂਬੇ ਦੇ ਖਜਾਨੇ 'ਤੇ ਸਟਾਂਪ ਡਿਊਟੀ ਮਾਲ ਵਧਾਇਆ ਜਾਣਾ ਹੈ। ਡਾ. ਮਿਸ਼ਰਾ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਇੰਡੀਆ ਸਟਾਂਪ ਐਕਟ ਦੇ ਨਿਯਮਾਂ ਦਾ ਸਖਤੀ ਨਾਲ ਪਾਲਣ ਯਕੀਨੀ ਕੀਤਾ ਜਾਵੇ ਅਤੇ ਅਜਿਹੇ ਮਾਮਲਿਆਂ ਵਿੱਚ ਬਿਨ੍ਹਾ ਕਿਸੇ ਛੋਟ ਦੇ ਸਹੀ ਸਟਾਂਪ ਡਿਊਟੀ ਦਾ ਮੁਲਾਂਕਣ ਅਤੇ ਰਜਿਸਟ ?ਰੇਸ਼ਣ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਅਚੱਲ ਸੰਪਤੀ ਦੇ ਟ ?ਰਾਂਸਫਰ ਨਾਲ ਜੁੜੇ ਕਈ ਮਾਮਲਿਆਂ ਵਿੱਚ ਅਦਾਲਤ ਵੱਲੋਂ ਜਾਰੀ ਸਟੇ ਆਡਰ ਸਬ-ਰਜਿਸਟਰਾਰ ਦੇ ਆਫਿਸ ਵਿੱਚ ਪਹੁੰਚਣ 'ਤੇ ਜਮ ?ਹਾਬੰਦੀ ਰਿਕਾਰਡ ਵਿੱਚ ਦਰਜ ਨਹੀਂ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਚੂਕ ਅਦਾਲਤ ਦੇ ਆਦੇਸ਼ਾਂ ਦਾ ਉਲੰਘਣ ਹੈ। ਇਸ ਲਈ, ਸਰਕਲ ਮਾਲ ਅਧਿਕਾਰੀ ਨੂੰ ਇਹ ਯਕੀਨੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਅਦਾਲਤ ਤੋਂ ਮਿਲਿਆ ਕੋਈ ਵੀ ਸਟੇ ਆਡਰ ਤੁਰੰਤ ਰੇਵੇਨਿਊ ਰਿਕਾਰਡ ਵਿੱਚ ਦਿਖਾਈ ਦਵੇ। ਵਿੱਤ ਕਮਿਸ਼ਨਰ ਮਾਲ ਨੇ ਸਾਰੇ ਡਿਵੀਜਨਲ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨੂੰ ਕਿਹਾ ਕਿ ਉਹ ਆਪਣੇ ਅਧੀਨ ਸਾਰੇ ਸੰਬੰਧਿਤ ਮਾਲ ਅਧਿਕਾਰੀਆਂ ਨੂੰ ਨਿਰਦੇਸ਼ ਦੇਣ ਕਿ ਉਹ ਇੰਨ੍ਹਾਂ ਆਦੇਸ਼ਾਂ ਦਾ ਸਖਤੀ ਨਾਲ ਪਾਲਣ ਯਕੀਨੀ ਕਰਨ। ਉਨ੍ਹਾਂ ਨੇ ਕਿਹਾ ਕਿ ਇੰਨ੍ਹਾਂ ਮਾਮਲਿਆਂ ਵਿੱਚ ਕੋਈ ਵੀ ਚੂਕ ਹੋਣ 'ਤੇ ਦੋਸ਼ੀ ਅਧਿਕਾਰੀਆਂ ਖਿਲਾਫ ਅਨੁਸਾਸ਼ਨਾਤਮਕ ਕਾਰਵਾਈ ਅਮਲ ਵਿੱਚ ਲਿਆਈ ਜਾਵੇਗੀ।

# ਮੁੱਖ ਮੰਤਰੀ ਨੇ ਸੀਐਮਜੀਜੀਏ ਦੇ ਨਾਲ ਸਫਾਈ, ਕੂੜਾ ਪ੍ਰਬੰਧਨ ਅਤੇ ਪ੍ਰਸਾਸ਼ਨਿਕ ਸੁਧਾਰਾਂ 'ਤੇ ਕੀਤੀ ਸਮੀਖਿਆ ਮੀਟਿੰਗ

## ਮੁੱਖ ਮੰਤਰੀ ਨੇ ਕੂੜਾ ਪ੍ਰਬੰਧਨ, ਡੇ ?ਰਨ ਸਫਾਈ ਅਤੇ ਸ਼ਿਕਾਇਤ ਹੱਲ 'ਤੇ ਤੁਰੰਤ ਕਾਰਵਾਈ ਕਰਨ ਦੇ ਦਿੱਤੇ ਨਿਰਦੇਸ਼

ਐਸ. ਕੇ. ਸਕਸੈਨਾ

ਚੰਡੀਗੜ੍ਹ, - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੰਤ ਕਬੀਰ ਕੁਟੀਰ ਨਿਵਾਸ ਸਥਾਨ 'ਤੇ ਮੁੱਖ ਮੰਤਰੀ ਸੁਸਾਸ਼ਨ ਸਹਿਯੋਗੀਆਂ ਦੇ ਨਾਲ ਆਯੋਜਿਤ ਸਮੀਖਿਆ ਮੀਟਿੰਗ ਦੀ ਅਗਵਾਈ ਕੀਤੀ। ਮੀਟਿੰਗ ਵਿੱਚ ਜਿਲ੍ਹਿਆਂ ਵਿੱਚ ਸਫਾਈ, ਕੂੜਾ ਪ੍ਰਬੰਧਨ, ਸਫਾਈ ਵਿਵਸਥਾ, ਸ਼ਿਕਾਇਤ ਹੱਲ ਸਿਸਟਮ ਨੂੰ ਮਜਬੂਤ ਕਰਨ ਅਤੇ ਪ੍ਰਸਾਸ਼ਨਿਕ ਸਮਰੱਥਾ ਵਿੱਚ ਸੁਧਾਰ ਕਰਨ 'ਤੇ ਫੋਕਸ ਕੀਤਾ ਗਿਆ। ਇਸ ਮੌਕੇ 'ਤੇ ਮੁੱਖ ਮੰਤਰੀ ਸੁਸਾਸ਼ਨ ਸਹਿਯੋਗੀ ਪ੍ਰੋਗਰਾਮ ਦੇ ਪਰਿਯੋਜਨਾ ਨਿਦੇਸ਼ਕ ਡਾ. ਯੱਸ਼ਪਾਲ ਵੀ ਮੌਜੂਦ ਰਹੇ। ਸੁਸਾਸ਼ਨ ਸਹਿਯੋਗੀਆਂ ਨੇ ਮੁੱਖ ਮੰਤਰੀ ਨੂੰ ਜਿਲ੍ਹਿਆਂ ਵਿੱਚ ਜਮੀਨੀ ਪੱਧਰ 'ਤੇ ਆਉਣ ਵਾਲੀ ਮੁੱਖ ਚਨੌਤੀਆਂ ਅਤੇ ਆਪਣੇ-ਆਪਣੇ ਜਿਲ੍ਹਿਆਂ ਵਿੱਚ ਕੀਤੇ ਜਾ ਰਹੇ ਨਵੇਂ ਢੰਗਾਂ ਦੇ ਬਾਰੇ ਵਿੱਚ ਜਾਣੂ ਕਰਵਾਇਆ। ਉਨ੍ਹਾਂ ਨੇ ਕੂੜਾ ਵੱਖ-ਵੱਖ ਕਰਨ, ਨਾਲਿਆਂ ਦੀ ਸਫਾਈ, ਸੀਵਰੇਜ ਦਰੁਸਤ ਕਰਨ, ਮੈਨਪਾਵਰ ਦੀ ਕਮੀ ਅਤੇ ਲੋਕਾਂ ਵਿੱਚ ਜਾਗਰੁਕਤਾ ਦੀ ਕਮੀ ਨਾਲ ਜੁੜੇ ਮੁੱਦਿਆਂ 'ਤੇ ਗੱਲ ਕੀਤੀ। ਵੀਡੀਓ ਕਾਨਫ ?ਰੈਂਸਿੰਗ ਰਾਹੀਂ ਮੀਟਿੰਗ ਵਿੱਚ ਸ਼ਾਮਿਲ ਹੋਏ ਨਿਗਮ ਕਮਿਸ਼ਨਰਾਂ ਨੂੰ ਸੰਬੋਧਿਤ ਕਰਦੇ ਹੋਏ ਮੁੱਖ ਮੰਤਰੀ ਨੇ ਆਪਣੇ-ਆਪਣੇ ਇਲਾਕਿਆਂ ਵਿੱਚ ਸਾਫ ਸਫਾਈ ਦੇ ਨਾਲ ਕੂੜਾ ਪ੍ਰਬੰਧਨ ਨੂੰ ਮਜਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਲਾਲਿਆਂ ਅਤੇ ਸੀਵਰੇ ? ਲਾਇਨਾਂ ਦੀ ਨਿਯਮਤ ਰੂਪ ਨਾਲ ਸਫਾਈ ਕਰਨ ਅਤੇ ਸੀਵਰੇਜ ਵਿੱਚ ਆਉਣ ਵਾਲੀ ਰੁਕਾਵਟਾਂ ਨੂੰ ਤੁਰੰਤ ਦੂਰ ਕਰਨ ਅਤੇ ਸਫਾਈ ਨਾਲ ਜੁੜੇ ਸਾਰੇ ਪੈਂਡਿੰਗ ਕੰਮਾਂ ਨੂੰ ਤੇਜੀ ਨਾਲ ਪੂਰਾ ਕਰਨ ਦੀ ਜਰੂਰਤਾਂ 'ਤੇ ਜੋਰ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਨਿਗਮ ਕਮਿਸ਼ਨਰ ਸਬੰਧਿਤ ਜਿਲ੍ਹਿਆਂ ਵਿੱਚ ਸੀਵਰੇਜ ਨਾਲ ਜੁੜੀ ਸਾਰੀ ਸ਼ਿਕਾਇਤਾਂ ਲਈ ਨੋਡਲ ਆਫਿਸਰ ਵਜੋ ਕੰਮ ਕਰਣਗੇ ਅਤੇ ਉਨ੍ਹਾਂ ਨੂੰ ਜਨਸਿਹਤ ਵਿਭਾਗ ਦੇ ਨਾਲ ਮਿਲ ਕੇ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਦਾ ਜਲਦੀ ਹੱਲ ਕੀਤਾ ਜਾ ਸਕੇ। ਜਨਤਾ ਜਾਂ ਸ਼ਿਕਾਇਤ ਪੋਰਟਲ ਤੋਂ ਮਿਲੀ ਕਿਸੇ ਵੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਸਮੇਂਬੱਧ ਢੰਗ ਨਾਲ ਸ਼ਿਕਾਇਤਾਂ ਦਾ ਹੱਲ ਕੀਤਾ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਸਫਾਈ ਅਤੇ ਸਵੱਛਤਾ ਪੈਰਾਮੀਟਰ ਵਿੱਚ ਔਸਤ ਆਧਾਰ 'ਤੇ ਕੰਮ ਕਰ ਰਹੇ ਜਿਲ੍ਹਿਆਂ ਦੇ ਨਿਗਮ ਕਮਿਸ਼ਨਰਾਂ ਦੇ ਨਾਲ ਵਨ-ਟੂ-ਵਨ ਗਲਬਾਤ ਕੀਤੀ ਅਤੇ ਉਨ੍ਹਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਸੁਧਾਰ ਦੇ ਉਪਾਅ ਕਰਨ ਅਤੇ ਸਵੱਛਤਾ ਪੈਮਾਨੇ ਦੇ ਨਾਲ ਆਪਣੀ ਰੈਂਕਿੰਗ ਵਿੱਚ ਸੁਧਾਰ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਜਮੀਨੀ ਪੱਧਰ 'ਤੇ ਦਿਖਣ ਵਾਲੇ ਅਜਿਹੇ ਸੁਧਾਰਾਂ ਦੇ ਨਤੀਜੇ ਵੀ ਦਿਖਣੇ ਚਾਹੀਦੇ ਹਨ ਜਿਨ੍ਹਾਂ ਦਾ



ਮੁਲਾਂਕਣ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਪ੍ਰਸਾਸ਼ਨਿਕ ਸਮਰੱਥਾ ਦੇ ਮਹਤੱਵ ਨੂੰ ਦੋਹਰਾਉਂਦੇ ਹੋਏ ਅਧਿਕਾਰੀਆਂ ਨੂੰ ਕਾਰਜ ਦੇ ਸਮੇਂ ਆਉਣ ਵਾਲੀ ਰੁਕਾਵਟਾਂ ਤੋਂ ਦਬਾਅ ਲਈ ਜਿਲ੍ਹਾ ਪੱਧਰ 'ਤੇ ਕਾਫੀ ਸਟਾਫ ਨੂੰ ਸਹੀ ਢੰਗ ਨਾਲ ਤੈਨਾਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਕੋਈ ਵੀ ਫਾਇਲ ਬਿਨ੍ਹਾ ਵਜ ?ਹਾ ਪੈਂਡਿੰਗ ਨਹੀ ਰਹਿਣੀ ਚਾਹੀਦੀ ਹੈ ਅਤੇ ਸਾਰੇ ਮਾਮਲਿਆ ਦਾ ਆਸਾਨ ਪ੍ਰਕ੍ਰਿਆ ਨਾਲ ਤੁਰੰਤ ਨਿਪਟਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਅਤੇ ਵਿਹਾਰ ਵਿੱਚ ਬਦਲਾਅ ਨੂੰ ਮਜਬੂਤ ਬਨਾਉਣ ਲਈ ਸੂਚਨਾ ਅਤੇ ਜਾਗਰੁਕਤਾ ਗਤੀਵਿਧੀਆਂ ਨੂੰ ਤੇਜ ਕੀਤਾ ਜਾਵੇ। ਉਨ੍ਹਾਂ ਨੇ ਸੁਸਾਸ਼ਨ ਸਹਿਯੋਗੀਆਂ ਨੂੰ ਕੂੜਾ ਹੋਟਸਪਾਟ ਥਾਵਾਂ ਦੀ ਪਹਿਚਾਣ ਕਰਨ ਅਤੇ ਅਜਿਹੇ ਇਲਾਕਿਆਂ ਵਿੱਚ ਸਵੱਛਤਾ ਦੇ ਸਲੋਗਨ ਅਤੇ ਜਾਗਰੁਕਤਾ ਸੰਦੇਸ਼ ਲਿਖਣ ਦੇ ਨਾਲ-ਨਾਲ ਵਿਸ਼ੇਸ਼ ਸਫਾਈ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨੇ ਨਸ਼ੇ ਦੀ ਆਦਤ ਤੋਂ ਬਚਾਅ ਲਈ ਅਹਿਮ ਕਦਮ ਚੁੱਕਦੇ ਹੋਏ ਹਰ ਜਿਲ੍ਹਾ ਹਸਪਤਾਲ ਵਿੱਚ 10 ਬੈਡ ਦਾ ਨਸ਼ਾ ਮੁਕਤੀ (ਡੀ-ਏਡਿਕਸ਼ਨ) ਵਾਰਡ ਬਨਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਸੁਸਾਸ਼ਨ ਸਹਿਯੋਗੀ ਇਸ ਪਹਿਲੀ ਦੀ ਪ੍ਰਗਤੀ 'ਤੇ ਬਾਰੀਕੀ ਨਾਲ ਨਜਰ ਰੱਖਣ ਅਤੇ ਜਮੀਨੀ ਪੱਧਰ 'ਤੇ ਆਉਣ ਵਾਲੀ ਚਨੌਤੀਆਂ ਦੀ ਪਹਿਚਾਣ ਕਰਨ ਉਨ੍ਹਾਂ ਦਾ ਸਮੇਂ 'ਤੇ ਲਾਗੂ ਕਰਨ ਵਿੱਚ ਮਦਦ ਲਈ ਤੱਥਾਂ ਅਤੇ ਸਬੂਤਾਂ 'ਤੇ ਅਧਾਰਿਤ ਰਿਪੋਰਟ ਪੇਸ਼ ਕਰਨ। ਉਨ੍ਹਾਂ ਨੇ ਕਿਹਾ ਕਿ ਸੁਸਾਸ਼ਨ ਸਹਿਯੋਗੀ ਵਿਸ਼ੇਸ਼ਕਰ ਸਿਖਿਆ, ਸਿਹਤ ਅਤੇ ਸਫਾਈ ਵਰਗੇ ਜਰੂਰੀ ਖੇਤਰਾਂ ਵਿੱਚ ਡਿਪਟੀ ਕਮਿਸ਼ਨਰਾਂ ਦੇ ਨਾਲ ਮਿਲ ਕੇ ਕੰਮ ਕਰਨ ਤਾਂ ਜੋ ਪੋਲਿਸੀ ਨੂੰ ਬਿਹਤਰ ਢੰਗ ਨਾਲ ਲਾਗੂ ਕਰ ਸੇਵਾਵਾਂ ਨੂੰ ਬਿਹਤਰ ਬਣਾਇਆ ਜਾ ਸਕੇ। ਮੀਅ ?ਗ ਦੌਰਾਨ ਸੁਸਾਸ਼ਨ ਸਹਿਯੋਗੀਆਂ ਨੇ ਜਿਲ੍ਹਾ ਦੇ ਹਿਸਾਬ ਨਾਲ ਪ੍ਰੋਗਰਾਮ ਰਿਪੋਰਟ ਪੇਸ਼ ਕੀਤੀ ਅਤੇ ਚਾਰ ਹਫਤੇ ਦਾ ਟੀਚਾ ਨਿਰਧਾਰਿਤ ਕਰ ਵਿਸਤਾਰ ਐਕਸ਼ਨ ਪਲਾਨ ਬਾਰੇ ਜਾਣੂ ਕਰਵਾਇਆ। ਇਸ ਤੋਂ ਇਲਾਵਾ, ਉਨ੍ਹਾਂ ਨੇ ਸਫਾਈ ਸੇਵਾਵਾਂ ਅਤੇ ਨਾਗਰਿਕ ਮੁੱਦਿਆਂ ਦੀ ਸਥਾਨਕ ਪੱਧਰ 'ਤੇ ਮਾਨੀਟਰਿੰਗ ਲਈ ਵਾਰਡ ਕਮੇਟੀ ਦਾ ਗਠਨ ਕਰਨ ਅਤੇ ਉਨ੍ਹਾਂ ਦੀ ਸਿਖਲਾਈ ਵਿੱਚ ਤੇਜੀ ਲਿਆਉਣ ਦਾ ਪ੍ਰਸਤਾਵ ਰੱਖਿਆ। ਇਹ ਕਮੇਟੀਆਂ ਜਨ ਭਾਗੀਦਾਰੀ ਤੋਂ ਸ਼ਿਕਾਇਤਾਂ ਦੀ ਸਮੇਂ 'ਤੇ ਰਿਪੋਰਟਿੰਗ ਕਰਨ ਅਤੇ ਜਮੀਨੀ ਪੱਧਰ 'ਤੇ ਸਫਾਈ ਕਰਨ ਵਾਲੇ ਯਤਨਾਂ ਨੂੰ ਮਜਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

# ਪਸ਼ੂਆਂ ਦੇ ਪੋਲੀਕਲੀਨਿਕ ਅਤੇ ਹਸਪਤਾਲਾਂ ਲਈ ਆਧੁਨਿਕ ਮਸ਼ੀਨਾਂ ਖਰੀਦੀਆਂ ਜਾਣਗੀਆਂ-ਸ਼ਿਆਮ ਸਿੰਘ ਰਾਣਾ

## ਗੈਸ ਏਨੇਸਥੀਸਿਆ ਮਸ਼ੀਨ, ਅਲਟਰਾਸਾਊਂਡ ਮਸ਼ੀਨ, ਬਲੱਡ ਟੇਸਟ ਸਮੱਗਰੀ ਅਤੇ ਬਾਇਓ ਸੇਫਟੀ ਲੈਬਸ ਲੇਵਲ-2 ਸਥਾਪਿਤ ਕਰਨ ਦੀ ਦਿੱਤੀ ਮੰਜੂਰੀ

ਮਨਦੀਪ ਕੌਰ



ਚੰਡੀਗੜ੍ਹ, ਹਰਿਆਣਾ ਦੇ ਪਸ਼ੂਪਾਲਣ ਅਤੇ ਡੇਅਰੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚ ਪਸ਼ੂਆਂ ਦੇ ਪੋਲੀਕਲੀਨਿਕ ਅਤੇ ਹਸਪਤਾਲਾਂ ਦੇ ਲਈ ਆਧੁਨਿਕ ਮਸ਼ੀਨਾਂ ਖਰੀਦੀਆਂ ਜਾਣਗੀਆਂ ਤਾਂ ਜੋ ਪਸ਼ੂਪਾਲਕਾਂ ਦੇ ਪਸ਼ੂਧਨ ਦਾ ਸਸਤੇ ਵਿੱਚ ਇਲਾਜ ਹੋ ਸਕੇ। ਉਨ੍ਹਾਂ ਨੇ ਦਸਿਆ ਕਿ ਅੱਜ ਹਾਈ ਪਾਰਵਰਡ ਪਰਚੇਜ਼ ਕਮੇਟੀ ਵਿੱਚ ਗੈਸ ਏਨੇਸਥੀਸਿਆ ਮਸ਼ੀਨ, ਅਲਟਰਾਸਾਊਂਡ ਮਸ਼ੀਨ, ਬਲੱਡ ਟੇਸਟ ਸਮੱਗਰੀ ਅਤੇ ਬਾਇਓ ਸੇਫਟੀ ਲੈਬ ਲੇਵਲ -2 ਸਥਾਪਿਤ ਕਰਨ ਨੂੰ ਮੰਜੂਰੀ ਦਿੱਤੀ ਗਈ ਹੈ। ਸ੍ਰੀ ਰਾਣਾ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਕਮੇਟੀ ਦੇ ਮੈਂਬਰ ਹਰਿਆਣਾ ਦੇ ਸਿਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਮੌਜੂਦ ਸਨ। ਇੰਨ੍ਹਾ ਤੋਂ ਇਲਾਵਾ, ਪਸ਼ੂਪਾਲਣ ਅਤੇ ਡੇਅਰੀ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਵਿਜੈ ਸਿੰਘ ਦਹੀਆ, ਡਾਇਰੈਕਟਰ ਜਨਰਲ ਡਾ. ਪ੍ਰੇਮ ਸਿੰਘ, ਸੰਯੁਕਤ ਨਿਦੇਸ਼ਕ ਡਾ. ਸੁਖਦੀਪ ਰਾਠੀ, ਸਪਲਾਈ ਅਤੇ ਨਿਪਟਾਨ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਪੰਕਜ, ਵਿੱਤ ਵਿਭਾਗ ਦੇ ਵਿਸ਼ੇਸ਼ ਸਕੱਤਰ ਡਾ. ਜੈਯ ਇੰਦਰ ਸਿੰਘ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਪਸ਼ੂਪਾਲਣ ਅਤੇ ਡੇਅਰੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦਸਿਆ ਕਿ ਹਾਈ ਪਾਰਵਰਡ ਪਰਚੇਜ਼ ਕਮੇਟੀ ਵਿੱਚ ਸੂਬੇ ਵਿੱਚ ਪਸ਼ੂਆਂ ਦੇ ਇਲਾਜ ਲਈ ਸਥਾਪਿਤ ਪੋਲੀਕਲੀਨਿਕਾਂ ਤਹਿਤ ਗੈਸ ਏਨੇਸਥੀਸਿਆ ਮਸ਼ੀਨ ਖਰੀਦਣ ਦੀ ਮੰਜੂਰੀ ਦਿੱਤੀ ਗਈ ਹੈ। ਇਸ ਨਾਲ ਡਾਕਟਰਾਂ ਨੂੰ ਪਸ਼ੂਆਂ ਦੀ ਸਰਜਰੀ ਕਰਨ ਵਿੱਚ ਸਹੂਲਤ ਹੋਵੇਗੀ। ਉਨ੍ਹਾਂ ਨੇ ਦਸਿਆ ਕਿ ਪਸ਼ੂਆਂ ਦੇ ਇਲਾਜ (ਸਰਜਰੀ) ਵਿੱਚ ਗੈਸ ਏਨੇਸਥੀਸਿਆ ਮਸ਼ੀਨ ਇੰਜੇਕਟੇਬਲ ਦੀ ਤੁਲਣਾ ਵਿੱਚ ਵੱਧ ਸੁਰੱਖਿਅਤ ਹੈ, ਜੋ ਸਟੀਕ ਖੁਰਾਕ, ਤੇਜ ਰਿਕਵਰੀ ਅਤੇ ਬਿਹਤਰ ਕੰਟਰੋਲ ਪ੍ਰਦਾਨ ਕਰਦੀ ਹੈ। ਇਹ ਆਕਸੀਜਨ ਦੇ ਨਾਲ ਮਿਲ ਕੇ ਕੰਮ ਕਰਦੀ ਹੈ, ਜਿਸ ਨਾਲ ਪਸ਼ੂਆਂ ਦੇ ਦਿੱਲ ਅਤੇ ਹੋਰ ਅੰਗਾਂ 'ਤੇ ਦਬਾਅ ਘੱਟ ਪੈਂਦਾ ਹੈ। ਇਹ ਪ੍ਰਣਾਲੀ ਦਰਦ ਪ੍ਰਬੰਧਨ ਅਤੇ ਛੋਟੇ-ਵੱਡੇ ਜਾਨਵਰਾਂ ਲਈ ਬਹੁਤ ਭਰੋਸੇਯੋਗ ਹੈ। ਉਨ੍ਹਾਂ ਨੇ ਅੱਗੇ ਦਸਿਆ ਕਿ ਹਿਸਾਰ, ਰਾਇਪੁਰਰਾਣੀ ਅਤੇ ਸੋਨੀਪਤ ਵਿੱਚ ਬਾਇਓ ਸੇਫਟੀ ਲੈਬਸ ਲੇਵਲ-2 ਸਥਾਪਿਤ ਕੀਤੀ ਜਾਵੇਗੀ। ਪਸ਼ੂਆਂ ਵਿੱਚ ਮੱਧਮ ਜੋਖਿਮ ਵਾਲੀ ਬੀਮਾਰੀਆਂ ਦੀ ਜਾਂਚ ਲਈ ਉਕਤ ਲੈਬ ਦੀ ਵਰੋਤ ਕੀਤੀ ਜਾਂਦੀ ਹੈ। ਇਹ ਲੈਬ ਮਨੁੱਖ/ਪਸ਼ੂ ਸਿਹਤ ਲਈ ਮੱਧਮ-ਜੋਖਿਮ ਵਾਲੇ ਸੰਕ੍ਰਾਮਿਕ ਏਜੰਟਾਂ ਦੇ ਜਾਂਚ ਲਈ ਹੁੰਦੀ ਹੈ, ਇੰਨ੍ਹਾਂ ਵਿਸ਼ੇਸ਼ ਪੀਪੀਈ, ਬਾਇਸੇਫਟੀ ਕੈਬਨਿਟ (BSC) ਅਤੇ ਆਟੋਕਲੇਵ ਦੀ ਸਹੂਲਤ ਹੁੰਦੀ ਹੈ, ਜੋ ਸਾਹ ਜਾਂ ਸਕਿਨ ਦੇ ਸੰਪਰਕ ਨਾਲ ਸੰਕ੍ਰਮਣ ਰੋਕਦੀ ਹੈ। ਉਨ੍ਹਾਂ ਨੇ ਦਸਿਆ ਕਿ ਬਾਇਓ ਸੇਫਟੀ ਲੈਬ ਲੇਵਲ-2 ਵਿੱਚ ਪਸ਼ੂਆਂ ਤੋਂ ਇਨਸਾਨਾਂ ਵਿੱਚ ਫੈਲਣ ਵਾਲੀ ਸੰਕ੍ਰਾਮਕ ਬੀਮਾਰੀਆਂ ਦੀ ਜਾਂਚ ਕੀਤੀ ਜਾਂਦੀ ਹੈ ਤਾਂ ਜੋ ਇਨਸਾਨ ਬੀਮਾਰ ਪਸ਼ੂਆਂ ਵਿੱਚ ਆ ਕੇ ਸੰਕ੍ਰਮਿਤ ਨਾ ਹੋਣ ਅਤੇ ਉਹ ਸੁਰੱਖਿਅਤ ਰਹਿ ਸਕਣ। ਸ੍ਰੀ ਸ਼ਿਆਮ ਸਿੰਘ ਰਾਣਾ ਨੇ ਇਹ ਵੀ ਦਸਿਆ ਕਿ ਪਸ਼ੂਆਂ ਦੇ ਇਲਾਜ ਲਈ ਅਲਟਰਾਸਾਊਂਡ ਮਸ਼ੀਨਾਂ ਵੀ ਖਰੀਦੀਆਂ ਜਾਣਗੀਆਂ। ਪਸ਼ੂ ਮੈਡੀਕਲ ਵਿੱਚ ਪ੍ਰਯੁਕਤ ਹੋਣ ਵਾਲੀ ਇਹ ਅਲਟਰਾਸਾਊਂਡ ਮਸ਼ੀਨ ਜਾਨਵਰਾਂ ਦੇ ਅੰਦਰੂਣੀ ਅੰਗਾਂ, ਉਤਕੋਂ ਅਤੇ ਜਣੇਪਾ ਦਾ ਗੇਰ-ਆਕ੍ਰਮਕ ਅਤੇ ਵਿਕਿਰਣ ਮੁਕਤ ਨਿਦਾਨ ਕਰਨ ਲਈ ਇੱਕ ਚੰਗੀ ਤਕਨੀਕ ਹੈ। ਇਹ ਤਕਨੀਕ ਪਾਲਤੂ ਜਾਨਵਰਾਂ (ਕੁੱਤੇ, ਬਿੱਲੀ) ਤੋਂ ਲੈ ਕੇ ਪਸ਼ੂਧਨ (ਗਾਂ ਮੱਝ, ਭੇਡ) ਵਿੱਚ ਟਿਊਮਰ, ਪੇਟ ਦੀ ਬੀਮਾਰੀਆਂ ਅਤੇ ਪ੍ਰਜਨਨ ਸਬੰਧੀ ਸਮਸਿਆਵਾਂ ਦਾ ਸਹੀ ਪਤਾ ਲਗਾਉਣ ਵਿੱਚ ਸਹਾਇਤ ਕਰਨ। ਉਨ੍ਹਾਂ ਨੇ ਇਹ ਵੀ ਦਸਿਆ ਕਿ ਕਈ ਵਾਰ ਡਾਕਟਰ ਨੂੰ ਬੀਮਾਰ ਪਸ਼ੂ ਦੇ ਖੂਨ ਦੀ ਜਾਂਚ ਕਰਵਾਉਣ ਦੀ ਜਰੂਰਤ ਪੈਂਦੀ ਹੈ। ਹੁਣ ਤੱਕ ਇਹ ਟੇਸਟ ਸਹੂਲਤ ਲੁਵਾਸ ਯੂਨੀਵਰਸਿਟੀ ਹਿਸਾਰ ਵਿੱਚ ਹੀ ਉਪਲਬਧ ਸੀ। ਅੱਜ ਦੀ ਮੀਟਿੰਗ ਵਿੱਚ ਪਸ਼ੂਆਂ ਦੇ ਖੂਨ ਟੇਸਟ ਲਈ ਸਮੱਗਰੀ ਖਰੀਦਣ ਦੀ ਵੀ ਮੰਜੂਰੀ ਦੇ ਦਿੱਤੀ ਗਈ ਹੈ। ਹੁਣ ਸਰਕਾਰੀ ਹਸਪਤਾਲਾਂ ਵਿੱਚ ਆਉਣ ਵਾਲੇ ਬੀਮਾਰ ਪਸ਼ੂਆਂ ਦੇ ਬਲੱਡ ਟੇਸਟ ਫਰੀ ਵਿੱਚ ਕੀਤੇ ਜਾਣਗੇ ਅਤੇ ਪਸ਼ੂਆਂ ਦਾ ਜਲਦੀ ਇਲਾਜ ਕਰਨ ਵਿੱਚ ਆਸਾਨੀ ਹੋਵੇਗੀ। ਪਸ਼ੂਪਾਲਣ ਅਤੇ ਡੇਅਰੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਕਿਸੇ ਵੀ ਪਸ਼ੂਪਾਲਕ ਜਾਂ ਕਿਸਾਨ ਦਾ ਆਰਥਕ ਆਧਾਰ ਪਸ਼ੂ ਹੁੰਦੇ ਹਨ ਜਿਨ੍ਹਾਂ ਤੋਂ ਉਹ ਆਪਣਾ ਪਰਿਵਾਰ ਚਲਾਉਣ ਤੋਂ ਇਲਾਵਾ ਵੱਧ ਆਮਦਨੀ ਕਮਾਉਣ ਦਾ ਜਰਿਆ ਵੀ ਮੰਨਦੇ ਹਨ। ਸੂਬਾ ਸਰਕਾਰ ਆਪਣੇ ਸੂਬੇ ਦੇ ਪਸ਼ੂਪਾਲਕਾਂ ਨੂੰ ਖੁਸ਼ਹਾਲ ਬਨਾਉਣ ਲਈ ਹਰ ਜਰੂਰੀ ਕਦਮ ਚੁੱਕ ਰਹੀ ਹੈ।



# ਹਰਿਆਣਾ ਵਿੱਚ 12 ਲੱਖ ਤੋਂ ਵੱਧ ਲੋਕਾਂ ਦਾ ਐਚਆਈਵੀ ਟੈਸਟ ਕੀਤਾ

## ਪੂਰੇ ਸੂਬੇ ਵਿੱਚ ਇਲਾਜ ਦਾ ਨੈਟਵਰਕ ਵਧਾਇਆ ਗਿਆ

ਪੰਕਜ

ਚੰਡੀਗੜ੍ਹ, 19 ਫਰਵਰੀ - ਹਰਿਆਣਾ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਹਰਿਆਣਾ ਨੇ ਐਚਆਈਵੀ/ਏਡਸ ਦੇ ਖਿਲਾਫ ਆਪਣੀ ਲੜਾਈ ਨੂੰ ਤੇਜੀ ਨਾਲ ਵਧਾਉਂਦੇ ਹੋਏ ਚਾਲੂ ਵਿੱਤੀ ਸਾਲ ਵਿੱਚ 12.40 ਲੱਖ ਤੋਂ ਵੱਧ ਲੋਕਾਂ ਦਾ ਟੇਸਟ ਕੀਤਾ ਅਤੇ ਸੂਬੇ ਦੇ ਹਰ ਕੋਨੇ ਵਿੱਚ ਮਰੀਜਾਂ ਤੱਕ ਪਹੁੰਚਣ ਲਈ ਇਲਾਜ ਦੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਅਪ੍ਰੈਲ 2025 ਤੋਂ ਜਨਵਰੀ 2026 ਦੇ ਵਿੱਚ 12,40,205 ਲੋਕਾਂ ਦੀ ਐਚਆਈਵੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 5,877 ਵਿਅਕਤੀ ਐਚਆਈਵੀ ਪਾਜੀਟਿਵ ਪਾਏ ਗਏ। ਸੂਬੇ ਵਿੱਚ ਮੌਜੂਦ ਵਿੱਚ 104 ਏਕੀਕ੍ਰਿਤ ਕੰਸਲਟੇਸ਼ਨ ਅਤੇ ਜਾਂਚ ਕੇਂਦਰ (93"3) ਸੰਚਾਲਿਤ ਹਨ, ਜਿਨ੍ਹਾਂ ਵਿੱਚ ਫਰੀਦਾਬਾਦ ਵਿੱਚ ਇੱਕ ਮੋਬਾਇਲ ਇਕਾਈ ਵੀ ਸ਼ਾਮਿਲ ਹੈ। ਇੰਨ੍ਹਾਂ ਸਾਰੇ ਕੇਂਦਰਾਂ 'ਤੇ ਮੁਫਤ ਅਤੇ ਗੁਪਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਡਾ. ਮਿਸ਼ਰਾ ਨੇ ਕਿਹਾ ਕਿ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਸਮਾਜ ਦੇ ਹਰੇਕ ਵਰਗ ਤੱਕ ਬਿਨ੍ਹਾ ਕਿਸੇ ਭੇਦਭਾਵ ਦੇ ਜਾਂਚ ਅਤੇ ਇਲਾਜ ਦੀ ਸਹੂਲਤ ਉਪਲਬਧ ਕਰਾਈ ਜਾਵੇ। ਇਸ ਵਿੱਤ ਸਾਲ ਵਿੱਚ ਸੂਬੇ ਨੇ ਮਾਤਰ ਸਿਹਤ ਦੇ ਖੇਤਰ ਵਿੱਚ ਵੀ ਵਰਨਣਯੋਗ ਉਪਲਬਧੀ ਹਾਸਲ ਕੀਤੀ ਹੈ। 5,65,830 ਜਣੇਪਾ ਮਹਿਲਾਵਾਂ ਦੀ ਐਚਆਈਵੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 613 ਮਹਿਲਾਵਾਂ ਐਚਆਈਵੀ ਪਾਜੀਟਿਵ ਪਾਈਆਂ ਗਈਆਂ ਅਤੇ ਉਨ੍ਹਾਂ ਨੂੰ ਸਮੇਂ 'ਤੇ ਇਲਾਜ ਨਾਲ ਜੋੜਿਆ ਗਿਆ, ਜੋ ਐਚਆਈਵੀ/ਏਡਸ ਦੇ ਵਰਟੀਕਲ ਟ ?ਰਾਂਸਮਿਸ਼ਨ ਦੇ ਖਾਤਮੇ ਵਿੱਚ ਮਦਦ ਕਰਦਾ ਹੈ। ਇਲਾਜ ਸਹੂਲਤਾਂ ਦੇ ਵਿਸਤਾਰ ਦੇ ਤਹਿਤ ਰਾਜ ਵਿੱਚ 24 ਏਂਟੀ-ਰੇਟ ?ਰੋਵਿਯਿਰਲ ਥੈਰੇਪੀ (ART) ਕੇਂਦਰ ਰੋਹਤਕ, ਗੁਰੂਗ੍ਰਾਮ, ਫਰੀਦਾਬਾਦ, ਕਰਨਾਲ, ਹਿਸਾਰ, ਅੰਬਾਲਾ ਅਤੇ ਮੇਵਾਤ ਸਮੇਤ ਪ੍ਰਮੁੱਖ ਜਿਲ੍ਹਿਆਂ ਵਿੱਚ ਸੰਚਾਲਿਤ ਹਨ। ਇੰਨ੍ਹਾਂ ਵਿੱਚੋਂ 13 ਨਵੇਂ ਕੇਂਦਰ ਮੈਡੀਕਲ ਕਾਲਜਾਂ ਵਿੱਚ ਸਥਾਪਿਤ ਕੀਤੇ ਗਏ ਹਨ, ਜਿਸ ਨਾਲ ਮਰੀਜਾਂ ਨੂੰ ਉਨੱਤ ਉਪਚਾਰ ਸਹੂਲਤਾਂ ਆਪਣੇ ਨੇੜੇ ਹੀ ਉਪਲਬਧ ਹੋ ਰਹੀਆਂ ਹਨ ਅਤੇ ਉਨ੍ਹਾਂ ਨੂੰ ਲੰਬੀ ਦੂਰੀ ਤੈਅ ਨਹੀਂ ਕਰਨੀ ਪੈ ਰਹੀ। ਇਸ ਤੋਂ ਇਲਾਵਾ, 5 ਫੈਸਲਿਟੀ ਇੰਟੀਗ੍ਰੇਟੇਡ ਏਆਰਟੀ ਕੇਂਦਰ ਅਤੇ 4 ਲਿੰਕ ਏਆਰਟੀ ਕੇਂਦਰ ਵੀ ਕੰਮ ਕਰ ਰਹੇ ਹਨ। ਮੌਜੂਦਾ ਵਿੱਚ ਪੂਰੇ ਸੂਬੇ ਵਿੱਚ ਕੁੱਲ 40,851 ਮੀਰਜ ਜੀਵਨ ਰੱਖਿਅਕ ਉਪਚਾਰ ਪ੍ਰਾਪਤ ਕਰ ਰਹੇ ਹਨ। ਐਚਆਈਵੀ/ਏਡਸ ਦੇ ਨਾਲ ਜੀਵਨ ਬਤੀਤ ਕਰ ਰਹੇ ਵਿਅਕਤੀਆਂ (PLHIV) ਅਤੇ ਆਰਥਕ ਬੋਝ ਘੱਟ ਕਰਨ ਅਤੇ ਇਲਾਜ ਪਾਲਣ ਨੂੰ ਬਿਹਤਰ ਬਨਾਉਣ ਦੇ ਉਦੇਸ਼ ਨਾਲ ਸੂਬਾ ਸਰਕਾਰ ਨੇ ਦਸੰਬਰ 2021 ਵਿੱਚ ਮਹੀਨਾ ਵਿੱਤੀ ਸਹਾਇਤਾ ਯੋਜਨਾ ਸ਼ੁਰੂ ਕੀਤੀ ਸੀ, ਜਿਸ ਦੇ ਤਹਿਤ ਯੋਗ ਲਾਭਕਾਰਾਂ ਨੂੰ 2250 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕੀਤੇ ਜਾਂਦੇ ਹਨ। ਹੁਣ ਤੱਕ ਇਸ ਯੋਜਨਾ ਦੇ ਤਹਿਤ 54.3 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ। ਰਜਿਸਟਰਡ ਮਰੀਜਾਂ ਨੂੰ ਫਰੀ ਫੋਲੋ-ਅੱਪ ਦੇਖਭਾਲ ਅਤੇ ਪਬਲਿਕ-ਨਿਜੀ ਭਾਗੀਦਾਰੀ (PPP) ਰਾਹੀਂ ਅਲਟਰਾਸਾਊਂਡ, ਐਨਆਰਆਈ ਅਤੇ ਸਿਟੀ ਸਕੈਨ ਵਰਗੇ ਅਪਗ੍ਰੇਡ ਜਾਂਚ ਸਹੂਲਤਾਂ ਵੀ ਉਪਲਬਧ ਕਰਾਈਆਂ ਜਾ ਰਹੀਆਂ ਹਨ। ਐਚਆਈਵੀ ਤੋਂ ਇਲਾਵਾ ਰਾਜ ਜਿਨਸੀ ਸੰਚਾਰਿਤ ਸੰਕ੍ਰਮਣਾਂ (STI) ਦੀ ਰੋਕਥਾਮ 'ਤੇ ਵੀ ਵਿਸ਼ੇਸ਼ ਧਿਆਨ ਦੇ ਰਿਹਾ ਹੈ। ਇਸ ਦੇ ਲਈ 31 ਨਾਮਜਦ ਕਲੀਨਿਕਾਂ ਵਿੱਚ ਮੁਫਤ ਕੰਸਲਟੇਂਸ਼ਨ, ਸਿਫਿਲਿਸ ਜਾਂਚ ਅਤੇ ਇਲਾਜ ਦੀ ਸਹੂਲਤ ਉਪਲਬਧ ਹੈ। ਨਾਲ ਹੀ, ਰੇਡ ਕ੍ਰਾਸ ਸੋਸਾਇਟੀ ਅਤੇ ਗੈਰ-ਸਰਕਾਰੀ ਸੰਗਠਨਾਂ ਰਾਹੀਂ 42 ਨਿਸ਼ਾਨਬੱਧ ਦਖਲਅੰਦਾਜੀ ਪਰਿਯੋਜਨਾਵਾਂ ਸੰਚਾਲਿਤ ਕੀਤੀਆਂ ਜਾ ਰਹੀਆਂ ਹਨ, ਜੋ ਉੱਚ ਜੋਖਿਮ ਸਮੂਹਾਂ-ਵਰਗੇ ਮਹਿਲਾ ਜਿਨਸੀ ਕਰਮੀ, ਪੁਰਸ਼-ਪੁਰਸ਼ ਜਿਨਸੀ ਸਬੰਧ ਰੱਖਣ ਵਾਲੇ ਵਿਅਕਤੀ, ਨਸ਼ੀਲੀ ਦਵਾਈਆਂ ਦਾ ਸੇਵਨ ਕਰਨ ਵਾਲੇ, ਟਰੱਕ ਡਰਾਈਵਰ ਅਤੇ ਪ੍ਰਵਾਸੀ ਮਜਦੂਰਾਂ ਦੇ ਨਾਲ ਕੰਮ ਕਰ ਰਹੀ ਹੈ। ਇੰਨ੍ਹਾਂ ਪਰਿਯੋਜਨਾਵਾਂ ਤਹਿਤ ਨਿਯਮਤ ਸਿਹਤ ਜਾਂਚ, ਹਰੇਕ ਛੇ ਮਹੀਨੇ ਵਿੱਚ ਐਚਆਈਵੀ ਜਾਂਚ ਅਤੇ ਕੰਡੋਮ ਵੰਡ ਯਕੀਨੀ ਕੀਤਾ ਜਾਂਦਾ ਹੈ। ਓਪਿਆਇਡ 'ਤੇ ਨਿਰਭਰ ਵਿਅਕਤੀਆਂ ਲਈ ਸੂਬੇ ਵਿੱਚ 12 ਓਪੀਆਇਡ ਪ੍ਰਤੀਸਥਾਨ ਮੈਡੀਕਲ (OST) ਕੇਂਦਰ ਅਤੇ 3 ਉੱਪਗ੍ਰਹਿ ਇਕਾਈਆਂ ਸੰਚਾਲਿਤ ਹਨ। ਮੌਜੂਦਾ ਵਿੱਚ 9,014 ਮੀਰਜ ਰਜਿਸਟਰਡ ਹਨ, ਜਿਨ੍ਹਾਂ ਵਿੱਚੋਂ 4,569 ਨਿਯਮਤ ਇਲਾਜ ਪ੍ਰਾਪਤ ਕਰ ਰਹੇ ਹਨ। ਜਨਜਾਗਰੁਕਤਾ ਦੇ ਖੇਤਰ ਵਿੱਚ ਵੀ ਸੂਬੇ ਨੇ ਵਿਆਪਕ ਮੁਹਿੰਮ ਚਲਾਈ ਹੈ। ਰੇਡਿਓ ਜਿੰਗਲ, ਰੇਲਵੇ ਸਟੇਸ਼ਨਾਂ 'ਤੇ ਡਿਜੀਟਲ ਡਿਸਪਲੇ, ਸਿਨੇਮਾ ਇਸ਼ਤਿਹਾਰ, ਐਸਐਮਐਸ ਮੁਹਿੰਮ ਅਤੇ ਸੋਸ਼ਲ ਮੀਡੀਆ ਰਾਹੀਂ ਜਾਗਰੁਕਤਾ ਸੰਦੇਸ਼ ਪ੍ਰਸਾਰਿਤ ਕੀਤੇ ਜਾ ਰਹੇ ਹਨ। ਸਕੂਲਾਂ ਅਤੇ ਕਾਲਜਾਂ ਵਿੱਚ ਰੇਡ ਰਿਬਨ ਕਲੱਬਾਂ ਰਾਹੀਂ 3,397 ਸਕੂਲਾਂ ਅਤੇ 429 ਕਾਲਜਾਂ ਵਿੱਚ ਰੈਲੀਆਂ ਮੈਰਾਥਨ ਅਤੇ ਜਾਗਰੁਕਤਾ ਪ੍ਰਸ਼ਨੋਤਰੀ ਆਯੋਜਿਤ ਕਰ ਸੰਦੇਸ਼ ਪਹੁੰਚਾਇਆ ਗਿਆ ਹੈ। ਇਸ ਤੋਂ ਇਲਾਵਾ, ਟ ?ਰਾਂਸਪੋਰਟ ਵਿਭਾਗ, ਖੇਤੀਬਾੜੀ ਵਿਭਾਗ, ਭਾਰਤੀ ਕੌਮੀ ਰਾਜਮਾਰਗ ਅਥਾਰਿਟੀ, ਉੱਤਰੀ ਰੇਲਵੇ ਅਤੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਸਮੇਤ ਵੱਖ-ਵੱਖ ਸਰਕਾਰੀ ਵਿਭਾਗਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਿਆ ਗਿਆ ਹੈ। ਮੁੱਖਧਾਰਾ ਵਿੱਚ ਲਿਆਉਣ ਦੀ ਪਹਿਲ (Mainstreaming Initiative) ਦੇ ਤਹਿਤ ਹੁਣ ਤੱਕ 49,120 ਵਿਅਕਤੀਆਂ ਨੂੰ ਜਾਗਰੁਕ ਕੀਤਾ ਜਾ ਚੁੱਕਾ ਹੈ। ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਪ੍ਰੋਗਰਾਮ ਦਾ ਵਿਆਪਕ ਦਾਇਰਾ ਅਤੇ ਤਾਲਮੇਲ ਰਾਜ ਦੀ ਇਸ ਦ੍ਰਿੜ ਪ੍ਰਤੀਬੱਧਤਾ ਦਰਸ਼ਾਉਂਦਾ ਹੈ ਕਿ ਐਚਆਈਵੀ ਸੰਕ੍ਰਮਣ ਦੀ ਦਰ ਨੂੰ ਘੱਟ ਕੀਤਾ ਜਾਵੇ, ਸੰਕ੍ਰਮਿਤ ਵਿਅਕਤੀਆਂ ਨੂੰ ਸਨਮਾਨਜਨਕ ਅਤੇ ਗੁਣਵੱਤਾਪੂਰਣ ਦੇਖਭਾਲ ਯਕੀਨੀ ਕੀਤੀ ਜਾਵੇ ਅਤੇ ਏਡਸ ਨੂੰ ਪਬਲਿਕ ਸਿਹਤ ਖਤਰੇ ਦੇ ਰੂਪ ਵਿੱਚ ਖਤਮ ਕਰਨ ਦਾ ਕੌਮੀ ਟੀਚੇ ਦੀ ਦਿਸ਼ਾ ਵਿੱਚ ਲਗਾਤਾਰ ਪ੍ਰਗਤੀ ਕੀਤੀ ਜਾਵੇ।

# ਪਹਿਲੀ ਡਿਜੀਟਲ ਜਨਗਣਨਾ ਲਈ ਹਰਿਆਣਾ ਤਿਆਰ

## ਸੂਬੇ ਵਿੱਚ ਜਨਗਣਨਾ -2027 ਦੀ ਵੱਡੇ ਪੈਮਾਨੇ 'ਤੇ ਤਿਆਰੀਆਂ

ਰਮਨ ਕੁਮਾਰ

ਚੰਡੀਗੜ੍ਹ, - ਹਰਿਆਣਾ ਵਿੱਚ ਜਨਗਣਨਾ -2027 ਨੂੰ ਲੈ ਕੇ ਵੱਡੇ ਪੈਮਾਨੇ 'ਤੇ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਜਨਗਣਨਾ ਦੇ ਸਫਲ ਅਤੇ ਸਮੇਂਬੱਧ ਸੰਚਾਲਨ ਲਈ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਅੱਜ ਇੱਕ ਡਿਵੀਜਨਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ, ਨਗਰ-ਨਿਗਮ ਕਮਿਸ਼ਨਰਾਂ ਦੇ ਇੱਕ ਦਿਨਾਂ ਦੇ ਸਮੇਲਨ ਦੀ ਵਰਚੂਅਲੀ ਸੰਬੋਧਿਤ ਕਰਦੇ ਹੋਏ ਕਿਹਾ ਕਿ ਇਹ ਜਨਗਣਨਾ ਸਿਰਫ ਇੱਕ ਸੰਖਿਅਕਰੀ ਕਵਾਇਦ ਭਰ ਨਹੀਂ, ਸਗੋ ਆਉਣ ਵਾਲੇ ਦਿਹਾਕੇ ਦੀ ਨੀਤੀਆਂ, ਭਲਾਈਕਾਰੀ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਨੀਂਹ ਹੈ। ਨਾਲ ਹੀ, ਇਹ ਸੂਬੇ ਦੀ ਪ੍ਰਸਾਸ਼ਨਿਕ ਅਤੇ ਤਕਨੀਕੀ ਕੁਸ਼ਲਤਾ ਅਤੇ ਤਾਲਮੇਲ ਕੌਸ਼ਲ ਦੀ ਵੀ ਪ੍ਰੀ ?ਖਆ ਹੈ। ਉਨ੍ਹਾਂ ਨੇ ਕਿਹਾ ਕਿ ਇਸ ਸਮੇਲ ਨ ਦਾ ਉਦੇਸ਼ ਸੀਨੀਅਰ ਅਧਿਕਾਰੀਆਂ ਅਤੇ ਪ੍ਰਧਾਨ ਜਨਗਣਨਾ ਅਧਿਕਾਰੀਆਂ ਨੂੰ ਜਨਗਣਨਾ ਦੀ ਕਾਰਜਪ੍ਰਣਾਲੀ ਅਤੇ ਪ੍ਰਕ੍ਰਿਆਵਾਂ ਅਤੇ ਉਨ੍ਹਾਂ ਦੀ ਭੂਮਿਕਾ ਅਤੇ ਜਿਮੇਂਵਾਰੀਆਂ ਦੇ ਪ੍ਰਤੀ ਸੰਵੇਦਨਸ਼ੀਲ ਬਨਾਉਣਾ ਹੈ। ਮੁੱਖ ਸਕੱਤਰ ਨੇ ਕਿਹਾ ਕਿ ਜਨਗਣਨਾ ਤੋਂ ਪ੍ਰਾਪਤ ਅੰਕੜੇ ਨੀਤੀ ਨਿਰਮਾਣ ਅਤੇ ਵਿਕਾਸ ਯੋਜਨਾਵਾਂ ਲਈ ਬਹੁਤ ਮਹਤੱਵਪੂਰਣ ਹੁੰਦੇ ਹਨ। ਸਾਲ 2011 ਦੀ ਜਨਗਣਨਾ ਦੇ ਅੰਕੜਿਆ ਨੇ ਰਾਜ ਵਿੱਚ ਘੱਟ ਬਾਲ ਲਿੰਗਨੁਪਾਤ ਬਾਲ ਜਿਲ੍ਹਿਆਂ ਦੀ ਪਹਿਚਾਣ ਕਰਨ ਵਿੱਚ ਮਦਦ ਕੀਤੀ ਅਤੇ ਬੇਟੀ ਬਚਾਓ-ਬੇਟੀ ਪੜਾਓ ਪ੍ਰੋਗਰਾਮ ਰਾਹੀਂ ਟਾਰਗੇਟ ਦਖਲਅੰਦਾਰੀ ਸੰਭਵ ਹੋਇਆ।

# ਅਨੁਸੂਚਿਤ ਜਾਤੀ ਵਰਗ ਲਈ 4 ਹਫਤੇ ਦੀ ਡੇਅਰੀ ਸਿਖਲਾਈ ਦਾ ਸਪੈਸ਼ਲ ਬੈਚ : ਰਣਦੀਪ ਹਾਂਡਾ

ਮਨਦੀਪ ਕੌਰ

ਫ਼ਿਰੋਜ਼ਪੁਰ, ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਰਣਦੀਪ ਹਾਂਡਾ ਜੀ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤੇ ਦਾ ਡੇਅਰੀ ਉੱਦਮ ਸਿਖਲਾਈ ਕੋਰਸ ਮਿਤੀ 23 ਫਰਵਰੀ 2026 ਤੋਂ 20 ਮਾਰਚ 2026 ਤੱਕ ਚਲਾਇਆ ਜਾ ਰਿਹਾ ਹੈ। ਇਹ ਬੈਚਅਨੁਸੂਚਿਤ ਜਾਤੀ ਵਰਗ ਲਈ ਸਪੈਸ਼ਲ ਬੈਚ ਵਜੋਂ ਡੇਅਰੀ ਸਿਖਲਾਈ ਕੇਂਦਰ ਤਰਨਤਾਰਨ ਅਤੇ ਡੇਅਰੀ ਸਿਖਲਾਈ ਕੇਂਦਰ ਗਿੱਲ (ਮੋਗਾ) ਵਿਖੇ ਚਲਾਇਆ ਜਾ ਰਿਹਾ ਹੈ। ਜਿਸ ਵਿੱਚ ਦੁੱਧ ਤੋਂ ਦੁੱਧ ਪਦਾਰਥ ਬਣਾਉਣ, ਡੇਅਰੀ ਫਾਰਮ ਦਾ ਪ੍ਰਬੰਧ, ਦੁਧਾਰੂ ਪਸ਼ੂਆਂ ਦੇ ਅੰਦਰੂਨੀ ਪ੍ਰਬੰਧਨ ਅਤੇ ਸੰਤੁਲਿਤ ਪਸ਼ੂ ਖੁਰਾਕ ਸਬੰਧੀ ਆਧੁਨਿਕ ਤਕਨੀਕ ਨਾਲ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਸ ਸਿਖਲਾਈ ਲਈ ਜਿਲ੍ਹਾ ਫਿਰੋਜਪੁਰ ਦੇ ਚਾਹਵਾਨ ਡੇਅਰੀ ਫਾਰਮਰ 23 ਫਰਵਰੀ ਤੋਂ ਪਹਿਲਾਂ ਮੈਟ੍ਰਿਕ ਦਾ ਸਰਟੀਫਿਕੇਟ, ਅਧਾਰ ਕਾਰਡ, ਪਾਸਪੋਰਟ ਸਾਈਜ ਫੋਟੋ, ਅਨੁਸੂਚਿਤ ਜਾਤੀ ਸਰਟੀਫਿਕੇਟ, ਸਮੇਤ ਬੈਂਕ ਖਾਤੇ ਦੀ ਕਾਪੀ ਲੈ ਕੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਨਾਲ ਹੇਠ ਦਿੱਤੇ ਗਏ ਮੋਬਾਈਲ ਨੰਬਰ ਨਾਲ ਸੰਪਰਕ ਕਰਨ।



ਟ੍ਰੇਨਿੰਗ ਲਈ ਫਾਰਮਰਾਂ ਦੀ ਫੀਸ 4000 ਰੁਪਏ ਹੈ। ਫੀਸ ਨਕਦ ਲਈ ਜਾਵੇਗੀ। ਸਿਖਲਾਈ ਸਫਲਤਾਪੂਰਵਕ ਪ੍ਰਾਪਤ ਕਰਨ ਤੋਂ ਬਾਅਦ ਲਈ ਗਈ ਫੀਸ 4000 ਰੁਪਏ ਸਿਖਿਆਰਥੀ ਦੇ ਬੈਂਕ ਖਾਤੇ ਵਿੱਚ ਵਾਪਸ ਕਰ ਦਿੱਤੀ ਜਾਵੇਗੀ। ਬੈਂਕਾਂ ਤੋਂ ਸਸਤੀਆਂ ਵਿਆਜ ਦਰਾਂ ਤੇ ਕਰਜਾ ਮੁਹੱਈਆ ਕਰਵਾਇਆ ਜਾਵੇਗਾ, ਜਿਸ ਤੇ ਅਨੁਸੂਚਿਤ ਜਾਤੀ ਨੂੰ 33 ਫੀਸਦੀ ਸਬਸਿਡੀ ਦਿੱਤੀ ਜਾਵੇਗੀ। ਇਸ ਸਬੰਧੀ ਨਿਰਧਾਰਤ ਪ੍ਰੋਫਾਰਮੇ ਲਈ ਪ੍ਰਾਸਪੈਕਟ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਫਿਰੋਜਪੁਰ (ਫੋਨ ਨੰ: 9779352959) ਤੋਂ 100 ਰੁਪਏ ਨਕਦ ਦੇ ਕੇ ਪ੍ਰਾਪਤ ਕੀਤੇ ਜਾ ਸਕਦੇ ਹਨ।



# 14ਵਾਂ ਆਯੂਸ਼ ਮੈਡੀਕਲ ਕੈਂਪ ਭੜਾਣਾ ਵਿਖੇ ਆਯੋਜਿਤ

ਐਸ.ਕੇ. ਸਕਸੈਨਾ

## 521 ਮਰੀਜ਼ਾਂ ਦੀ ਕੀਤੀ ਜਾਂਚ ਅਤੇ ਮੁਫ਼ਤ ਦਵਾਈਆਂ ਵੰਡੀਆਂ

ਫ਼ਿਰੋਜ਼ਪੁਰ, ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਾਇਰੈਕਟਰ ਆਫ ਆਯੁਰਵੇਦ, ਡਾਕਟਰ ਰਮਨ ਖੰਨਾ, ਜ਼ਿਲ੍ਹਾ ਆਯੁਰਵੇਦਿਕ ਯੂਨਾਨੀ ਅਫ਼ਸਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾਕਟਰ ਰੁਪਿੰਦਰ ਕੌਰ ਦੀ ਯੋਗ ਅਗਵਾਈ ਹੇਠ ਚੌਦਵਾਂ ਆਯੂਸ਼ ਕੈਂਪ, ਭੜਾਣਾ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੌਜੂਦਾ ਸਰਪੰਚ ਭੁਪਿੰਦਰ ਸਿੰਘ, ਗੁਰਸੇਵਕ ਸਿੰਘ (ਪੰਚ) ਵੱਲੋ ਕੀਤਾ ਗਿਆ। ਜ਼ਿਲ੍ਹਾ ਆਯੁਰਵੇਦਿਕ ਯੂਨਾਨੀ ਅਫ਼ਸਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਨੇ ਦੱਸਿਆ ਕਿ ਇਸ ਕੈਂਪ ਵਿੱਚ 521 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਫ੍ਰੀ ਸ਼ੂਗਰ ਟੈਸਟ ਕੀਤੇ ਗਏ ਅਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਆਯੂਸ਼ ਵਿਭਾਗ ਵਲੋਂ ਚੱਲ ਰਹੇ 15 ਆਯੂਸ਼ ਮੈਡੀਕਲ ਕੈਂਪ, ਜਿਨ੍ਹਾਂ ਵਿੱਚੋਂ ਹੁਣ ਤੱਕ 14 ਕੈਂਪ ਲਗਾਏ ਜਾ ਚੁੱਕੇ ਹਨ ਅਤੇ 7114 ਮਰੀਜਾਂ ਨੇ ਫ੍ਰੀ ਚੈੱਕ ਅੱਪ ਤੇ ਮੁਫ਼ਤ ਦਵਾਈਆਂ ਦਾ ਲਾਭ ਲਿਆ ਹੈ। ਇਸ ਕੈਂਪ ਦੀ ਸਫ਼ਲਤਾ ਵਿੱਚ ਆਯੂਰਵੈਦਿਕ ਵਿਭਾਗ ਵੱਲੋਂ ਡਾਕਟਰ ਰਾਕੇਸ਼ ਗਰੋਵਰ, ਡਾਕਟਰ ਜਸਕੰਵਲਪ੍ਰੀਤ ਕੌਰ, ਡਾਕਟਰ ਸੁਮਨ ਧੰਜੂ, ਅਤੇ ਸੁੱਖਪ੍ਰੀਤ ਸਿੰਘ, ਸ਼੍ਰੀਮਤੀ ਕਿੰਦਰ ਕੌਰ, ਸ਼੍ਰੀਮਤੀ ਬੇਅੰਤ ਕੌਰ ਉਪਵੈਦ ਤੇ ਬਲਵਿੰਦਰ ਸਿੰਘ, ਵਿਸ਼ਾਲ, ਸੁਰਜੀਤ ਕੌਰ ਯੋਗਾ ਇੰਸਟਰੱਕਟਰ ਅਤੇ ਹੋਮੀਓਪੈਥਿਕ ਵਿਭਾਗ ਵਲੋ ਡਾਕਟਰ ਸਤਨਾਮ ਸਿੰਘ ਗਿੱਲ ਅਤੇ ਗੁਰਵਿੰਦਰ ਸਿੰਘ, ਵਿਜੈ ਕੁਮਾਰ ਡਿਸਪੈਸਰ ਦਾ ਵਿਸ਼ੇਸ਼ ਸਹਿਯੋਗ ਰਿਹਾ।

# ਕੈਬਨਿਟ ਮੰਤਰੀ ਡਾ. ਰਵਜੋਤ ਨੇ ਵਿਧਾਨ ਸਭਾ ਸ਼ਾਮ ਚੁਰਾਸੀ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ’ਤੇ ਕੀਤੀ ਸਮੀਖਿਆ ਮੀਟਿੰਗ

## ਅਧਿਕਾਰੀਆਂ ਨੂੰ ਪੈਂਡਿੰਗ ਪ੍ਰੋਜੈਕਟਾਂ ਨੂੰ ਜਲਦ ਸ਼ੁਰੂ ਕਰਨ ਤੇ ਚੱਲ ਰਹੇ ਕਾਰਜਾਂ ’ਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼

ਕੈਪਟਨ ਸੁਭਾਸ਼ ਚੰਦਰ ਸ਼ਰਮਾ




ਹੁਸ਼ਿਆਰਪੁਰ, ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਇੱਕ ਵਿਸਥਾਰਤ ਮੀਟਿੰਗ ਕੀਤੀ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਾਲਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਮੀਟਿੰਗ ਦੀ ਸ਼ੁਰੂਆਤ ਵਿੱਚ ਕੈਬਨਿਟ ਮੰਤਰੀ ਨੇ ਲੋਕ ਨਿਰਮਾਣ ਵਿਭਾਗ ਅਤੇ ਮੰਡੀ ਬੋਰਡ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਵਿਧਾਨ ਸਭਾ ਹਲਕੇ ਵਿੱਚ ਲਗਭਗ 151 ਸੜਕਾਂ ’ਤੇ ਕਰੀਬ 280 ਕਿਲੋਮੀਟਰ ਦੀ ਉਸਾਰੀ ਅਤੇ ਮੁਰੰਮਤ ਦਾ ਕੰਮ ਚੱਲ ਰਿਹਾ ਹੈ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤਾਂ ਕਰਦਿਆਂ ਕਿਹਾ ਕਿ ਪੈਂਡਿੰਗ ਪਏ ਕੰਮਾਂ ਨੂੰ ਤੁਰੰਤ ਸ਼ੁਰੂ ਕੀਤਾ ਜਾਵੇ ਅਤੇ ਜੋ ਕੰਮ ਚੱਲ ਰਹੇ ਹਨ, ਉਨ੍ਹਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕਰਨ ਲਈ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਕੰਢੀ ਖੇਤਰ ਵਿੱਚ ਜੰਗਲਾਤ ਵਿਭਾਗ ਨਾਲ ਸਬੰਧਤ ਸਮੱਸਿਆਵਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਵੀ ਦਿੱਤੇ ਅਤੇ ਕਿਹਾ ਕਿ ਵਾਤਾਵਰਣ ਸੁਰੱਖਿਆ ਦੇ ਨਾਲ-ਨਾਲ ਸਥਾਨਕ ਜ਼ਰੂਰਤਾਂ ਵਿਚਕਾਰ ਸੰਤੁਲਨ ਬਣਾਈ ਰੱਖਿਆ ਜਾਵੇ। ਬਿਜਲੀ ਵਿਭਾਗ ਨੂੰ ਵੱਖ-ਵੱਖ ਖੇਤਰਾਂ ਵਿਚ ਟ੍ਰਾਂਸਫਾਰਮਰ ਸਥਾਪਿਤ ਕਰਨ, ਨਵੀਆਂ ਬਿਜਲੀ ਲਾਈਨਾਂ ਵਿਛਾਉਣ ਅਤੇ ਢਿੱਲੀਆਂ ਤਾਰਾਂ ਨੂੰ ਕੱਸਣ ਸਮੇਤ ਬਿਜਲੀ ਸਪਲਾਈ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ। ਕੈਬਨਿਟ ਮੰਤਰੀ ਨੇ ਮਾਰਕੀਟ ਕਮੇਟੀ ਨੂੰ ਮੰਡੀਆਂ ਵਿੱਚ ਫੜਾਂ ਦੀ ਸਮੇਂ ਸਿਰ ਉਸਾਰੀ ਨੂੰ ਯਕੀਨੀ ਬਣਾਉਣ ਅਤੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਸਬੰਧਤ ਸਮੱਸਿਆਵਾਂ ਦਾ ਜਲਦੀ ਹੱਲ ਕਰਨ ਲਈ ਕਿਹਾ। ਉਨ੍ਹਾਂ ਨੇ ਪਿੰਡਾਂ ਵਿੱਚ ਬਣਾਏ ਜਾ ਰਹੇ ਹੈਲਥ ਐਂਡ ਵੈਲਨੈਸ ਸੈਂਟਰਾਂ ਦੇ ਨਿਰਮਾਣ ਕਾਰਜ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਪਿੰਡਾਂ ਵਿੱਚ ਬਣਾਏ ਜਾ ਰਹੇ ਖੇਡ ਸਟੇਡੀਅਮਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਲੈਂਦੇ ਹੋਏ ਨੌਜਵਾਨਾਂ ਲਈ ਬਿਹਤਰ ਖੇਡ ਸਹੂਲਤਾਂ ਯਕੀਨੀ ਬਣਾਉਣ ’ਤੇ ਜ਼ੋਰ ਦਿੱਤਾ। ਮੀਟਿੰਗ ਦੌਰਾਨ ਸਿਹਤ, ਪੇਂਡੂ ਵਿਕਾਸ, ਸਮਾਜਿਕ ਸੁਰੱਖਿਆ, ਸਕੂਲ ਸਿੱਖਿਆ, ਭੂਮੀ ਸੰਭਾਲ, ਜਲ ਸਪਲਾਈ, ਜਲ ਸਰੋਤ, ਟਿਊਬਵੈੱਲ ਕਾਰਪੋਰੇਸ਼ਨ, ਸੀਵਰੇਜ ਬੋਰਡ ਅਤੇ ਨਗਰ ਕੌਂਸਲ ਹਰਿਆਣਾ ਅਤੇ ਸ਼ਾਮ ਚੁਰਾਸੀ ਨਾਲ ਸਬੰਧਤ ਵਿਕਾਸ ਕਾਰਜਾਂ ਅਤੇ ਸਮੱਸਿਆਵਾਂ ’ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਮ ਲੋਕਾਂ ਨਾਲ ਸਬੰਧਤ ਕੰਮਾਂ ਵਿੱਚ ਪਾਰਦਰਸ਼ਤਾ, ਗੁਣਵੱਤਾ ਅਤੇ ਸਮਾਂਬੱਧਤਾ ਨੂੰ ਪਹਿਲ ਦੇਣ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਹਲਕੇ ਦਾ ਸਰਵਪੱਖੀ ਵਿਕਾਸ ਸੂਬਾ ਸਰਕਾਰ ਦੀ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਟੀਮ ਭਾਵਨਾ ਨਾਲ ਕੰਮ ਕਰਨ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸੰਦੀਪ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡਾਂ ਦੇ ਸਰਪੰਚ ਅਤੇ ਪੰਚ ਵੀ ਮੌਜੂਦ ਸਨ।

# ਭਾਖੜਾ ਬਿਆਸ ਪ੍ਰਬੰਧ ਬੋਰਡ ਤਲਵਾੜਾ ਨੇ ਸਵੱਛਤਾ ਵਿਸ਼ੇ ’ਤੇ ਸੈਮੀਨਾਰ ਕਰਵਾਇਆ

ਪੰਕਜ



ਤਲਵਾੜਾ, ਭਾਖੜਾ ਬਿਆਸ ਪ੍ਰਬੰਧ ਬੋਰਡ ਤਲਵਾੜਾ ਵੱਲੋਂ ਸਵੱਛ ਭਾਰਤ ਮਿਸ਼ਨ ਦੇ ਤਹਿਤ ਅੱਜ ਸਵੱਛਤਾ ਵਿਸ਼ੇ ‘ਤੇ ਇੱਕ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸੈਮੀਨਾਰ ਦਾ ਉਦਘਾਟਨ ਡਿਪਟੀ ਚੀਫ ਇੰਜੀਨੀਅਰ ਵਿਮਲ ਕੁਮਾਰ ਮੀਨਾ ਵੱਲੋਂ ਕੀਤਾ ਗਿਆ। ਇਸ ਮੌਕੇ ਨਿਗਰਾਨ ਇੰਜੀਨੀਅਰ ਮਨਵੀਨ ਚੌਧਰੀ, ਕਾਰਜਕਾਰੀ ਇੰਜੀਨੀਅਰ ਗੌਰਵ ਲਾਂਬਾ ਅਤੇ ਸੰਜੇ ਡਢੀਚ ਸਮੇਤ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਮੁੱਖ ਮਹਿਮਾਨ ਡਿਪਟੀ ਚੀਫ ਇੰਜੀਨੀਅਰ ਵਿਮਲ ਕੁਮਾਰ ਮੀਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਵੱਛ ਭਾਰਤ ਅਭਿਆਨ ਦੀ ਸਫਲਤਾ ਲਈ ਪ੍ਰਸ਼ਾਸਨਿਕ ਅਤੇ ਸਮਾਜਿਕ ਪੱਧਰ ‘ਤੇ ਉਪਲਬਧ ਸਰੋਤਾਂ ਦਾ ਸਭ ਤੋਂ ਵਧੀਆ ਉਪਯੋਗ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਸਫਾਈ ਦੀ ਸ਼ੁਰੂਆਤ ਹਰ ਵਿਅਕਤੀ ਨੂੰ ਆਪਣੇ ਆਪ ਤੋਂ ਕਰਨੀ ਚਾਹੀਦੀ ਹੈ। ਕਚਰੇ ਦਾ ਸਹੀ ਨਿਪਟਾਰਾ ਕੀਤਾ ਜਾਵੇ, ਡਸਟਬਿਨ ਦੀ ਵਰਤੋਂ ਕੀਤੀ ਜਾਵੇ ਅਤੇ ਆਪਣੀ ਸੋਚ ਵਿੱਚ ਬਦਲਾਅ ਲਿਆਂਦਾ ਜਾਵੇ। ਉਨ੍ਹਾਂ ਨੇ ਅਪੀਲ ਕੀਤੀ ਕਿ ਹਰ ਕੋਈ ਆਪਣੀ ਕਾਲੋਨੀ ਅਤੇ ਆਸ-ਪਾਸ ਦੇ ਇਲਾਕੇ ਨੂੰ ਸਾਫ਼ ਰੱਖਣ ਵਿੱਚ ਸਹਿਯੋਗ ਦੇਵੇ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਕਾਰਾਤਮਕ ਸੋਚ ਨਾਲ ਅੱਗੇ ਵਧਣ ਨਾਲ ਹੀ ਇਹ ਅਭਿਆਨ ਸਫਲ ਹੋ ਸਕਦਾ ਹੈ। ਸੈਮੀਨਾਰ ਦੌਰਾਨ ਟਾਊਨਸ਼ਿਪਾਂ ਵਿੱਚ ਚੱਲ ਰਹੀਆਂ ਸਵੱਛਤਾ ਗਤੀਵਿਧੀਆਂ ਬਾਰੇ ਵੀ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਇੰਜੀਨੀਅਰ ਧੀਰਜ ਕੁਮਾਰ ਨੇ ਸਵੱਛਤਾ ਅਭਿਆਨ ਦੇ ਇਤਿਹਾਸ, ਉਦੇਸ਼ ਅਤੇ ਮਹੱਤਵ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਵਿਅਕਤੀਗਤ ਸਫਾਈ, ਪਲਾਸਟਿਕ ਪ੍ਰਦੂਸ਼ਣ ਰੋਕਥਾਮ, ਸਿੰਗਲ ਯੂਜ਼ ਪਲਾਸਟਿਕ ਤੋਂ ਇਨਕਾਰ, ਜਲ ਸਵੱਛਤਾ, ਹਵਾ ਸਵੱਛਤਾ ਅਤੇ ਸਿਹਤ ਸਵੱਛਤਾ ਦੇ ਮੁੱਦਿਆਂ ‘ਤੇ ਰੋਸ਼ਨੀ ਪਾਈ ਅਤੇ ਨਾਗਰਿਕ ਫਰਜ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਇੰਜੀਨੀਅਰ ਗੁਲਸ਼ਨ ਕੁਮਾਰ ਨੇ ਘਰੇਲੂ ਸਵੱਛਤਾ, ਸਿੱਖਿਆ ਸੰਸਥਾਵਾਂ ਵਿੱਚ ਸਫਾਈ, ਸਮੁਦਾਇਕ ਸਵੱਛਤਾ ਅਤੇ ਕਚਰਾ ਪ੍ਰਬੰਧਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਇੰਜੀਨੀਅਰ ਜੇ.ਐਸ. ਗਿੱਲ ਨੇ ਸਵੱਛਤਾ ਅਭਿਆਨ ਅੱਗੇ ਆ ਰਹੀਆਂ ਚੁਣੌਤੀਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਇੰਜੀਨੀਅਰ ਧਰਮਿੰਦਰ ਸਿੰਘ ਨੇ ਸਵੱਛਤਾ ਸਬੰਧੀ ਧਾਰਮਿਕ ਸੰਦੇਸ਼ਾਂ ਦੀ ਵਿਆਖਿਆ ਕਰਦਿਆਂ ਕਿਹਾ ਕਿ ਹਰ ਧਰਮ ਸਫਾਈ ਅਤੇ ਪਵਿੱਤਰਤਾ ਦਾ ਉਪਦੇਸ਼ ਦਿੰਦਾ ਹੈ। ਸ਼ਿਵ ਕੁਮਾਰ ਨੇ ਸਮੂਹਿਕ ਭਾਗੀਦਾਰੀ ਦੀ ਮਹੱਤਤਾ ‘ਤੇ ਜ਼ੋਰ ਦਿੱਤਾ। ਇਸ ਮੌਕੇ ਮੰਡਲ ਅਧਿਕਾਰੀ ਗੋਪਾਲ ਸਿੰਘ, ਹਰਪ੍ਰੀਤ ਸਿੰਘ, ਸ਼ਿਵਮ ਗਰਗ, ਜੂਨੀਅਰ ਇੰਜੀਨੀਅਰ ਉਮਰਾਓ ਸਿੰਘ, ਰਵਿੰਦਰ ਸਿੰਘ, ਬਲਜੀਤ ਸਿੰਘ ਵੀ ਹਾਜ਼ਰ ਸਨ। ਅੰਤ ਵਿੱਚ ਸਾਰੇ ਹਾਜ਼ਰੀਨਾਂ ਨੇ ਸਵੱਛਤਾ ਅਭਿਆਨ ਨੂੰ ਸਫਲ ਬਣਾਉਣ ਲਈ ਸਮੂਹਿਕ ਯਤਨ ਕਰਨ ਦਾ ਸੰਕਲਪ ਲਿਆ।

# ਤਾਪਮਾਨ ਵਿੱਚ ਵਾਧਾ ਕਣਕ ਲਈ ਚੁਣੌਤੀ, ਮਾਹਿਰਾਂ ਨੇ ਜਾਰੀ ਕੀਤੀਆਂ ਹਦਾਇਤਾਂ

ਰਮਨ ਕੁਮਾਰ

ਹੁਸ਼ਿਆਰਪੁਰ, ਪੰਜਾਬ ਵਿੱਚ ਮੌਜੂਦਾ ਰਬੀ ਸੀਜ਼ਨ ਦੌਰਾਨ ਲਗਭਗ 95 ਫੀਸਦੀ ਰਕਬੇ ‘ਤੇ ਕਣਕ ਦੀ ਬਿਜਾਈ 25 ਅਕਤੂਬਰ ਤੋਂ 15 ਨਵੰਬਰ ਦਰਮਿਆਨ ਕੀਤੀ ਗਈ, ਜੋ ਕਿ ਕਣਕ ਬਿਜਾਈ ਲਈ ਢੁਕਵਾਂ ਸਮਾਂ ਮੰਨਿਆ ਜਾਂਦਾ ਹੈ। ਵਿਸ਼ੇਸ਼ ਤੌਰ ‘ਤੇ ਦਾਣੇ ਪੈਣ ਦੇ ਦੌਰਾਨ ਕਣਕ ਦੀ ਫਸਲ ਉੱਚ ਤਾਪਮਾਨ ਲਈ ਬਹੁਤ ਸੰਵੇਦਨਸ਼ੀਲ ਹੁੰਦੀ ਹੈ। ਇਸ ਦੌਰਾਨ ਵਧੇ ਤਾਪਮਾਨ ਦਾ ਦਾਣਿਆਂ ਦੇ ਭਾਰ ‘ਤੇ ਮਾੜਾ ਪ੍ਰਭਾਵ ਪੈਂਦਾ ਹੈ, ਜਿਸ ਨਾਲ ਝਾੜ੍ਹ ਅਤੇ ਗੁਣਵੱਤਾ ਵਿੱਚ ਘਟਾਓ ਆ ਸਕਦਾ ਹੈ। ਹਲਕੀ ਤੋਂ ਦਰਮਿਆਨੀ ਜ਼ਮੀਨ ਵਿੱਚ ਬੀਜੀ ਅਗੇਤੀ ਕਣਕ ਵੱਧ ਤਾਪਮਾਨ ਕਾਰਨ ਜਲਦੀ ਸਿੱਟੇ ਕੱਢ ਕੇ ਪੱਕ ਸਕਦੀ ਹੈ, ਜਿਸ ਨਾਲ ਦਾਣੇ ਕਮਜ਼ੋਰ ਰਹਿ ਜਾਂਦੇ ਹਨ। ਫਰਵਰੀ 2026 ਦੇ ਦੂਜੇ ਹਫਤੇ ਦੌਰਾਨ ਤਾਪਮਾਨ ਪਿਛਲੇ ਸਾਲ ਨਾਲੋਂ ਲਗਭਗ 2 ਤੋਂ 4 ਡਿਗਰੀ ਸੈਲਸੀਅਸ ਵੱਧ ਦਰਜ ਕੀਤਾ ਗਿਆ ਹੈ। ਮੌਜੂਦਾ ਹਾਲਾਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਹੈ ਕਿ ਕਣਕ ਦੀ ਫਸਲ ਨੂੰ ਹਲਕਾ ਪਾਣੀ ਲਗਾਇਆ ਜਾਵੇ। ਸਿੰਚਾਈ ਕਰਦੇ ਸਮੇਂ ਹਵਾ ਦੀ ਗਤੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਤਾਂ ਜੋ ਫਸਲ ਡਿੱਗਣ ਤੋਂ ਬਚ ਸਕੇ। ਫਸਲ ਵਿਗਿਆਨ ਵਿਭਾਗ ਦੇ ਡਾ. ਹਰੀ ਰਾਮ ਮੁਖੀ ਅਨੁਸਾਰ ਜਿਹੜੀ ਕਣਕ ਗੋਭ ਵਾਲੇ ਪੱਤੇ ਦੀ ਅਵਸਥਾ ‘ਤੇ ਹੈ, ਉਸ ਨੂੰ ਉੱਚ ਤਾਪਮਾਨ ਤੋਂ ਬਚਾਉਣ ਲਈ 2% ਪੋਟਾਸ਼ੀਅਮ ਨਾਈਟ੍ਰੇਟ (13:0:45) ਦੀ ਸਪਰੇਅ ਲਾਭਕਾਰੀ ਰਹਿੰਦੀ ਹੈ। ਇਸ ਲਈ 4 ਕਿਲੋਗ੍ਰਾਮ ਪੋਟਾਸ਼ੀਅਮ ਨਾਈਟ੍ਰੇਟ ਨੂੰ 200 ਲੀਟਰ ਪਾਣੀ ਵਿੱਚ ਘੋਲ ਕੇ ਪਹਿਲੀ ਸਪਰੇਅ ਗੋਭ ਵਾਲਾ ਪੱਤਾ ਨਿਕਲਣ ਸਮੇਂ ਅਤੇ ਦੂਜੀ ਬੂਰ ਪੈਣ ਵੇਲੇ ਕੀਤੀ ਜਾ ਸਕਦੀ ਹੈ। ਸਪਰੇਅ ਹਮੇਸ਼ਾਂ ਸ਼ਾਮ ਦੇ ਸਮੇਂ ਕਰਨੀ ਚਾਹੀਦੀ ਹੈ। ਮਾਹਿਰਾਂ ਅਨੁਸਾਰ ਹਲਕੀ ਸਿੰਚਾਈ ਅਤੇ ਪੋਟਾਸ਼ੀਅਮ ਨਾਈਟ੍ਰੇਟ ਦੀ ਸਪਰੇਅ ਨਾਲ ਵਧਦੇ ਤਾਪਮਾਨ ਦੇ ਮਾੜੇ ਪ੍ਰਭਾਵ ਨੂੰ ਕਾਫੀ ਹੱਦ ਤੱਕ ਘਟਾਇਆ ਜਾ ਸਕਦਾ ਹੈ। ਫਾਰਮ ਸਲਾਹਕਾਰ ਸੇਵਾ ਕੇਂਦਰ ਗੰਗੀਆਂ ਦੀ ਪ੍ਰਮੁੱਖ ਪਸਾਰ ਵਿਗਿਆਨੀ ਡਾ. ਚਰਨਜੀਤ ਕੌਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਨੂੰ ਅਪਣਾ ਕੇ ਕਣਕ ਦੀ ਫਸਲ ਨੂੰ ਵੱਧਦੇ ਤਾਪਮਾਨ ਦੇ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ।

# ਗੈਂਗਸਟਰਾਂ ’ਤੇ ਵਾਰ ਦਾ 30ਵਾਂ ਦਿਨ: ਪੰਜਾਬ ਪੁਲਿਸ ਵੱਲੋਂ 645 ਥਾਈਂ ਛਾਪੇਮਾਰੀ ; 236 ਗ੍ਰਿਫ਼ਤਾਰ

ਮਨਦੀਪ ਕੌਰ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਫੈਸਲਾਕੁੰਨ ਮੁਹਿੰਮ ‘ਗੈਂਗਸਟਰਾਂ ’ਤੇ ਵਾਰ’ ਦੇ 30ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 645 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ‘ਗੈਂਗਸਟਰਾਂ ’ਤੇ ਵਾਰ’-ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ, ਜਿਸਦੀ ਸ਼ੁਰੂਆਤ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ 20 ਜਨਵਰੀ, 2026 ਨੂੰ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਅੱਜ 30ਵੇਂ ਦਿਨ ਪੁਲਿਸ ਟੀਮਾਂ ਨੇ 236 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਹਥਿਆਰ ਬਰਾਮਦ ਕੀਤੇ, ਜਿਸ ਦੇ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 10,214 ਹੋ ਗਈ ਹੈ। ਇਸ ਤੋਂ ਇਲਾਵਾ 79 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 121 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 12 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ—93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ । ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਨੂੰ 355ਵੇਂ ਦਿਨ ਵੀ ਜਾਰੀ ਰੱਖਦਿਆਂ, 100 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 7.7 ਕਿਲੋ ਹੈਰੋਇਨ, 100 ਗ੍ਰਾਮ ਅਫੀਮ, 6631 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8760 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ । ਇਸ ਦੇ ਨਾਲ ਸਿਰਫ 355 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 50,338 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 37 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਬੋਰਡ ਪ੍ਰੀਖਿਆ ਦੇਣ ਵਾਲੇ 6,695 ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਲਈ 3,255 ਵਿਸ਼ੇਸ਼ ਕੇਂਦਰ ਕੀਤੇ ਸਥਾਪਤ : ਬੈਂਸ

## ਤਣਾਅ-ਮੁਕਤ ਪ੍ਰੀਖਿਆ ਨੂੰ ਯਕੀਨੀ ਬਣਾਉਣ ਲਈ 2,804 ਕੇਂਦਰ ਇੱਕ ਇੱਕ ਵਿਦਿਆਰਥੀ ਲਈ ਕੀਤੇ ਸਥਾਪਤ: ਹਰਜੋਤ ਸਿੰਘ ਬੈਂਸ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਚੰਡੀਗੜ੍ਹ, 19 ਫਰਵਰੀ: ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਦੱਸਿਆ ਕਿ ਭਗਵੰਤ ਮਾਨ ਸਰਕਾਰ ਵੱਲੋਂ 17 ਫਰਵਰੀ, 2026 ਤੋਂ ਸ਼ੁਰੂ ਹੋਈਆਂ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਾਲੇ ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਾਰਿਆਂ ਲਈ ਸਿੱਖਿਆ ਦੇ ਬਰਾਬਰ ਮੌਕੇ ਯਕੀਨੀ ਬਣਾਉਣ ਵੱਲ ਅਹਿਮ ਕਦਮ ਚੁੱਕਦਿਆਂ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ 6,695 ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਲਈ 3,255 ਵਿਸ਼ੇਸ਼ ਪ੍ਰੀਖਿਆ ਕੇਂਦਰ ਸਥਾਪਤ ਕੀਤੇ ਹਨ ਤਾਂ ਜੋ ਹਰ ਵਿਦਿਆਰਥੀ ਪ੍ਰੀਖਿਆ ਵਿੱਚ ਮਾਣ ਅਤੇ ਵਿਸ਼ਵਾਸ ਨਾਲ ਹਿੱਸਾ ਲੈ ਸਕੇ। ਉਨ੍ਹਾਂ ਦੱਸਿਆ ਕਿ ਕੁੱਲ 3,255 ਵਿਸ਼ੇਸ਼ ਕੇਂਦਰਾਂ ਵਿੱਚੋਂ, 2,804 ਕੇਂਦਰ ਇੱਕ-ਇੱਕ ਵਿਦਿਆਰਥੀ ਲਈ ਸਥਾਪਿਤ ਕੀਤੇ ਗਏ ਹਨ, ਜੋ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਲਈ ਇੱਕ ਵਿਅਕਤੀਗਤ, ਤਣਾਅ-ਮੁਕਤ ਅਤੇ ਅਨੁਕੂਲ ਪ੍ਰੀਖਿਆ ਮਾਹੌਲ ਨੂੰ ਯਕੀਨੀ ਬਣਾਉਂਦੇ ਹਨ। ਹਰਜੋਤ ਸਿੰਘ ਬੈਂਸ ਨੇ ਕਿਹਾ, ÷ਸਾਡੀ ਸਰਕਾਰ ਸਮਾਵੇਸ਼ੀ ਸਿੱਖਿਆ ਨੂੰ ਮਜ਼ਬੂਤ ਕਰ ਰਹੀ ਹੈ। ਸਾਡਾ ਉਦੇਸ਼ ਸਿਰਫ਼ ਪ੍ਰੀਖਿਆਵਾਂ ਕਰਵਾਉਣ ਤੱਕ ਸੀਮਿਤ ਨਹੀਂ ਹੈ। ਇਹ ਹਰ ਬੱਚੇ ਲਈ ਮਾਣ-ਸਨਮਾਨ ਅਤੇ ਸਮਾਨਤਾ ਨੂੰ ਯਕੀਨੀ ਬਣਾਉਣ ਬਾਰੇ ਹੈ। ਅਸੀਂ ਇੱਕ ਅਜਿਹਾ ਮਾਹੌਲ ਸਿਰਜਣ ਲਈ ਵਚਨਬੱਧ ਹਾਂ ਜਿੱਥੇ ਸਾਡੇ ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀ ਖੁਦ ਨੂੰ ਸਸ਼ਕਤ ਮਹਿਸੂਸ ਕਰਨ।÷ ਰਾਈਟਸ ਟੂ ਪਰਸਨਸ ਵਿਦ ਡਿਸਅਬਿਲੀਟੀ ਐਕਟ, 2016 ਦੇ ਉਪਬੰਧਾਂ ਮੁਤਾਬਕ, ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਅਕਤੀਗਤ ਜ਼ਰੂਰਤਾਂ ਅਨੁਸਾਰ ਸਕ੍ਰਾਈਬ ਅਤੇ ਵਾਧੂ ਸਮੇਂ, ਰੈਂਪ ਅਤੇ ਨਿਰਵਿਘਨ ਪਹੁੰਚ ਵਾਲੇ ਗਰਾਊਂਡ-ਫਲੋਰ ‘ਤੇ ਸਥਿਤ ਪ੍ਰੀਖਿਆ ਹਾਲ, ਧਿਆਨ ਭਟਕਣ ਨੂੰ ਘੱਟ ਤੋਂ ਘੱਟ ਕਰਨ ਲਈ ਵੱਖਰੇ ਸ਼ਾਂਤ ਕਮਰੇ, ਵੱਡੇ ਪ੍ਰਿੰਟ ਵਾਲੇ ਪ੍ਰਸ਼ਨ ਪੱਤਰ ਅਤੇ ਹੋਰ ਪਹੁੰਚਯੋਗ ਫਾਰਮੈਟਾਂ ਦੇ ਨਾਲ-ਨਾਲ ਜਿੱਥੇ ਵੀ ਲੋੜ ਹੋਵੇ ਡਾਕਟਰੀ ਸਹਾਇਤਾ ਯਕੀਨੀ ਬਣਾਈ ਗਈ ਹੈ। ਇਸ ਪਹਿਲਕਦਮੀ ਨੂੰ ਇੱਕ ਅਹਿਮ ਮੀਲ ਪੱਥਰ ਦੱਸਦਿਆਂ, ਹਰਜੋਤ ਸਿੰਘ ਬੈਂਸ ਨੇ ਕਿਹਾ, ÷ਇਹ ਇੱਕ ਨਿਆਂਪੂਰਨ ਅਤੇ ਬਰਾਬਰੀ ਵਾਲਾ ਸਮਾਜ ਸਿਰਜਣ ਵੱਲ ਸਾਡੇ ਉਪਰਾਲਿਆਂ ਵਿੱਚ ਇੱਕ ਅਹਿਮ ਮੀਲ ਪੱਥਰ ਹੈ। ਪੰਜਾਬ ਸਰਕਾਰ ਹਰੇਕ ਵਿਦਿਆਰਥੀ ਨੂੰ ਸਫਲ ਹੋਣ ਲਈ ਲੋੜੀਂਦੇ ਸਾਧਨਾਂ ਅਤੇ ਮੌਕਿਆਂ ਨਾਲ ਸਸ਼ਕਤ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।÷ ਪੀਐਸਈਬੀ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਸਾਰੇ ਸੈਂਟਰ ਸੁਪਰਡੈਂਟਾਂ ਅਤੇ ਸਟਾਫ਼ ਨੂੰ ਆਪਣੀਆਂ ਡਿਊਟੀਆਂ ਪੂਰੀ ਸੰਵੇਦਨਸ਼ੀਲਤਾ ਅਤੇ ਤਨਦੇਹੀ ਨਾਲ ਨਿਭਾਉਣ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ, ÷11 ਵਰਗਾਂ ਦੀਆਂ ਅਪੰਗਤਾਵਾਂ ਨੂੰ ਕਵਰ ਕਰਨ ਵਾਲੇ ਇਹਨਾਂ ਵਿਸ਼ੇਸ਼ ਕੇਂਦਰਾਂ ਦਾ ਨੈੱਟਵਰਕ ਪੰਜਾਬ ਸਰਕਾਰ ਦੀ ਸਮਾਵੇਸ਼ੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਅਤੇ ਵਿਦਿਆਰਥੀਆਂ ਨੂੰ ਮਿਆਰੀ ਉਚੇਰੀ ਸਿੱਖਿਆ ਅਤੇ ਰੁਜ਼ਗਾਰ ਦੇ ਮੌਕੇ ਪ੍ਰਾਪਤ ਕਰਨ ਵਿੱਚ ਮਦਦ ਕਰੇਗਾ।





# ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਛੱਤਬੀੜ ਚਿੜੀਆਘਰ ਵਿੱਚ ਬਾਘ ਦੇ ਤਿੰਨ ਮਾਦਾ ਬੱਚਿਆਂ ਦਾ ਨਾਮ ਗਰਿਮਾ, ਗੁੰਜਨ ਤੇ ਗਜ਼ਲ ਰੱਖਿਆ

## ਜੰਗਲੀ ਜੀਵਾਂ ਦੀ ਸੰਭਾਲ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਛੱਤਬੀੜ ਚਿੜੀਆਘਰ ਦਾ ਫੇਸਬੁੱਕ ਅਤੇ ਇੰਸਟਾਗ੍ਰਾਮ ਅਕਾਊਂਟ ਕੀਤਾ ਜਾਰੀ

ਐਸ. ਕੇ. ਸਕਸੈਨਾ

ਚੰਡੀਗੜ੍ਹ, ਛੱਤਬੀੜ ਚਿੜੀਆਘਰ ਵਿਖੇ ਕਰਵਾਏ ਇੱਕ ਸ਼ਾਨਦਾਰ ਸਮਾਗਮ ਦੌਰਾਨ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਮਾਦਾ ਬਾਘ ਗੌਰੀ ਤੋਂ ਪੈਦਾ ਹੋਏ ਤਿੰਨ ਮਾਦਾ ਬੱਚਿਆਂ ਦਾ ਨਾਮ ਗਰਿਮਾ, ਗੁੰਜਨ ਤੇ ਗਜ਼ਲ ਰੱਖਿਆ। ਜ਼ਿਕਰਯੋਗ ਹੈ ਕਿ ਤਿੰਨੋਂ ਬੱਚੇ ਪਿਛਲੇ ਸਾਲ 5 ਨਵੰਬਰ ਨੂੰ ਪੈਦਾ ਹੋਏ ਸਨ ਅਤੇ ਇਹਨਾਂ ਨੂੰ ਹੁਣ 3 ਮਹੀਨੇ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਕਿਸੇ ਵੱਡੀ ਜਗ੍ਹਾ ਵਿੱਚ ਛੱਡਿਆ ਜਾਵੇਗਾ। ਇਨ੍ਹਾਂ 3 ਵਿੱਚੋਂ ਦੋ ਦਾ ਰੰਗ ਚਿੱਟਾ ਅਤੇ ਇੱਕ ਦਾ ਰੰਗ ਭੂਰਾ ਹੈ। ਇਸ ਨਾਲ ਚਿੜੀਆਘਰ ਵਿੱਚ ਬਾਘਾਂ ਦੀ ਕੁੱਲ ਗਿਣਤੀ 10 ਹੋ ਗਈ ਹੈ। ਜੰਗਲੀ ਜੀਵਾਂ ਦੀ ਸਾਂਭ ਸੰਭਾਲ ਅਤੇ ਲੋਕਾਂ ਨੂੰ ਉਨ੍ਹਾਂ ਦੀ ਭਲਾਈ ਅਤੇ ਦੇਖਭਾਲ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਦੇ ਹਿੱਸੇ ਵਜੋਂ, ਮੰਤਰੀ ਨੇ ਛੱਤਬੀੜ ਚਿੜੀਆਘਰ ਦਾ ਫੇਸਬੁੱਕ ਅਤੇ ਇੰਸਟਾਗ੍ਰਾਮ ਅਕਾਊਂਟ ਵੀ ਜਾਰੀ ਕੀਤਾ। ਸੋਸ਼ਲ ਮੀਡੀਆ ਨੂੰ ਜੰਗਲੀ ਜੀਵਾਂ ਅਤੇ ਕੁਦਰਤ ਦੀ ਸਾਂਭ-ਸੰਭਾਲ ਦਾ ਅਹਿਮ ਸਾਧਨ ਦੱਸਦਿਆਂ ਮੰਤਰੀ ਨੇ ਆਸ ਪ੍ਰਗਟਾਈ ਕਿ ਇਸ ਨਾਲ ਜੰਗਲੀ ਜੀਵਾਂ ਦੀ ਸੁਰੱਖਿਆ ਸਬੰਧੀ ਸੂਬਾ ਸਰਕਾਰ ਦੇ ਯਤਨਾਂ ਦੀ ਪਹੁੰਚ ਵਿੱਚ ਹੋਰ ਵੀ ਵਾਧਾ ਹੋਵੇਗਾ। ਇੱਕ ਹੋਰ ਅਹਿਮ ਜਾਣਕਾਰੀ ਦਿੰਦਿਆਂ ਸ੍ਰੀ ਕਟਾਰੂਚੱਕ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਵਿੱਚ ਚਿੜੀਆਘਰ ਦੀ ਗੋਲਡਨ ਜੁਬਲੀ (50 ਸਾਲ) ਪੂਰੀ ਹੋ ਜਾਵੇਗੀ ਅਤੇ ਵਿਭਾਗ ਵੱਲੋਂ ਇਸ ਅਹਿਮ ਮੌਕੇ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੀਫ਼ ਵਾਈਲਡਲਾਈਫ ਵਾਰਡਨ ਬਸੰਤਾ ਰਾਜ ਕੁਮਾਰ ਅਤੇ ਛੱਤਬੀੜ ਚਿੜੀਆਘਰ ਦੇ ਫੀਲਡ ਡਾਇਰੈਕਟਰ ਨਲਿਨ ਯਾਦਵ ਵੀ ਮੌਜੂਦ ਸਨ।








# ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਬੈਲ ਗੱਡੀਆਂ ਦੀਆਂ ਦੌੜਾਂ 'ਤੇ ਰੋਕ ਲੱਗੀ ਸੀ, ਅਸੀਂ ਕਾਨੂੰਨ ਵਿੱਚ ਸੋਧ ਕਰਕੇ ਮੁੜ ਸ਼ੁਰੂ ਕੀਤਾ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਜਦੋਂ ਬੱਚੇ ਮੈਦਾਨ ਵਿੱਚ ਮੁੜ੍ਹਕਾ ਵਹਾਉਣਗੇ ਅਤੇ ਘਰਾਂ ਨੂੰ ਤਗਮੇ ਲਿਆਉਣਗੇ ਤਾਂ ਕਿਸੇ ਵੀ ਨਸ਼ਾ ਵਿਰੋਧੀ ਮੁਹਿੰਮ ਦੀ ਲੋੜ ਨਹੀਂ ਰਹੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਐ.ਕੇ. ਸਕਸੈਨਾ

ਲੁਧਿਆਣਾ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਤਿਹਾਸਕ ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕਸ ਵਿੱਚ ਸ਼ਾਮਲ ਹੁੰਦਿਆਂ ਖੇਡਾਂ ਨੂੰ ਨਸ਼ਿਆਂ ਦੇ ਖਾਤਮੇ ਲਈ ਸਭ ਤੋਂ ਘਾਤਕ ਹਥਿਆਰ ਐਲਾਨਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਪੰਜਾਬ ਦੇ ਬਜਟ ਵਿੱਚ ਖੇਡਾਂ ਦੇ ਬਜਟ ਵਿੱਚ ਵਾਧਾ ਕੀਤਾ ਜਾਵੇਗਾ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲਿਜਾਣ ਲਈ ਠੋਸ ਯਤਨ ਕੀਤੇ ਜਾਣਗੇ। ਇਹ ਦੱਸਦਿਆਂ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਬੰਦ ਕੀਤੀਆਂ ਗਈਆਂ ਬੈਲ ਗੱਡੀਆਂ ਦੀਆਂ ਦੌੜਾਂ ਹੁਣ ਕਾਨੂੰਨ ਵਿੱਚ ਸੋਧ ਉਪਰੰਤ ਮੁੜ ਸ਼ੁਰੂ ਹੋ ਗਈਆਂ ਹਨ, ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਬੱਚੇ ਮੈਦਾਨ ਵਿੱਚ ਪਸੀਨਾ ਵਹਾਉਣਗੇ ਅਤੇ ਘਰਾਂ ਨੂੰ ਤਗਮੇ ਲਿਆਉਣਗੇ ਤਾਂ ਕਿਸੇ ਵੀ ਨਸ਼ਾ ਵਿਰੋਧੀ ਮੁਹਿੰਮ ਦੀ ਲੋੜ ਨਹੀਂ ਰਹੇਗੀ। ਕਿਲਾ ਰਾਏਪੁਰ ਖੇਡਾਂ ਦੀ ਪੁਨਰ ਸੁਰਜੀਤੀ ਨੂੰ ਪੰਜਾਬ ਦੇ ਪੇਂਡੂ ਸੱਭਿਆਚਾਰ ਅਤੇ ਵਿਰਾਸਤ ਦੀ ਝਲਕ ਦੱਸਦਿਆਂ, ਮੁੱਖ ਮੰਤਰੀ ਨੇ ਨਵੀਂ ਖੇਡ ਨੀਤੀ 2023 ਨੂੰ ਸੂਬੇ ਦੀਆਂ ਖੇਡਾਂ ਦੀ ਸ਼ਾਨ ਨੂੰ ਬਹਾਲ ਕਰਨ ਵੱਲ ਇੱਕ ਅਹਿਮ ਕਦਮ ਦੱਸਿਆ ਜਿਸ ਤਹਿਤ ਹਰ ਪਿੰਡ ਵਿੱਚ ਸਟੇਡੀਅਮ ਬਣਾਏ ਜਾਣਗੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਕਿਲਾ ਰਾਏਪੁਰ ਵਿੱਚ ਅੱਠ ਏਕੜ ਵਿੱਚ ਫੈਲੇ ਛੱਪੜ ਦਾ ਸੁੰਦਰੀਕਰਨ ਕੀਤਾ ਜਾਵੇਗਾ ਅਤੇ ਪਿੰਡ ਵਿੱਚ ਇੱਕ ਆਧੁਨਿਕ ਲਾਇਬ੍ਰੇਰੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਅਸੀਂ ਪਿਛਲੀਆਂ ਸਰਕਾਰਾਂ ਵੱਲੋਂ ਕੀਤੀ ਲੁੱਟ-ਖਸੁੱਟ ਦੀ ਲੀਕੇਜ ਨੂੰ ਬੰਦ ਕਰ ਰਹੇ ਹਾਂ, ਜਿਸ ਨਾਲ ਜਨਤਾ ਦਾ ਪੈਸਾ ਬਚਾਇਆ ਜਾ ਰਿਹਾ ਹੈ ਅਤੇ ਇਸ ਨੂੰ ਸਿੱਧਾ ਲੋਕਾਂ 'ਤੇ ਖਰਚ ਕੀਤਾ ਜਾ ਰਿਹਾ ਹੈ। ਕਿਲਾ ਰਾਏਪੁਰ ਪੇਂਡੂ ਓਲੰਪਿਕਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਖੇਡਾਂ ਨਸ਼ਿਆਂ ਦੇ ਖਾਤਮੇ ਦਾ ਸਭ ਤੋਂ ਘਾਤਕ ਹਥਿਆਰ ਹਨ ਅਤੇ ਸੂਬਾ ਸਰਕਾਰ ਸੂਬੇ ਦੇ ਆਉਣ ਵਾਲੇ ਬਜਟ ਵਿੱਚ ਖੇਡਾਂ ਦੇ ਬਜਟ ਵਿੱਚ ਵਾਧਾ ਕੀਤਾ ਜਾਵੇਗਾ।"ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਹਿਲਾਂ ਹੀ ਖੇਡਾਂ ਨੂੰ ਵੱਡੇ ਪੱਧਰ 'ਤੇ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, "ਪਿਛਲੀਆਂ ਸਰਕਾਰਾਂ ਵੱਲੋਂ ਨੌਜਵਾਨਾਂ ਦੇ ਵਿਕਾਸ ਲਈ ਅਹਿਮ ਖੇਤਰ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ, ਸਾਡੀ ਸਰਕਾਰ ਨੇ ਇਸ ਵੱਲ ਪੂਰਾ ਧਿਆਨ ਕੇਂਦਰਿਤ ਕੀਤਾ ਹੈ।"ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਿਜਾਣ ਲਈ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਢਾਂਚਾਗਤ ਸੁਧਾਰਾਂ 'ਤੇ ਚਾਨਣਾ ਪਾਉਂਦਿਆ ਮੁੱਖ ਮੰਤਰੀ ਨੇ ਕਿਹਾ, ÷ਨਵੀਂ ਖੇਡ ਨੀਤੀ 2023 ਪੰਜਾਬ ਦੀਆਂ ਖੇਡਾਂ ਦੀ ਸ਼ਾਨ ਨੂੰ ਬਹਾਲ ਕਰਨ ਲਈ ਸ਼ੁਰੂ ਕੀਤੀ ਗਈ ਸੀ ਅਤੇ ਹੁਣ ਖੇਡ ਬਜਟ ਨੂੰ ਵੀ ਹੋਰ ਵਧਾਇਆ ਜਾਵੇਗਾ।÷ ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ÷ਖੇਡਾਂ ਵਤਨ ਪੰਜਾਬ ਦੀਆਂ÷ ਦੇ ਤਿੰਨ ਸੀਜ਼ਨ ਸਫਲਤਾਪੂਰਵਕ ਕਰਵਾਏ ਗਏ ਜਿਸ ਦੌਰਾਨ ਇੱਕੋ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ ਹਿੱਸਾ ਲੈਂਦੀਆਂ ਵੇਖੀਆਂ ਗਈਆਂ। ਉਨ੍ਹਾਂ ਕਿਹਾ, ÷ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਅੱਜ ਖੇਡਾਂ ਵਿੱਚ ਦੇਸ਼ ਦੀ ਅਗਵਾਈ ਕਰ ਰਿਹਾ ਹੈ ਅਤੇ ਮੁੱਖ ਭਾਰਤੀ ਟੀਮਾਂ ਦੇ ਕਪਤਾਨ ਪੰਜਾਬ ਤੋਂ ਹਨ।÷ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਸੂਬੇ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਹੈ ਅਤੇ ਖੇਡਾਂ ਇਸ ਜੰਗ ਵਿੱਚ ਸਭ ਤੋਂ ਵੱਡਾ ਹਥਿਆਰ ਹਨ।"ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਹਰ ਪਿੰਡ ਵਿੱਚ ਸਟੇਡੀਅਮ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਸੂਬੇ ਦੇ ਨੌਜਵਾਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵਿੱਚ ਤਗਮੇ ਜਿੱਤ ਕੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਰਹੇ ਹਨ। ਕਿਲਾ ਰਾਏਪੁਰ ਖੇਡਾਂ ਨੂੰ ਪੇਂਡੂ ਸੱਭਿਆਚਾਰ ਅਤੇ ਵਿਰਾਸਤ ਦੀ ਝਲਕ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਇਸ ਵਿਰਾਸਤ ਨੂੰ ਮੁੜ ਸੁਰਜੀਤ ਕੀਤਾ ਹੈ।"ਇਸ ਨੂੰ ਇੱਕ ਇਤਿਹਾਸਕ ਪਲ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਖੇਡਾਂ ਵਿਸ਼ਵ ਪੱਧਰ 'ਤੇ ਪ੍ਰਸਿੱਧ ਹਨ ਅਤੇ ਲੰਬੇ ਸਮੇਂ ਤੋਂ ਬੈਲ ਗੱਡੀਆਂ ਦੀਆਂ ਦੌੜਾਂ ਨੂੰ ਮੁੜ ਸ਼ੁਰੂ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ, "ਅਸੀਂ ਇਤਿਹਾਸਕ ਪਲਾਂ ਦੇ ਗਵਾਹ ਬਣ ਰਹੇ ਹਾਂ। ਲੋਕਾਂ ਨੂੰ ਆਪਣੇ ਬੈਲਾਂ ਨਾਲ ਬਹੁਤ ਪਿਆਰ ਹੈ ਅਤੇ ਉਹ ਉਨ੍ਹਾਂ ਨੂੰ ਆਪਣੇ ਪੁੱਤਰਾਂ ਵਾਂਗ ਪਾਲਦੇ ਹਨ।"ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਤੀਜੇ ਸਾਲ ਕਿਲ੍ਹਾ ਰਾਏਪੁਰ ਦੇ ਗਰੇਵਾਲ ਸਟੇਡੀਅਮ ਵਿਖੇ ਪੇਂਡੂ ਓਲੰਪਿਕ 2026 ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮੇਲੇ ਦਾ ਮੁੱਖ ਆਕਰਸ਼ਣ ਬੈਲ ਗੱਡੀਆਂ ਦੀਆਂ ਦੌੜਾਂ 12 ਸਾਲਾਂ ਦੇ ਅੰਤਰਾਲ ਤੋਂ ਬਾਅਦ ਮੁੜ ਸੁਰਜੀਤ ਹੋਈਆਂ ਹਨ। ਬੈਲ ਗੱਡੀਆਂ ਦੀਆਂ ਦੌੜਾਂ ਨੂੰ ਮੁੜ ਸ਼ੁਰੂ ਕਰਨ ਸਬੰਧੀ ਕਾਨੂੰਨੀ ਵਿਵਸਥਾ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "11 ਜੁਲਾਈ, 2025 ਨੂੰ ਪੰਜਾਬ ਵਿਧਾਨ ਸਭਾ ਵਿੱਚ 'ਜਾਨਵਰਾਂ 'ਤੇ ਅੱਤਿਆਚਾਰ ਦੀ ਰੋਕਥਾਮ (ਪੰਜਾਬ ਸੋਧ) ਐਕਟ, 2025' ਸਰਬਸੰਮਤੀ ਨਾਲ ਪਾਸ ਕੀਤਾ ਗਿਆ ਸੀ ਜਿਸ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਨ ਦਾ ਰਾਹ ਪੱਧਰਾ ਹੋਇਆ ਸੀ।"ਉਨ੍ਹਾਂ ਅੱਗੇ ਕਿਹਾ ਕਿ ਕਾਨੂੰਨ ਪਾਸ ਹੋਣ ਤੋਂ ਬਾਅਦ 29 ਜੁਲਾਈ, 2025 ਨੂੰ ਲੁਧਿਆਣਾ ਦੇ ਪਿੰਡ ਮਹਿਮਾ ਸਿੰਘ ਵਾਲਾ ਵਿਖੇ ਵਿਰਾਸਤੀ ਖੇਡ ਪ੍ਰੇਮੀਆਂ ਵੱਲੋਂ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ ਸੀ। ਉਨ੍ਹਾਂ ਕਿਹਾ, "ਬੈਲ ਗੱਡੀਆਂ ਦੀਆਂ ਦੌੜਾਂ ਸਾਡੀ ਪੇਂਡੂ ਵਿਰਾਸਤ ਨੂੰ ਦਰਸਾਉਂਦੀਆਂ ਹਨ ਅਤੇ ਸਾਨੂੰ ਸਾਡੇ ਸੱਭਿਆਚਾਰ ਤੇ ਵਿਰਾਸਤ ਨਾਲ ਜੋੜਦੀਆਂ ਹਨ। ਇਹ ਰਵਾਇਤੀ ਖੇਡਾਂ ਦੀ ਪੁਨਰ ਸੁਰਜੀਤੀਕਰਨ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਬੈਲ ਸੂਬੇ ਦੀ ਸੱਭਿਆਚਾਰਕ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਹਨ ਅਤੇ ਪਹਿਲੇ ਸਿੱਖ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਰਤਾਰਪੁਰ ਸਾਹਿਬ ਵਿਖੇ ਲੰਮਾ ਸਮਾਂ ਬਲਦਾਂ ਨਾਲ ਖੇਤੀ ਕੀਤੀ।÷ ਉਨ੍ਹਾਂ ਅੱਗੇ ਕਿਹਾ ਕਿ ਜਦੋਂ ਬੈਲ ਗੱਡੀਆਂ ਦੀਆਂ ਦੌੜਾਂ 'ਤੇ ਪਾਬੰਦੀ ਲਗਾਉਣ ਵਾਲਾ ਕਾਨੂੰਨ ਲਾਗੂ ਕੀਤਾ ਗਿਆ ਤਾਂ ਵਿਰਾਸਤੀ ਖੇਡ ਪ੍ਰੇਮੀਆਂ ਨੂੰ ਵੱਡਾ ਝਟਕਾ ਲੱਗਾ ਅਤੇ ਰਵਾਇਤੀ ਖੇਡ ਵਿਰਾਸਤ ਨੂੰ ਨੁਕਸਾਨ ਭਾਰੀ ਹੋਇਆ। ਉਨ੍ਹਾਂ ਕਿਹਾ, ÷ਇਹ ਖੇਡ ਮੇਲਾ ਪੰਜਾਬੀ ਸੱਭਿਆਚਾਰ ਦੀ ਇੱਕ ਜਿਉਂਦੀ ਜਾਗਦੀ ਤਸਵੀਰ ਹੈ, ਜਿੱਥੇ ਕੁਸ਼ਤੀ, ਨੱਚਣ-ਗਾਉਣ ਵਰਗੀਆਂ ਖੇਡਾਂ ਰਾਹੀਂ ਪੰਜਾਬ ਦੀ ਮਹਾਨ ਵਿਰਾਸਤ ਨੂੰ ਨਿਹਾਰਿਆ ਜਾ ਸਕਦਾ ਹੈ।÷ ਇਸ ਸਮਾਗਮ ਨਾਲ ਜੁੜੀ ਵਿਰਾਸਤ ਨੂੰ ਯਾਦ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਧਿਆਨ ਚੰਦ, ਬਲਬੀਰ ਸਿੰਘ, ਊਧਮ ਸਿੰਘ, ਪ੍ਰਿਥੀਪਾਲ ਸਿੰਘ, ਅਜੀਤਪਾਲ ਸਿੰਘ ਅਤੇ ਸੁਰਜੀਤ ਸਿੰਘ ਵਰਗੇ ਮਹਾਨ ਹਾਕੀ ਖਿਡਾਰੀਆਂ ਨੇ ਇਸ ਸਮਾਗਮ ਵਿੱਚ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਏ। ਉਨ੍ਹਾਂ ਅੱਗੇ ਕਿਹਾ ਕਿ ਮਿਲਖਾ ਸਿੰਘ, ਮੱਖਣ ਸਿੰਘ, ਪ੍ਰਦੁਮਨ ਸਿੰਘ, ਗੁਰਬਚਨ ਸਿੰਘ ਰੰਧਾਵਾ ਅਤੇ ਪਰਵੀਨ ਕੁਮਾਰ ਸਮੇਤ ਦੇਸ਼ ਭਰ ਦੇ ਚੋਟੀ ਦੇ ਐਥਲੀਟ ਵੀ ਇਸ ਟਰੈਕ 'ਤੇ ਦੌੜੇ। ਇਹਨਾਂ ਖੇਡਾਂ ਦੀ ਸ਼ੁਰੂਆਤ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸਰਦਾਰ ਇੰਦਰ ਸਿੰਘ ਦੀ ਸਰਪ੍ਰਸਤੀ ਹੇਠ ਸਾਲ 1933 ਵਿੱਚ ਇਸ ਸਟੇਡੀਅਮ ਨੂੰ ਬਣਾਉਣ ਦਾ ਸੁਪਨਾ ਦੇਖਿਆ ਗਿਆ ਸੀ ਜਦੋਂ ਗਰੇਵਾਲ ਐਜੂਕੇਸ਼ਨ ਸੋਸਾਇਟੀ ਅਤੇ ਗਰੇਵਾਲ ਸਪੋਰਟਸ ਐਸੋਸੀਏਸ਼ਨ ਬਣਾਈ ਗਈ ਸੀ। ਉਨ੍ਹਾਂ ਕਿਹਾ ਕਿ ਇੱਥੇ ਪਹਿਲੇ ਕੁਸ਼ਤੀ ਮੁਕਾਬਲੇ ਸਾਲ 1933 ਵਿੱਚ ਹੋਏ ਅਤੇ ਸਾਲ 1942 ਵਿੱਚ ਇਸ ਮੈਦਾਨ 'ਤੇ ਰੱਥ ਦੌੜਾਂ ਸ਼ੁਰੂ ਹੋਈਆਂ, ਜੋ 1950 ਵਿੱਚ ਰੱਥਾਂ ਤੋਂ ਛਤਰੀਆਂ ਹਟਾਉਣ ਤੋਂ ਬਾਅਦ ਬੈਲ ਗੱਡੀਆਂ ਦੀਆਂ ਦੌੜਾਂ ਵਿੱਚ ਬਦਲ ਗਈਆਂ। ਉਨ੍ਹਾਂ ਕਿਹਾ, ÷ਬੈਲ ਗੱਡੀਆਂ ਦੀਆਂ ਦੌੜਾਂ ਦੇ ਨਾਲ-ਨਾਲ, ਇਸ ਸਟੇਡੀਅਮ ਵਿੱਚ ਐਥਲੈਟਿਕਸ ਮੁਕਾਬਲੇ ਵੀ ਸ਼ੁਰੂ ਹੋਏ ਜਿਸ ਨੇ ਕਈ ਪੀੜ੍ਹੀਆਂ ਨੂੰ ਖੇਡਾਂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।÷ ਉਨ੍ਹਾਂ ਕਿਹਾ ਕਿ ਸਾਲ 1964 ਵਿੱਚ ਇੱਥੇ ਕੁੜੀਆਂ ਦੇ ਐਥਲੈਟਿਕਸ ਮੁਕਾਬਲੇ ਸ਼ੁਰੂ ਕੀਤੇ ਗਏ, ਜਿਸ ਨਾਲ ਕੁੜੀਆਂ ਦੇ ਐਥਲੈਟਿਕਸ ਕਰਵਾਉਣ ਵਾਲਾ ਇਹ ਪਹਿਲਾ ਪੇਂਡੂ ਸਟੇਡੀਅਮ ਬਣ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਲ 1933 ਵਿੱਚ ਸ਼ੁਰੂ ਹੋਈਆਂ ਕਿਲ੍ਹਾ ਰਾਏਪੁਰ ਦੀਆਂ ਖੇਡਾਂ ਹੁਣ ÷ਮਿੰਨੀ ਓਲੰਪਿਕ÷ ਜਾਂ ÷ਪੇਂਡੂ ਓਲੰਪਿਕ÷ ਵਜੋਂ ਜਾਣੀਆਂ ਜਾਂਦੀਆਂ ਹਨ ਅਤੇ ਭਾਰਤ ਦੇ ਰਾਸ਼ਟਰਪਤੀ ਅਤੇ ਹੋਰ ਉੱਘੀਆਂ ਸ਼ਖਸੀਅਤਾਂ ਵੀ ਇਨ੍ਹਾਂ ਵਿੱਚ ਸ਼ਾਮਲ ਹੁੰਦੀਆਂ ਰਹੀਆਂ ਹਨ। ਪਿੰਡਾਂ ਵਿੱਚ ਭਾਈਚਾਰਕ ਸਾਂਝ ਅਤੇ ਏਕਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਨੇ ਕਿਲ੍ਹਾ ਰਾਏਪੁਰ ਦੇ ਵਸਨੀਕਾਂ ਵੱਲੋਂ ਖੇਡ ਵਿਰਾਸਤ ਨੂੰ ਇਕਜੁੱਟ ਹੋ ਕੇ ਪ੍ਰਫੁੱਲਤ ਕਰਨ ਲਈ ਸ਼ਲਾਘਾ ਕੀਤੀ ਅਤੇ ਸਾਰੇ ਪਿੰਡਾਂ ਨੂੰ ਰਾਜਨੀਤਿਕ ਮਤਭੇਦਾਂ ਤੋਂ ਉੱਪਰ ਉੱਠ ਕੇ ਪਿੰਡਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਕਿਲ੍ਹਾ ਰਾਏਪੁਰ ਦੇ ਵਾਸੀਆਂ ਦੀਆਂ ਮੰਗਾਂ ਦਾ ਜ਼ਿਕਰ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਈ ਵਿਕਾਸ ਪ੍ਰੋਜੈਕਟਾਂ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਦੀ ਫਿਰਨੀ ਵਾਲੀ ਸੜਕ ਨੂੰ 1.5 ਕਰੋੜ ਰੁਪਏ ਦੀ ਲਾਗਤ ਨਾਲ ਚੌੜਾ ਕੀਤਾ ਜਾਵੇਗਾ, ਪਿੰਡ ਦੀ ਸਹਿਕਾਰੀ ਸਭਾ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ, ਪਿੰਡ ਦੇ ਅੱਠ ਏਕੜ ਵਿੱਚ ਫੈਲੇ ਛੱਪੜ ਨੂੰ 95 ਲੱਖ ਰੁਪਏ ਦੀ ਲਾਗਤ ਨਾਲ ਸੀਚੇਵਾਲ ਮਾਡਲ 'ਤੇ ਵਿਕਸਤ ਕੀਤਾ ਜਾਵੇਗਾ, ਪਿੰਡ ਦੀ ਲਾਇਬ੍ਰੇਰੀ ਨੂੰ 10 ਲੱਖ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਜਾਵੇਗਾ ਅਤੇ ਸਿਕਸ-ਏ-ਸਾਈਡ ਹਾਕੀ ਐਸਟ ?ਰੋਟਰਫ ਦੇ ਨਿਰਮਾਣ 'ਤੇ 2 ਕਰੋੜ ਰੁਪਏ ਖਰਚ ਕੀਤੇ ਜਾਣਗੇ। ਸਟੇਡੀਅਮ ਵਿੱਚ ਫਲੱਡ ਲਾਈਟਾਂ ਲਗਾਈਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਡੇਹਲੋਂ ਤੋਂ ਪੱਖੋਵਾਲ ਸੜਕ ਦਾ 30 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾਵੇਗਾ ਅਤੇ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ। ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਲੋਕਾਂ ਨੂੰ 10 ਲੱਖ ਰੁਪਏ ਦੇ ਸਿਹਤ ਬੀਮਾ ਕਾਰਡ ਲਈ ਨਾਮ ਦਰਜ ਕਰਵਾਉਣ ਦੀ ਅਪੀਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਇਹ ਸੂਬੇ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਹਰ ਪਰਿਵਾਰ ਹੁਣ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਪ੍ਰਾਪਤ ਕਰਨ ਦਾ ਹੱਕਦਾਰ ਹੈ।÷ ਉਨ੍ਹਾਂ ਅੱਗੇ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਬਣਾਈ ਗਈ ਇਸ ਅਹਿਮ ਯੋਜਨਾ ਤੋਂ ਲਗਭਗ 65 ਲੱਖ ਪਰਿਵਾਰਾਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਪਾਸੋਂ ਹਲਵਾਰਾ ਹਵਾਈ ਅੱਡੇ ਦਾ ਨਾਮ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਣ ਦੀ ਮੰਗ ਕੀਤੀ ਹੈ, ਜੋ 19 ਸਾਲ ਦੀ ਉਮਰ ਵਿੱਚ ਸ਼ਹੀਦ ਹੋ ਗਏ ਸਨ। ਉਨ੍ਹਾਂ ਕਿਹਾ, ÷ਇਹ ਉਸ ਮਹਾਨ ਨਾਇਕ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ ਜਿਸਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਤੋਂ ਆਜ਼ਾਦ ਕਰਵਾਉਣ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ।÷ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਇਨ੍ਹਾਂ ਸ਼ਹੀਦਾਂ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਣ ਲਈ ਵਚਨਬੱਧ ਹੈ। ਇਸ ਮੌਕੇ 'ਤੇ 'ਆਪ' ਦੇ ਸੀਨੀਅਰ ਨੇਤਾ ਅਤੇ ਪੰਜਾਬ ਦੇ ਪਾਰਟੀ ਇੰਚਾਰਜ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਤਰੁਣਪ੍ਰੀਤ ਸਿੰਘ ਸੌਂਦ ਅਤੇ ਹੋਰ ਸਖਸ਼ੀਅਤਾਂ ਮੌਜੂਦ ਸਨ।




# ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਲਈ ਪੰਜਾਬ ਸਰਕਾਰ ਨੇ 10.50 ਏਕੜ ਜ਼ਮੀਨ ਦਾ ਕਬਜ਼ਾ ਲਿਆ : ਹਰਪਾਲ ਸਿੰਘ ਚੀਮਾ

## ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਪੂਰੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ: ਹਰਪਾਲ ਸਿੰਘ ਚੀਮਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਚੰਡੀਗੜ੍ਹ/ਜਲੰਧਰ, ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕਰਤਾਰਪੁਰ ਰੋਡ 'ਤੇ ਸਥਿਤ ਪਿੰਡ ਨੌਗੱਜਾ ਅਤੇ ਫਰੀਦਪੁਰ ਵਿਖੇ 10.50 ਏਕੜ ਜ਼ਮੀਨ ਦਾ ਕਬਜ਼ਾ ਲੈ ਕੇ 'ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ' ਦੀ ਸਥਾਪਨਾ ਵੱਲ ਇੱਕ ਨਿਰਣਾਇਕ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਗੁਰੂ ਰਵਿਦਾਸ ਜੀ ਦੀ ਵਿਰਾਸਤ ਦੇ ਸਤਿਕਾਰ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕਬਜ਼ਾ ਲੈਣ ਦੀ ਇਹ ਸਾਰੀ ਪ੍ਰਕਿਰਿਆ ਵਿੱਤ ਮੰਤਰੀ ਹਰਪਾਲ ਸਿੰਘ ਚੀਮ, ਵਿਧਾਇਕ ਬਲਕਾਰ ਸਿੰਘ, ਪੰਜਾਬ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਟੀਨੂੰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਮੁਕੰਮਲ ਕੀਤੀ ਗਈ। ਇਸ ਮੌਕੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਅਤਿ-ਆਧੁਨਿਕ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਉਸਾਰੀ ਲਈ 10.50 ਏਕੜ ਜ਼ਮੀਨ ਦਾ ਕਬਜ਼ਾ ਹਾਸਲ ਕਰ ਲਿਆ ਹੈ। ਇਸ ਜ਼ਮੀਨ ਦੀ ਵਰਤੋਂ ਹੁਣ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਇੱਕ ਵਿਸ਼ਵ ਪੱਧਰੀ ਸੰਸਥਾ ਬਣਾਉਣ ਲਈ ਕੀਤੀ ਜਾਵੇਗੀ। ਉਨ੍ਹਾਂ ਅੱਗੇ ਐਲਾਨ ਕੀਤਾ, ÷ਪੰਜਾਬ ਸਰਕਾਰ ਇਸ ਜਗ?ਹਾ ਤੋਂ ਹਾਈ-ਟੈਂਸ਼ਨ ਬਿਜਲੀ ਦੀਆਂ ਤਾਰਾਂ ਨੂੰ ਸ਼ਿਫਟ ਕਰਨ ਲਈ 55 ਲੱਖ ਰੁਪਏ ਦਾ ਖਰਚਾ ਸਹਿਣ ਕਰੇਗੀ ਤਾਂ ਜੋ ਉਸਾਰੀ ਦਾ ਕੰਮ ਬਿਨਾਂ ਕਿਸੇ ਦੇਰੀ ਦੇ ਸੁਚਾਰੂ ਢੰਗ ਨਾਲ ਚੱਲ ਸਕੇ।÷ ਵਿੱਤ ਮੰਤਰੀ ਨੇ ਦੱਸਿਆ, "ਜ਼ਮੀਨ ਦੀ ਰਜਿਸਟਰੀ ਪਹਿਲਾਂ ਹੀ ਹੋ ਚੁੱਕੀ ਸੀ ਅਤੇ ਹੁਣ ਕਬਜ਼ਾ ਮਿਲਣ ਨਾਲ ਇਹ ਪ੍ਰੋਜੈਕਟ ਲਾਗੂ ਹੋਣ ਦੇ ਅਹਿਮ ਪੜਾਅ ਵਿੱਚ ਦਾਖਲ ਹੋ ਗਿਆ ਹੈ। ਇਸ ਕੇਂਦਰ ਦਾ ਡਿਜ਼ਾਈਨ ਅਤੇ ਲੇਆਉਟ ਪਲਾਨ ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਦੀ ਸਲਾਹ ਨਾਲ ਮਾਹਿਰਾਂ ਵੱਲੋਂ ਤਿਆਰ ਕੀਤਾ ਜਾ ਰਿਹਾ ਹੈ। ਜਲਦੀ ਹੀ ਟੈਂਡਰ ਕੱਢੇ ਜਾਣਗੇ ਤਾਂ ਜੋ ਉਸਾਰੀ ਦਾ ਕੰਮ ਤੁਰੰਤ ਸ਼ੁਰੂ ਹੋ ਸਕੇ। ਭਗਵੰਤ ਮਾਨ ਸਰਕਾਰ ਦੇ ਸੰਕਲਪ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੁਨੀਆ ਭਰ ਵਿੱਚ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦੇ ਪ੍ਰਸਾਰ ਅਤੇ ਉਨ੍ਹਾਂ ਦੇ ਸੰਦੇਸ਼ ਨੂੰ ਫੈਲਾਉਣ ਵਾਲੇ ਵਿਦਵਾਨਾਂ ਨੂੰ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਪੰਜਾਬ ਸਰਕਾਰ ਗੁਰੂ ਜੀ ਦੀ ਅਧਿਆਤਮਿਕ ਅਤੇ ਸਮਾਜਿਕ ਵਿਰਾਸਤ ਨੂੰ ਸੰਭਾਲਣ ਅਤੇ ਪ੍ਰਚਾਰਨ ਲਈ ਦ੍ਰਿੜ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਸਾਲ ਭਰ ਚੱਲਣ ਵਾਲੇ ਸਮਾਗਮਾਂ ਦਾ ਐਲਾਨ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ, "ਸ੍ਰੀ ਗੁਰੂ ਰਵਿਦਾਸ ਜੀ ਦੀ ਵਿਰਾਸਤ ਨੂੰ ਸਤਿਕਾਰ ਦੇਣ ਅਤੇ ਗੁਰੂ ਜੀ ਵੱਲੋਂ ਦਰਸਾਈ ਫਿਰਕੂ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾਣਗੇ। ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਨੇ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਨ ਅਤੇ ਸੰਗਤਾਂ ਦੀ ਚਿਰੋਕਣੀ ਮੰਗ ਨੂੰ ਇਮਾਨਦਾਰੀ ਤੇ ਤੇਜ਼ੀ ਨਾਲ ਪੂਰਾ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਬਾਅਦ ਵਿੱਚ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਧਾਇਕ ਬਲਕਾਰ ਸਿੰਘ, ਚੇਅਰਮੈਨ ਪਵਨ ਟੀਨੂੰ, ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ ਅਤੇ ਰਾਜਵਿੰਦਰ ਕੌਰ ਥਿਆੜਾ ਸਮੇਤ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋ ਕੇ ਡੇਰਾ ਮੁਖੀ ਸੰਤ ਨਿਰੰਜਨ ਦਾਸ ਜੀ ਦਾ ਆਸ਼ੀਰਵਾਦ ਲਿਆ।

# ਡਾ.ਬਲਬੀਰ ਸਿੰਘ ਨੇ ਐਲ.ਐਮ.ਐਚ.ਪੀ. ਫੈਲੋਜ਼ ਨੂੰ ਪੰਜਾਬ ਦੀ ਨਸ਼ਾ ਛੁਡਾਊ ਮੁਹਿੰਮ ਵਿੱਚ 'ਆਸ ਦੀ ਕਿਰਨ' ਬਣਨ ਲਈ ਪ੍ਰੇਰਿਆ

## ਸਿਹਤ ਮੰਤਰੀ ਨੇ ਐਲ.ਐਮ.ਐਚ.ਪੀ. ਫੈਲੋਜ਼ ਦੇ ਪਲੇਠੇ ਬੈਚ ਨਾਲ ਕੀਤੀ ਵਿਚਾਰ-ਚਰਚਾ , ਨਸ਼ਿਆਂ ਵਿਰੁੱਧ ਲੜਾਈ ਵਿੱਚ ਉਨ੍ਹਾਂ ਨੂੰ ਕਿਹਾ,'ਲਾਈਟਹਾਊਸ'

ਮਨਦੀਪ ਕੌਰ



ਚੰਡੀਗੜ੍ਹ, ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਭਰ ਵਿੱਚ ਮਾਨਸਿਕ ਸਿਹਤ ਅਤੇ ਨਸ਼ਾ ਛੁਡਾਊ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਅਹਿਮ ਪਹਿਲਕਦਮੀ ਤਹਿਤ ਲੀਡਰਸ਼ਿਪ ਇਨ ਮੈਂਟਲ ਹੈਲਥ ਪ੍ਰੋਗਰਾਮ (ਐਲ.ਐਮ.ਐਚ.ਪੀ.) ਫੈਲੋਜ਼ ਦੇ ਪਲੇਠੇ ਬੈਚ ਨਾਲ ਮੁਲਾਕਾਤ ਕੀਤੀ, ਜੋ ਕਿ ਸੂਬੇ ਵਿੱਚ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਰਾਹੀਂ ਨਸ਼ਿਆਂ ਨੂੰ ਰੋਕਣ ਅਤੇ ਮਾਨਸਿਕ ਤੰਦਰੁਸਤੀ ਵਧਾਉਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ। ਇੱਥੇ ਕਿਸਾਨ ਭਵਨ ਵਿਖੇ ਹੋਈ ਵਿਚਾਰ ਚਰਚਾ ਦੌਰਾਨ ਡਾ. ਬਲਬੀਰ ਸਿੰਘ ਨੇ ਐਲ.ਐਮ.ਐਚ.ਪੀ. ਫੈਲੋਜ਼ ਨੂੰ ਨਸ਼ਿਆਂ ਵਿਰੁੱਧ ਪੰਜਾਬ ਦੀ ਫੈਸਲਾਕੁੰਨ ਜੰਗ ਵਿੱਚ ' ਲਾਈਟਹਾਊਸ ' ਦੱਸਿਆ। ਇੱਕ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਨਸ਼ੇ ਨਾਲ ਜੂਝ ਰਿਹਾ ਵਿਅਕਤੀ "ਸਮੁੰਦਰ ਵਿੱਚ ਤੂਫਾਨ ਦੀ ਲਪੇਟ ਵਿੱਚ ਆਏ ਜਹਾਜ਼ ਵਰਗਾ ਹੁੰਦਾ ਹੈ - ਅਸ਼ਾਂਤ ਅਤੇ ਦਿਸ਼ਾਹੀਣ।" ਉਨ੍ਹਾਂ ਅੱਗੇ ਕਿਹਾ ਕਿ ਜਿਸ ਤਰ੍ਹਾਂ ਇੱਕ ਲਾਈਟਹਾਊਸ ਜਹਾਜ਼ਾਂ ਨੂੰ ਸੁਰੱਖਿਅਤ ਢੰਗ ਨਾਲ ਕਿਨਾਰੇ 'ਤੇ ਪਹੁੰਚਾ ਦਿੰਦਾ ਹੈ, ਉਸੇ ਤਰ੍ਹਾਂ ਐਲਐਮਐਚਪੀ ਫੈਲੋਜ਼ ਵੀ ਨਸ਼ਾ ਪੀੜਤਾਂ ਅਤੇ ਪਰਿਵਾਰਾਂ ਨੂੰ ਮੁੱਖ ਧਾਰਾ ਅਤੇ ਸਥਿਰਤਾ ਵੱਲ ਲੈ ਜਾਣਗੇ। ਸਿਹਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਫੈਲੋਜ਼ ਨੂੰ ਸੌਂਪੀ ਗਈ ਜ਼ਿੰਮੇਵਾਰੀ ਅਹਿਮ ਅਤੇ ਪਰਿਵਰਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਧੀਰਜ ਅਤੇ ਹਮਦਰਦੀ ਦੀ ਮੰਗ ਕਰਦੀ ਹੈ, ਲੋਕਾਂ ਨੂੰ ਨਸ਼ਿਆਂ ਦੀ ਗ੍ਰਿਫਤ ਤੋਂ ਬਾਹਰ ਕੱਢਣਾ ਕਿਸੇ ਇਨਾਮ ਤੋਂ ਘੱਟ ਨਹੀਂ । ਉਨ੍ਹਾਂ ਅੱਗੇ ਕਿਹਾ ਕਿ ਫੈਲੋਜ਼ ਨੂੰ ਜਨਤਕ ਸਿਹਤ ਢਾਂਚੇ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ ਤਾਂ ਜੋ ਪ੍ਰਣਾਲੀਆਂ ਨੂੰ ਮਜ਼ਬੂਤ ਕੀਤਾ ਜਾ ਸਕੇ, ਪ੍ਰਕਿਰਿਆਵਾਂ ਨੂੰ ਮਿਆਰੀ , ਨਿਗਰਾਨ ਵਿਧੀਆਂ ਵਿੱਚ ਵਾਧਾ ਅਤੇ ਜ਼ਿਲਿ?ਹਆਂ ਵਿੱਚ ਸੰਸਥਾਗਤ ਸਮਰੱਥਾ ਬਣਾਈ ਜਾ ਸਕੇ। ਮਾਨਸਿਕ ਸਿਹਤ ਪ੍ਰੋਗਰਾਮ ਵਿੱਚ ਲੀਡਰਸ਼ਿਪ ਨੂੰ ਇੱਕ ਮੋਹਰੀ ਪਹਿਲਕਦਮੀ ਦੱਸਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਭਾਰਤ ਦੀ ਪਹਿਲੀ ਫੈਲੋਸ਼ਿਪ ਹੈ ,ਜੋ ਵਿਸ਼ੇਸ਼ ਤੌਰ 'ਤੇ ਪ੍ਰਣਾਲੀਗਤ ਮਾਨਸਿਕ ਸਿਹਤ ਮਜ਼ਬੂਤੀ ਰਾਹੀਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਰੋਕਣ 'ਤੇ ਸਮਰਪਿਤ ਹੈ। ਟਾਟਾ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਿਜ਼ ਦੇ ਸਹਿਯੋਗ ਨਾਲ ਤਿਆਰ ਕੀਤਾ ਇਹ ਪ੍ਰੋਗਰਾਮ , ਨਸ਼ਾ ਛੁਡਾਊ ਕੇਂਦਰਾਂ, ਓਓਏਟੀ ਕੇਂਦਰਾਂ ਅਤੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਨਿਗਰਾਨੀ ਕਰਨ, ਸਮਰੱਥਾ ਨਿਰਮਾਣ ਅਤੇ ਪੂਰਨ ਤਾਲਮੇਲ ਵਿੱਚ ਸਹਾਇਤਾ ਪ੍ਰਦਾਨ ਕਰਨ ਲਈ ਜ਼ਿਲਿ?ਹਆਂ ਵਿੱਚ ਸਿਖਲਾਈ ਪ੍ਰਾਪਤ ਮਾਨਸਿਕ ਸਿਹਤ ਪੇਸ਼ੇਵਰਾਂ ਨੂੰ ਤਾਇਨਾਤ ਕਰਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਫੈਲੋਜ਼ ਵੱਲੋਂ ਨੌਜਵਾਨਾਂ ਵਿੱਚ ਨਸ਼ਿਆਂ ਦੀ ਵਰਤੋਂ ਨੂੰ ਸ਼ੁਰੂ ਵਿੱਚ ਹੀ ਰੋਕਣ ਲਈ ਸਕੂਲਾਂ, ਕਾਲਜਾਂ ਅਤੇ ਜਨਤਕ ਥਾਵਾਂ ਨਾਲ ਵੀ ਸਰਗਰਮੀ ਨਾਲ ਸੰਪਰਕ ਕੀਤਾ ਜਾਵੇਗਾ। ਇਸ ਤਰ੍ਹਾਂ ਰੋਕਥਾਮ, ਇਲਾਜ ਅਤੇ ਮੁੜਵਸੇਬੇ ਨੂੰ ਇੱਕ ਵਿਆਪਕ ਜਨਤਕ ਸਿਹਤ ਢਾਂਚੇ ਨਾਲ ਜੋੜਿਆ ਜਾਵੇਗਾ। ਡਾ. ਬਲਬੀਰ ਸਿੰਘ ਨੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਾਖੋਰੀ ਸਿਰਫ਼ ਪੰਜਾਬ ਪੱਧਰ ਦਾ ਮੁੱਦਾ ਨਹੀਂ ਸਗੋਂ ਇੱਕ ਰਾਸ਼ਟਰੀ ਪੱਧਰ ਦੀ ਸਿਹਤ ਚੁਣੌਤੀ ਹੈ ਜਿਸ ਦਾ ਟਾਕਰਾ ਕਰਨ ਲਈ ਨਿਰੰਤਰ ਅਤੇ ਢਾਂਚਾਗਤ ਦਖਲਅੰਦਾਜ਼ੀ ਦੀ ਲੋੜ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਐਲਐਮਐਚਪੀ ਮਾਡਲ ਵਿੱਚ ਦੇਸ਼ ਭਰ ਦੇ ਹੋਰਨਾਂ ਸੂਬਿਆਂ ਲਈ ਇੱਕ ਠੋਸ ਢਾਂਚੇ ਵਜੋਂ ਉਭਰਨ ਦੀ ਸਮਰੱਥਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਦੂਰਅੰਦੇਸ਼ੀ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਨੇ ਸਿਹਤ, ਸਿੱਖਿਆ ਅਤੇ ਸਾਫ਼ ਪੀਣ ਵਾਲੇ ਪਾਣੀ ਤੱਕ ਪਹੁੰਚ ਨੂੰ ਮਨੁੱਖੀ ਵਿਕਾਸ ਦੇ ਮੁੱਖ ਮਾਪਦੰਡਾਂ ਵਜੋਂ ਤਰਜੀਹ ਦਿੱਤੀ ਹੈ। ਮਾਨਸਿਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨਾ ਅਤੇ ਨਸ਼ਿਆਂ ਨਾਲ ਨਜਿੱਠਣਾ, ਸਾਰਿਆਂ ਲਈ ਬਰਾਬਰ ਅਤੇ ਪਹੁੰਚਯੋਗ ਜਨਤਕ ਸਿਹਤ ਮੁਹੱਈਆ ਕਰਵਾਉਣਾ, ਇਸ ਸੋਚ ਦੇ ਅਨਿੱਖੜਵੇਂ ਅੰਗ ਹਨ। ਸਿਹਤ ਮੰਤਰੀ ਨੇ ਫੈਲੋਜ਼ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਮੀਦ ਪ੍ਰਗਟਾਈ ਕਿ ਉਹ ਪੇਸ਼ੇਵਰ ਅਤੇ ਨੈਤਿਕ ਉੱਤਮਤਾ ਦੇ ਮਿਆਰਾਂ ਨੂੰ ਕਾਇਮ ਰੱਖਣਗੇ ਅਤੇ ਪੰਜਾਬ ਵਿੱਚ ਨਸ਼ਾਖੋਰੀ ਵਿਰੁੱਧ ਚੱਲ ਰਹੀ ਲੜਾਈ ਵਿੱਚ ਸੁਹਿਰਦਤਾ ਨਾਲ ਯੋਗਦਾਨ ਦੇਣਗੇ।

# ਯੁੱਧ ਨਸ਼ਿਆਂ ਵਿਰੁੱਧ : ਡੀਜੀਪੀ ਗੌਰਵ ਯਾਦਵ ਨੇ ਜਲੰਧਰ ਵਿਖੇ ਅਤਿ-ਆਧੁਨਿਕ ਏ.ਐਨ.ਟੀ.ਐਫ. ਰੇਂਜ ਦਫ਼ਤਰ ਦਾ ਕੀਤਾ ਉਦਘਾਟਨ, ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਲਿਆ ਅਹਿਦ

## ਨਵੀਂ ਏ.ਐਨ.ਟੀ.ਐਫ. ਸਹੂਲਤ ਅਤਿ-ਆਧੁਨਿਕ ਫੋਰੈਂਸਿਕ ਸਾਧਨਾਂ, ਡੇਟਾ ਵਿਸ਼ਲੇਸ਼ਣ ਪ੍ਰਣਾਲੀਆਂ, ਫੋਰੈਂਸਿਕ ਡੇਟਾ ਐਕਸਟਰੈਕਸ਼ਨ ਅਤੇ ਡੀਕ੍ਰਿਪਸ਼ਨ ਸਮਰੱਥਾ ਨਾਲ ਲੈਸ : ਡੀਜੀਪੀ ਗੌਰਵ ਯਾਦਵ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ/ਜਲੰਧਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸੂਬੇ ਵਿੱਚ ਚਲਾਈ ਜਾ ਰਹੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਨੂੰ ਅੱਗੇ ਵਧਾਉਂਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਜਲੰਧਰ ਵਿੱਚ ਪੁਲਿਸ ਲਾਈਨਜ਼ ਵਿਖੇ ਨਵੀਂ ਬਣੀ ਅਤਿ-ਆਧੁਨਿਕ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਜਲੰਧਰ ਰੇਂਜ ਇਮਾਰਤ ਦਾ ਉਦਘਾਟਨ ਕੀਤਾ। ਡੀਜੀਪੀ ਦੇ ਨਾਲ ਵਿਸ਼ੇਸ਼ ਡੀਜੀਪੀ ਏ.ਐਨ.ਟੀ.ਐਫ. ਕੁਲਦੀਪ ਸਿੰਘ, ਏ.ਡੀ.ਜੀ.ਪੀ. ਏ.ਐਨ.ਟੀ.ਐਫ. ਨੀਲਾਭ ਕਿਸ਼ੋਰ ਅਤੇ ਏਡੀਜੀਪੀ ਸਟੇਟ ਆਰਮਡ ਪੁਲਿਸ ਪੰਜਾਬ ਐਮ.ਐਫ. ਫਾਰੂਕੀ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਲਗਭਗ 9000 ਵਰਗ ਫੁੱਟ ਦੇ ਕਵਰਡ ਖੇਤਰ ਵਿੱਚ ਫੈਲੀ ਅਤੇ 1.60 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਹ ਅਤਿ-ਆਧੁਨਿਕ ਇਮਾਰਤ, ਰੇਂਜ ਦੀ ਕਾਰਜ- ਕੁਸ਼ਲਤਾ ਨੂੰ ਵਧਾਉਣ ਅਤੇ ਨਸ਼ਾ ਤਸਕਰੀ ਨਾਲ ਹੋਰ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਤਿਆਰ ਕੀਤੀ ਗਈ ਹੈ। ਇਸ ਵਿੱਚ ਗਜ਼ਟਿਡ ਅਫਸਰਾਂ ਲਈ ਸਮਰਪਿਤ ਦਫ਼ਤਰ, ਜਾਂਚ ਅਧਿਕਾਰੀਆਂ ਅਤੇ ਸਹਾਇਕ ਸਟਾਫ ਲਈ ਕੈਬਿਨ, ਰੀਡਰ ਦਾ ਕਮਰਾ ਅਤੇ ਇੱਕ ਆਧੁਨਿਕ ਕਾਨਫਰੰਸ ਰੂਮ ਸ਼ਾਮਲ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਅਤਿ-ਆਧੁਨਿਕ ਸਾਧਨਾਂ ਨਾਲ ਲੈਸ ਇਸ ਸਹੂਲਤ ਦਾ ਉਦੇਸ਼ ਵੱਡੇ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣਾ ਅਤੇ ਸੂਬੇ ਵਿੱਚ ਫੈਲ ਰਹੇ ਅੰਤਰਰਾਸ਼ਟਰੀ ਨਸ਼ਾ ਤਸਕਰੀ ਨੈੱਟਵਰਕਾਂ ਨੂੰ ਤਬਾਹ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਯੂਨਿਟ ਵਿੱਚ ਮੋਬਾਈਲ ਅਤੇ ਕੰਪਿਊਟਰ ਫੋਰੈਂਸਿਕ ਟੂਲ, ਉੱਨਤ ਡੇਟਾ ਵਿਸ਼ਲੇਸ਼ਣ ਪ੍ਰਣਾਲੀਆਂ, ਫੋਰੈਂਸਿਕ ਡੇਟਾ ਐਕਸਟਰੈਕਸ਼ਨ, ਡੀਕ੍ਰਿਪਸ਼ਨ ਅਤੇ ਵਿਸ਼ਲੇਸ਼ਣ ਸਮਰੱਥਾ ਦੇ ਨਾਲ-ਨਾਲ ਕ੍ਰਿਪਟੋਕਰੰਸੀ ਦੀ ਟਰੈਕਿੰਗ ਵਾਲੇ ਉਪਕਰਣ ਵੀ ਸ਼ਾਮਲ ਹਨ। ਡੀਜੀਪੀ ਨੇ ਕਿਹਾ, “ਡਰੱਗ ਇਨਫੋਰਸਮੈਂਟ ਵਿੱਚ ਤਕਨੀਕੀ ਅਪਗ੍ਰੇਡੇਸ਼ਨ ਦੀ ਵਿਸ਼ੇਸ਼ ਲੋੜ ਨੂੰ ਪਛਾਣਦਿਆਂ ਅਸੀਂ ਨਾ ਸਿਰਫ਼ ਬੁਨਿਆਦੀ ਢਾਂਚਾ ਪ੍ਰਦਾਨ ਕੀਤਾ ਹੈ ਸਗੋਂ ਇਨ੍ਹਾਂ ਉੱਨਤ ਉਪਕਰਣਾਂ ਨੂੰ ਚਲਾਉਣ ਵਿੱਚ ਮਾਹਰ ਤਕਨੀਕੀ ਸਟਾਫ ਵੀ ਤਾਇਨਾਤ ਕੀਤਾ ਗਿਆ ਹੈ।” ਉਨ੍ਹਾਂ ਦੱਸਿਆ ਕਿ ਏਐਨਟੀਐਫ ਨੇ , ਹੁਣ 70,000 ਤੋਂ ਵੱਧ ਅਪਰਾਧੀਆਂ ਦੀਆਂ ਆਵਾਜ਼ਾਂ ਵਾਲੇ ਡੇਟਾਬੇਸ ਅਤੇ ਹੋਰ ਅਤਿ-ਆਧੁਨਿਕ ਵਿਸ਼ੇਸ਼ਤਾਵਾਂ ਵਾਲੇ ਪੰਜਾਬ ਆਰਟੀਫੀਸ਼ੀਅਲ ਇੰਟੈਲੀਜੈਂਸ ਸਿਸਟਮ (ਪੀ.ਏ.ਆਈ.ਐਸ. 2.0) ਨਾਲ ਆਪਣੀ ਤਕਨੀਕੀ ਸਮਰੱਥਾ ਨੂੰ ਹੋਰ ਅਪਗ੍ਰੇਡ ਕੀਤਾ ਹੈ, ਜਿਸ ਨਾਲ ਅਪਰਾਧੀਆਂ ਨੂੰ ਹੋਰ ਆਸਾਨੀ ਨਾਲ ਕਾਬੂ ਕਰਨ ਵਿੱਚ ਮਦਦ ਮਿਲੇਗੀ। ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 35,133 ਐਫ.ਆਈ.ਆਰਜ਼. ਦਰਜ ਕੀਤੀਆਂ ਅਤੇ 50,238 ਨਸ਼ੇ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2229 ਕਿਲੋ ਹੈਰੋਇਨ, 667 ਕਿਲੋ ਅਫੀਮ, 28 ਟਨ ਭੁੱਕੀ, 68 ਕਿਲੋ ਚਰਸ, 783 ਕਿਲੋ ਗਾਂਜਾ, 29 ਕਿਲੋ ਆਈਸੀਈ, 4 ਕਿਲੋ ਕੋਕੀਨ, 48.64 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 16.68 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਡੀਜੀਪੀ ਗੌਰਵ ਯਾਦਵ ਨੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਨੂੰ ਵੱਡੀ ਸਫਲਤਾ ਕਰਾਰ ਦਿੰਦਿਆਂ ਕਿਹਾ ਕਿ ਇਹ ਮੁਹਿੰਮ ਸੂਬੇ ਵਿੱਚੋਂ ਨਸ਼ੇ ਦੀ ਲਾਹਨਤ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹੇਗੀ। ਉਨ੍ਹਾਂ ਲੋਕਾਂ ਨੂੰ ਸੇਫ ਪੰਜਾਬ ਚੈਟਬੋਟ 97791-00200 ਰਾਹੀਂ ਗੁਪਤ ਰੂਪ ਵਿੱਚ ਨਸ਼ਿਆਂ ਸਬੰਧੀ ਜਾਣਕਾਰੀ ਦੇਣ ਲਈ ਵੀ ਅਪੀਲ ਕੀਤੀ। ਇਸ ਮੌਕੇ ਪੁਲਿਸ ਕਮਿਸ਼ਨਰ (ਸੀਪੀ) ਜਲੰਧਰ ਧਨਪ੍ਰੀਤ ਕੌਰ, ਡੀਆਈਜੀ ਜਲੰਧਰ ਰੇਂਜ ਨਵੀਨ ਸਿੰਗਲਾ, ਡੀਆਈਜੀ ਏ.ਐਨ.ਟੀ.ਐਫ. ਸੰਜੀਵ ਕੁਮਾਰ ਰਾਮਪਾਲ, ਡੀ.ਆਈ.ਜੀ. ਏ.ਐਨ.ਟੀ.ਐਫ. ਅਖਿਲ ਚੌਧਰੀ ਅਤੇ ਏ.ਆਈ.ਜੀ. ਏ.ਐਨ.ਟੀ.ਐਫ. ਅਸ਼ਵਨੀ ਗੋਟਿਆਲ ਵੀ ਮੌਜੂਦ ਸਨ।






## ਆਰਟੀਓ ਨੇ ਓਵਰਲੋਡ ਵਾਹਨਾਂ ’ਤੇ ਕੀਤੀ ਸਖ਼ਤ ਕਾਰਵਾਈ, 3.20 ਲੱਖ ਰੁਪਏ ਦਾ ਜ਼ੁਰਮਾਨਾ ਵਸੂਲਿਆ

ਪੰਕਜ

ਹੁਸ਼ਿਆਰਪੁਰ, ਡਿਪਟੀ ਕਮਿਸ਼ਨਰ - ਕਮ- ਚੇਅਰਪਰਸਨ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਸੜਕ ਸੁਰੱਖਿਆ ਨਿਯਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਓਵਰਲੋਡਿਡ ਵਾਹਨਾਂ ਵਿਰੁੱਧ ਸਖ਼ਤ ਕਾਰਵਾਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਹ ਮੁਹਿੰਮ ਆਰਟੀਓ ਅਮਨਦੀਪ ਕੌਰ ਘੁੰਮਣ ਦੀ ਦੇਖ-ਰੇਖ ਵਿਚ ਚਲਾਈ ਗਈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸੜਕ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇ ਰਿਹਾ ਹੈ ਅਤੇ ਓਵਰਲੋਡਿੰਗ, ਤੇਜ਼ ਰਫ਼ਤਾਰ, ਸ਼ਰਾਬ ਪੀ ਕੇ ਗੱਡੀ ਚਲਾਉਣ ਅਤੇ ਹੋਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਵਿਰੁੱਧ ਮੁਹਿੰਮ ਜਾਰੀ ਰਹੇਗੀ। ਉਨ੍ਹਾਂ ਡਰਾਈਵਰਾਂ ਨੂੰ ਅਪੀਲ ਕੀਤੀ ਕਿ ਉਹ ਨਿਯਮਾਂ ਦੀ ਪਾਲਣਾ ਕਰਨ ਅਤੇ ਸੁਰੱਖਿਅਤ ਆਵਾਜਾਈ ਪ੍ਰਣਾਲੀ ਬਣਾਈ ਰੱਖਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ। ਆਰਟੀਓ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਮੁਹਿੰਮ ਦੌਰਾਨ ਵੱਖ-ਵੱਖ ਪ੍ਰਮੁੱਖ ਸੜਕਾਂ ਅਤੇ ਸੰਵੇਦਨਸ਼ੀਲ ਥਾਵਾਂ ’ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਵਾਹਨਾਂ ਦੀ ਜਾਂਚ ਕੀਤੀ ਗਈ। ਨਿਰੀਖਣ ਦੌਰਾਨ ਬਹੁਤ ਸਾਰੇ ਵਾਹਨ ਨਿਰਧਾਰਤ ਸਮਰੱਥਾ ਤੋਂ ਵੱਧ ਭਾਰ ਢੋਹਦੇ ਹੋਏ ਪਾਏ ਗਏ, ਜੋ ਕਿ ਸੜਕ ਸੁਰੱਖਿਆ ਲਈ ਇੱਕ ਗੰਭੀਰ ਖ਼ਤਰਾ ਹੈ ਅਤੇ ਸੜਕੀ ਬੁਨਿਆਦੀ ਢਾਂਚੇ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ। ਆਰਟੀਓ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਓਵਰਲੋਡਿੰਗ ਮੋਟਰ ਵਾਹਨ ਐਕਟ ਦੀ ਉਲੰਘਣਾ ਹੈ ਅਤੇ ਹਾਦਸਿਆਂ ਦਾ ਖ਼ਤਰਾ ਵਧਾਉਂਦੀ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਡਰਾਈਵਰਾਂ ਵਿਰੁੱਧ ਸਖ਼ਤ ਕਾਰਵਾਈ ਕਰਦੇ ਹੋਏ ਕੁੱਲ 3 ਲੱਖ 20 ਹਜ਼ਾਰ ਦਾ ਜੁਰਮਾਨਾ ਵਸੂਲਿਆ ਗਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੀਆਂ ਵਿਸ਼ੇਸ਼ ਮੁਹਿੰਮਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ, ਤਾਂ ਜੋ ਸੜਕ ਹਾਦਸਿਆਂ ’ਤੇ ਪ੍ਰਭਾਵਸ਼ਾਲੀ ਕੰਟਰੋਲ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਮਜ਼ਬੂਤ ਕੀਤਾ ਜਾ ਸਕੇ।



# ਵਪਾਰੀਆਂ ਦੀ ਸੁਰੱਖਿਆ ਅਤੇ ਵਪਾਰ ਕਰਨ ਵਿੱਚ ਆਸਾਨੀ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਇਤਿਹਾਸਕ ਵਚਨਬੱਧਤਾ

## ਪੰਜਾਬ ਵਿੱਚ ਵਪਾਰੀ ਬਿਨਾਂ ਕਿਸੇ ਡਰ ਦੇ ਆਪਣਾ ਵਪਾਰ ਕਰ ਸਕਦੇ ਹਨ: ਹਰਪਾਲ ਸਿੰਘ ਚੀਮਾ

ਰਮਨ ਕੁਮਾਰ

ਚੰਡੀਗੜ੍ਹ, ਵਪਾਰੀਆਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ ’ਤੇ ਤਾਲਮੇਲ ਨੂੰ ਸੰਸਥਾਗਤ ਬਣਾਉਣ ਲਈ ਇੱਕ ਨਿਰਣਾਇਕ ਕਦਮ ਚੁੱਕਦਿਆਂ, ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਵਪਾਰਕ ਭਾਈਚਾਰੇ ਦੇ ਆਲੇ-ਦੁਆਲੇ ਸੁਰੱਖਿਆ ਘੇਰੇ ਨੂੰ ਸਖ਼ਤ ਕਰਨ ਵੱਲ ਅਹਿਮ ਕਦਮ ਵਧਾਏ ਹਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ (ਪੀ.ਐਸ.ਟੀ.ਸੀ.), ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰਕ ਕਮੇਟੀਆਂ ਅਤੇ ਪੁਲਿਸ ਪ੍ਰਸ਼ਾਸਨ ਵਿਚਕਾਰ ਢਾਂਚਾਗਤ ਅਤੇ ਮੁਕੰਮਲ ਤਾਲਮੇਲ ਦੇ ਨਿਰਦੇਸ਼ ਦਿੰਦਿਆਂ ਸਪੱਸ਼ਟ ਕੀਤਾ ਕਿ ਵਪਾਰੀਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਇਹ ਸੂਬੇ ਦੇ ‘ਈਜ਼ ਆਫ ਡੂਇੰਗ ਬਿਜ਼ਨਸ’ (ਵਪਾਰ ਕਰਨ ਨੂੰ ਸੌਖਾਲਾ ਬਨਾਉਣ) ਦਾ ਮੁੱਖ ਹਿੱਸਾ ਹੈ। ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਜੋਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਨਾਲ ਪੰਜਾਬ ਭਵਨ ਤੋਂ ਉੱਚ ਪੱਧਰੀ ਵੀਡੀਓ ਕਾਨਫਰੰਸ ਦੀ ਪ੍ਰਧਾਨਗੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਪਾਰੀ ਵਰਗ ਦੀਆਂ ਸੁਰੱਖਿਆ ਸੰਬੰਧੀ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ ਅਤੇ ਵਪਾਰੀ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨੂੰ ਆਪਣਾ ਆਪਸੀ ਤਾਲਮੇਲ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ, ਅਤੇ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਉਹ ਇਸ ਤਹਿਤ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਦੀਆਂ ਰਿਪੋਰਟਾਂ ਸਿੱਧੇ ਡੀ.ਜੀ.ਪੀ. ਦਫ਼ਤਰ ਨਾਲ ਲਗਾਤਾਰ ਸਾਂਝੀਆਂ ਕਰਨ। ਆਬਕਾਰੀ ਅਤੇ ਕਰ ਮੰਤਰੀ ਨੇ ਕਿਹਾ, ÷ਸਰਕਾਰ ਦੀ ਮਕਸਦ ਟਰੇਡਰਜ਼ ਕਮਿਸ਼ਨ ਨੂੰ ਅਧਿਕਾਰਤ ਕਰਨ ਅਤੇ ਇਸ ਨੂੰ ਸੂਬੇ ਭਰ ਦੇ ਕਾਰੋਬਾਰੀਆਂ ਤੱਕ ਪੁਲਿਸ ਦੀ ਪਹੁੰਚ ਨੂੰ ਮਹੱਤਵਪੂਰਨ ਢੰਗ ਨਾਲ ਬਿਹਤਰ ਬਣਾਉਣ ਲਈ ਇੱਕ ਮੁੱਖ ਤਾਕਤ ਵਜੋਂ ਵਰਤਣ ਦੀ ਹੈ।÷ ਇਸ ਸਬੰਧੀ ਜ਼ਮੀਨੀ ਪੱਧਰ ’ਤੇ ਨਿਰੰਤਰ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮੂਹ ਜ਼ਿਲ੍ਹਾ ਪੁਲਿਸ ਬਲਾਂ ਨੂੰ ਵਪਾਰੀ ਕਮਿਸ਼ਨ ਅਤੇ ਕਮੇਟੀ ਮੈਂਬਰਾਂ ਨਾਲ ਨਿਰੰਤਰ ਗੱਲਬਾਤ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਆਦੇਸ਼ ਦਿੱਤਾ ਕਿ ਹਲਕਾ ਅਤੇ ਜ਼ਿਲ੍ਹਾ ਪੱਧਰ ’ਤੇ ਵਪਾਰੀ ਕਮਿਸ਼ਨ ਅਤੇ ਕਮੇਟੀ ਦੀਆਂ ਸਾਰੀਆਂ ਮੀਟਿੰਗਾਂ ਵਿੱਚ ਸਮਰੱਥ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਯਕੀਨੀ ਹੋਣੀ ਚਾਹੀਦੀ ਹੈ ਤਾਂ ਜੋ ਦਰਪੇਸ਼ ਚੁਣੌਤੀਆਂ ਨੂੰ ਮੌਕੇ ’ਤੇ ਹੀ ਹੱਲ ਕੀਤਾ ਜਾ ਸਕੇ। ਵਿੱਤ ਮੰਤਰੀ ਨੇ ਕਿਹਾ, ÷ਟਰੇਡਰਜ਼ ਕਮਿਸ਼ਨ ਤੇ ਕਮੇਟੀਆਂ ਦੇ ਮੈਂਬਰਾਂ ਜਾਂ ਵਿਅਕਤੀਗਤ ਵਪਾਰੀਆਂ ਦੁਆਰਾ ਸਾਂਝੀ ਕੀਤੀ ਗਈ ਕਿਸੇ ਵੀ ਜਾਣਕਾਰੀ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਣਾ ਚਾਹੀਦਾ ਹੈ। ਸਬੰਧਤ ਪੁਲਿਸ ਅਧਿਕਾਰੀ ਸੂਚਨਾ ਦੇਣ ਵਾਲਿਆਂ ਦੀ ਸੁਰੱਖਿਆ ਲਈ ਪੂਰੀ ਜ਼ਿੰਮੇਵਾਰੀ ਲੈਣਗੇ, ਅਤੇ ਇਸ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਦੇ ਨਤੀਜੇ ਵਜੋਂ ਸਖ਼ਤ ਜਵਾਬਦੇਹੀ ਤੈਅ ਕੀਤੀ ਜਾਵੇਗੀ।÷ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰੀ ਕਮੇਟੀਆਂ ਦੇ ਅਹੁਦੇਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਾਰੋਬਾਰੀਆਂ ਵਿੱਚ ਵਿਸ਼ਵਾਸ ਪੈਦਾ ਕਰਨ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਉਣ ਕਿ ਸਰਕਾਰ ਵੱਲੋਂ ਉਨ੍ਹਾਂ ਦੇ ਘਰ-ਦਰਵਾਜ਼ੇ ਤੱਕ ਸਰਗਰਮ ਪਹੁੰਚ ਬਨਾਉਣ ਲਈ ਕੰਮ ਕਰ ਰਹੀ ਹੈ ਤਾਂ ਜੋ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰ ਸਕਣ। ਇਨ੍ਹਾਂ ਵਿਚਾਰਾਂ ਨੂੰ ਹੀ ਦੁਹਰਾਉਂਦਿਆਂ, ਡੀ.ਜੀ.ਪੀ. ਗੌਰਵ ਯਾਦਵ ਨੇ ਟਰੇਡਰਜ਼ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨੂੰ ਸੂਬੇ ਦੀ ਪੁਲਿਸ ਅਤੇ ਵਪਾਰੀ ਵਰਗ ਵਿਚਕਾਰ ਇੱਕ ਅਹਿਮ ਪੁਲ ਵਜੋਂ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, “ਜ਼ਮੀਨੀ ਪੱਧਰ ’ਤੇ ਅਧਿਕਾਰੀਆਂ ਵਿੱਚ ਵਪਾਰੀਆਂ ਦਾ ਵਿਸ਼ਵਾਸ ਵਧਾਉਣ ਲਈ ਤੁਹਾਨੂੰ ਪੁਲਿਸ ਬਲ ਦੀਆਂ ਅੱਖਾਂ ਅਤੇ ਕੰਨ ਬਣ ਕੇ ਸੇਵਾ ਕਰਨੀ ਚਾਹੀਦੀ ਹੈ, ਜਿਸ ਨਾਲ ਸਮੁੱਚੀ ਸੁਰੱਖਿਆ ਮਜ਼ਬੂਤ ਹੋਵੇਗੀ। ਪੁਲਿਸ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਮਿਆਰੀ ਪ੍ਰੋਟੋਕੋਲ (ਸਟੈਂਡਰਡ ਪ੍ਰੋਟੋਕੋਲ) ਦੇ ਤਹਿਤ ਕੰਮ ਕਰਦੀ ਹੈ, ਅਤੇ ਸਮੇਂ ਸਿਰ ਕਾਰਵਾਈ ਯੋਗ ਜਾਣਕਾਰੀ ਪ੍ਰਾਪਤ ਹੋਣ ‘ਤੇ ਮਾਮਲਿਆਂ ਨੂੰ ਹੱਲ ਕਰਨ ਦੀ ਸਫਲਤਾ ਦਰ ਬਹੁਤ ਜ਼ਿਆਦਾ ਹੁੰਦੀ ਹੈ। ਪੰਜਾਬ ਦੇ ਡੀ.ਜੀ.ਪੀ. ਨੇ ਸਮੂਹ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਟਰੇਡਰਜ਼ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨਾਲ ਨਿਰੰਤਰ ਅਤੇ ਸਰਗਰਮ ਸੰਚਾਰ ਬਣਾਈ ਰੱਖਣ ਅਤੇ ਫੀਡਬੈਕ ਵਿਧੀ ਨੂੰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, “ਟਰੇਡਰਜ਼ ਕਮਿਸ਼ਨ ਜਾਂ ਕਮੇਟੀਆਂ ਦੇ ਮੈਂਬਰਾਂ ਦੁਆਰਾ ਪ੍ਰਦਾਨ ਕੀਤੀ ਗਈ ਕਿਸੇ ਵੀ ਖੁਫੀਆ ਜਾਣਕਾਰੀ ਨੂੰ ਪੂਰੀ ਤਰ੍ਹਾਂ ਗੁਪਤ ਰੱਖਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਇਸ ਮੌਕੇ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਅਤੇ ਹੋਰ ਵਪਾਰਕ ਭਾਈਚਾਰੇ ਨੂੰ ਵੀ ਅਣਪ੍ਰਮਾਣਿਤ ਅਫਵਾਹਾਂ ਦਾ ਸ਼ਿਕਾਰ ਹੋਣ ਜਾਂ ਫੈਲਾਉਣ ਤੋਂ ਬਚਣ ਦੀ ਅਪੀਲ ਕੀਤੀ। ਮੀਟਿੰਗ ਹਾਂ ਪੱਖੀ ਮਾਹੌਲ ਵਿੱਚ ਸਮਾਪਤ ਹੋਈ, ਜਿਸ ਦੌਰਾਨ ਸੂਬੇ ਭਰ ਦੇ ਜ਼ਿਲ੍ਹਾ ਪੁਲਿਸ ਹੈੱਡਕੁਆਰਟਰਾਂ ਤੋਂ ਜੁੜੇ ਟਰੇਡਰਜ਼ ਕਮਿਸ਼ਨ ਅਤੇ ਜ਼ਿਲ੍ਹਾ ਤੇ ਹਲਕਾ ਪੱਧਰੀ ਕਮੇਟੀ ਮੈਂਬਰਾਂ ਨੇ ਵਿੱਤ ਮੰਤਰੀ ਅਤੇ ਸੀਨੀਅਰ ਅਧਿਕਾਰੀਆਂ ਨਾਲ ਉਸਾਰੂ ਫੀਡਬੈਕ ਸਾਂਝੀ ਕੀਤੀ। ਇਨ੍ਹਾਂ ਨੁਮਾਇੰਦਿਆਂ ਨੇ ਪੁਲਿਸ ਅਤੇ ਵਪਾਰ ਖੇਤਰ ਦੇ ਵਿਚਕਾਰ ਸਹਿਯੋਗ ਦਾ ਇੱਕ ਮਜ਼ਬੂਤ ਮਾਹੌਲ ਪੈਦਾ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੇ ਸਰਗਰਮ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਉਪਰਾਲੇ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਨੂੰ ਆਪਣੇ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।



# ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਅਤੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਤ ਕਰਨ ਲਈ ਖੇਤੀਬਾੜੀ-ਪ੍ਰੋਸੈਸਿੰਗ ਯੂਨਿਟਾਂ ਦਾ ਵਿਸਥਾਰ

## ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਸ਼ਸ਼ਕਤ ਬਣਾਉਣ ਅਤੇ ਨਿਰਯਾਤ ਸਮਰੱਥਾਵਾਂ ਨੂੰ ਵਧਾਉਣ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਤਿੰਨ ਉੱਚ-ਪ੍ਰਭਾਵ ਵਾਲੇ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

ਪੰਕਜ

ਚੰਡੀਗੜ੍ਹ, ਪੰਜਾਬ ਦੇ ਖੇਤੀਬਾੜੀ ਸੈਕਟਰ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਖੇਤੀਬਾੜੀ-ਪ੍ਰੋਸੈਸਿੰਗ ਸੈਕਟਰ ਨੂੰ ਹੋਰ ਮਜ਼ਬੂਤ ਕਰਨ ਅਤੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਸਥਾਪਿਤ ਤਿੰਨ ਪ੍ਰੋਸੈਸਿੰਗ ਯੂਨਿਟਾਂ ਵਿੱਚ ਵਿਆਪਕ ਵਿਸਥਾਰ ਕੀਤਾ ਹੈ। ਪੰਜਾਬ ਦੇ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਆਲਮਗੜ੍ਹ ਵਿਖੇ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ (ਪੀ.ਏ.ਜੀ.ਆਰ.ਈ.ਐਕਸ.ਸੀ.ਓ.) ਵੱਲੋਂ ਸਥਾਪਤ ਕੀਤੀਆਂ ਗਈਆਂ ਤਿੰਨ ਅਹਿਮ ਵਿਸਥਾਰਤ ਯੂਨਿਟਾਂ ਦਾ ਉਦਘਾਟਨ ਕੀਤਾ। ਇਹਨਾਂ ਯੂਨਿਟਾਂ ਵਿੱਚ ਮਿਰਚ ਪ੍ਰੋਸੈਸਿੰਗ ਯੂਨਿਟ, ਸਿਟਰਸ ਪ੍ਰੋਸੈਸਿੰਗ ਯੂਨਿਟ ਅਤੇ ਹਾਈ-ਟੈਕ ਪ੍ਰੋਟੈਕਟਡ ਕਲਟੀਵੇਸ਼ਨ ਨਰਸਰੀ ਸ਼ਾਮਲ ਹੈ। ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਯੂਨਿਟਾਂ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਗੀਆਂ ਬਲਕਿ ਪੰਜਾਬ ਨੂੰ ਉੱਚ-ਮੁੱਲ ਵਾਲੇ ਪ੍ਰੋਸੈਸਡ ਭੋਜਨ ਉਤਪਾਦਾਂ ਲਈ ਇੱਕ ਵਿਸ਼ਵਵਿਆਪੀ ਕੇਂਦਰ ਵਜੋਂ ਵੀ ਸਥਾਪਿਤ ਕਰਨਗੀਆਂ। ਇਸ ਖੇਤਰ ਦੇ ਮਿਰਚ ਉਤਪਾਦਕਾਂ ਦੀਆਂ ਸਹੂਲਤਾਂ ਵਿੱਚ ਵਾਧਾ ਕਰਦਿਆਂ ਸ. ਖੁੱਡੀਆਂ ਨੇ ਦੱਸਿਆ ਕਿ ਪੀ.ਏ.ਜੀ.ਆਰ.ਈ.ਐਕਸ.ਸੀ.ਓ. ਵੱਲੋਂ ਆਲਮਗੜ੍ਹ ਵਿੱਚ ਆਪਣੇ ਮੌਜੂਦਾ ਫਲਾਂ ਅਤੇ ਸਬਜ਼ੀਆਂ ਦੇ ਪ੍ਰੋਸੈਸਿੰਗ ਪਲਾਂਟ ਵਿੱਚ ਇੱਕ ਨਵੀਂ ਅਤਿ-ਆਧੁਨਿਕ ਮਿਰਚ ਪ੍ਰੋਸੈਸਿੰਗ ਯੂਨਿਟ ਸਥਾਪਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 3 ਮੀਟ੍ਰਿਕ ਟਨ ਪ੍ਰਤੀ ਘੰਟਾ ਦੀ ਵਿਆਪਕ ਸਮਰੱਥਾ ਦੇ ਨਾਲ, ਇਹ ਯੂਨਿਟ ਯੂਨਿਟ ਦੀ ਕੁੱਲ ਮਿਰਚ ਪ੍ਰੋਸੈਸਿੰਗ ਸਮਰੱਥਾ ਨੂੰ 1 ਮੀਟਰਕ ਟਨ ਪ੍ਰਤੀ ਘੰਟਾ ਤੋਂ ਵਧਾ ਕੇ 4 ਮੀਟਰਕ ਟਨ ਪ੍ਰਤੀ ਘੰਟਾ ਕਰ ਦੇਵੇਗੀ। ਮੰਤਰੀ ਨੇ ਕਿਹਾ ਕਿ ਇਸ ਯੂਨਿਟ ਵਿੱਚ ਲਾਲ ਅਤੇ ਹਰੀਆਂ ਮਿਰਚਾਂ ਦੋਵਾਂ ਨੂੰ ਖਾਸ ਤੌਰ ’ਤੇ ਨਿਰਯਾਤ ਲਈ ਉੱਚ-ਗੁਣਵੱਤਾ ਵਾਲੇ ਫਰਮੈਂਟਡ ਅਤੇ ਅਨਫਰਮੈਂਟਡ ਮਿਰਚ ਪੇਸਟ ਵਿੱਚ ਪ੍ਰੋਸੈਸ ਕੀਤਾ ਜਾਵੇਗਾ। ਇਹ ਪਹਿਲਕਦਮੀ ਤਾਜ਼ੇ ਉਤਪਾਦਾਂ ਲਈ ਇੱਕ ਸਮਰਪਿਤ ਖਰੀਦ ਚੈਨਲ ਪ੍ਰਦਾਨ ਕਰੇਗੀ ਜਿਸ ਨਾਲ ਸਥਾਨਕ ਕਿਸਾਨਾਂ ਨੂੰ ਸਿੱਧੇ ਤੌਰ ’ਤੇ ਲਾਭ ਮਿਲੇਗਾ ਅਤੇ ਮਿਰਚਾਂ ਨੂੰ ਧੁੱਪ ਵਿੱਚ ਸੁਕਾਉਣ ਦੀ ਜ਼ਰੂਰਤ ਨਹੀਂ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਹਰ ਸੀਜ਼ਨ ਵਿੱਚ ਲਗਭਗ 6,500 ਮੀਟਰਕ ਟਨ ਮਿਰਚਾਂ ਦੀ ਪ੍ਰੋਸੈਸਿੰਗ ਕਰਕੇ, ਇਹ ਯੂਨਿਟ ਬਿਹਤਰ ਕੀਮਤ ਯਕੀਨੀ ਬਣਾਏਗੀ ਅਤੇ ਵਾਢੀ ਤੋਂ ਬਾਅਦ ਦੇ ਨੁਕਸਾਨ ਵਿੱਚ ਭਾਰੀ ਕਮੀ ਲਿਆਉਣ ਵਿੱਚ ਮਦਦ ਕਰੇਗੀ। ਪੰਜਾਬ ਦੇ ਮਸ਼ਹੂਰ ਕਿੰਨੂ ਉਤਪਾਦਨ ਤੋਂ ਵੱਧ ਤੋਂ ਵੱਧ ਲਾਭ ਲੈਣ ਲਈ ਅਹਿਮ ਕਦਮ ਚੁੱਕਦਿਆਂ, ਪੀ.ਏ.ਜੀ.ਆਰ.ਈ.ਐਕਸ.ਸੀ.ਓ. ਵੱਲੋਂ ਆਪਣੀ ਸਿਟਰਸ ਪ੍ਰੋਸੈਸਿੰਗ ਯੂਨਿਟ ਵਿੱਚ ਵੱਡਾ ਤਕਨੀਕੀ ਅਪਗ੍ਰੇਡ ਕੀਤਾ ਗਿਆ ਹੈ। ਇਸ ਅਪਗ੍ਰੇਡੇਸ਼ਨ ਤਹਿਤ ਉੱਨਤ ਮਸ਼ੀਨਰੀ ਸ਼ਾਮਲ ਕੀਤੀ ਗਈ ਹੈ, ਜਿਸ ਵਿੱਚ ਇੱਕ ਡੀਐਸੀਡੀਫਿਕੇਸ਼ਨ ਯੂਨਿਟ, ਇੱਕ ਵਿਸ਼ੇਸ਼ ਸਿਟਰਸ ਪੀਲ ਆਇਲ ਐਕਸਟਰੈਕਸ਼ਨ ਯੂਨਿਟ ਅਤੇ ਇੱਕ ਡੀਬਿਟਰਿੰਗ ਯੂਨਿਟ ਸ਼ਾਮਲ ਹੈ। ਸ. ਖੁੱਡੀਆਂ ਨੇ ਦੱਸਿਆ ਕਿ ਇਸ ਅਪਗ੍ਰੇਡੇਸ਼ਨ ਨਾਲ ਕਿੰਨੂ ਦੇ ਜੂਸ ਵਿੱਚ ਲਿਮੋਨਿਨ ਵਰਗੇ ਕੁਦਰਤੀ ਮਿਸ਼ਰਣਾਂ ਕਾਰਨ ਦੇਰੀ ਨਾਲ ਹੋਣ ਵਾਲੀ ਕੁੜੱਤਣ ਸਬੰਧੀ ਮੁੱਦੇ ਨੂੰ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ, ÷ਕੁੜੱਤਣ ਨੂੰ ਹਟਾ ਕੇ ਅਤੇ ਐਸੀਡਿਟੀ ਨੂੰ ਕੰਟਰੋਲ ਕਰਕੇ, ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਪੰਜਾਬ ਦਾ ਸਿਟਰਸ ਵਿਸ਼ਵਵਿਆਪੀ ਫਲੇਵਰ ਦੇ ਮਾਪਦੰਡਾਂ ‘ਤੇ ਖਰਾ ਉਤਰੇ। ਉਨ੍ਹਾਂ ਅੱਗੇ ਕਿਹਾ ਕਿ ਪੀਲ ਆਇਲ ਐਕਸਟਰੈਕਸ਼ਨ ਯੂਨਿਟ ਉਸ ਉਪਕਰਨ ਨੂੰ ਬਦਲ ਦੇਵੇਗੀ ਜੋ ਪਹਿਲਾਂ ਰਹਿੰਦ-ਖੂੰਹਦ ਨੂੰ ਉਚ ਮੁੱਲ ਵਾਲੇ ਉਤਪਾਦ ਡੀ-ਲਿਮੋਨਿਨ ਨਾਲ ਭਰਪੂਰ ਜ਼ਰੂਰੀ ਤੇਲ ਵਿੱਚ ਪ੍ਰੋਸੈਸ ਕਰ ਰਹੀ ਸੀ ਜਿਸਦੀ ਫੂਡ ਫਲੇਵਰ, ਕਾਸਮੈਟਿਕ ਅਤੇ ਫਾਰਮਾਸਿਊਟੀਕਲ ਉਦਯੋਗਾਂ ਵਿੱਚ ਭਾਰੀ ਮੰਗ ਹੈ। ਇਸ ਨਾਲ ਸੁਆਦ ਅਤੇ ਮੁਨਾਫ਼ਾ ਦੋਵਾਂ ਵਿੱਚ ਵਾਧਾ ਹੋਵੇਗਾ। ਹਾਈ-ਟੈਕ ਨਰਸਰੀ ਨਾਲ ਸਬਜ਼ੀਆਂ ਦੀ ਖੇਤੀ ਵਿੱਚ ਕ੍ਰਾਂਤੀ ਲਿਆਉਣ ਬਾਰੇ ਗੱਲ ਕਰਦਿਆਂ, ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੀ.ਏ.ਜੀ.ਆਰ.ਈ.ਐਕਸ.ਸੀ.ਓ. ਵੱਲੋਂ ਆਲਮਗੜ੍ਹ ਵਿਖੇ ਇੱਕ ਨਵੀਂ ਹਾਈ-ਟੈਕ ਪ੍ਰੋਟੈਕਟਡ ਕਲਟੀਵੇਸ਼ਨ ਨਰਸਰੀ ਸਥਾਪਤ ਕੀਤੀ ਜਾ ਰਹੀ ਹੈ। ਇਹ ਯੂਨਿਟ ਕਾਰਪੋਰੇਸ਼ਨ ਦੀ ਸਾਲਾਨਾ ਬੀਜ ਉਤਪਾਦਨ ਸਮਰੱਥਾ ਨੂੰ 16 ਲੱਖ ਤੋਂ ਵਧਾ ਕੇ 40 ਲੱਖ ਬੂਟਿਆਂ (ਸੀਡਲਿੰਗਜ਼) ਤੱਕ ਪਹੁੰਚਾ ਦੇਵੇਗੀ। ਮੰਤਰੀ ਨੇ ਕਿਹਾ ਕਿ ਸੁਚੱਜੀ ਬਿਜਾਈ ਅਤੇ ਜਲਵਾਯੂ-ਨਿਯੰਤਰਿਤ ਪੋਲੀਹਾਊਸਾਂ ਦੀ ਵਰਤੋਂ ਕਰਕੇ, ਇਹ ਨਰਸਰੀ ਸਬਜ਼ੀਆਂ ਦੇ ਇਕੋ ਜਿਹੇ ਅਤੇ ਸਿਹਤਮੰਦ ਬੂਟਿਆਂ ਦੀ ਪੈਦਾਵਾਰ ਕਰੇਗੀ। ਇਹ ਤਕਨਾਲੋਜੀ-ਅਧਾਰਤ ਪਹੁੰਚ ਰਵਾਇਤੀ ਪ੍ਰਣਾਲੀਆਂ ਵਿੱਚ ਮਹਿੰਗੇ ਹਾਈਬ੍ਰਿਡ ਬੀਜਾਂ ਨਾਲ ਸਬੰਧਤ ਪੌਦਿਆਂ ਦੀ ਮੌਤ ਦਰ ਨੂੰ ਘਟਾਉਂਦੀ ਹੈ। ਫੂਡ ਪ੍ਰੋਸੈਸਿੰਗ ਮੰਤਰੀ ਨੇ ਅੱਗੇ ਕਿਹਾ, ÷ਅਸੀਂ ਆਪਣੇ ਕਿਸਾਨਾਂ ਲਈ ਕਿਫਾਇਤੀ ਦਰਾਂ ’ਤੇ ਉੱਚ-ਗੁਣਵੱਤਾ ਵਾਲੀ ਬਿਜਾਈ ਸਮੱਗਰੀ ਪਹੁੰਚਯੋਗ ਬਣਾ ਰਹੇ ਹਾਂ। ਇਹ ਉਨ੍ਹਾਂ ਦੀ ਲਾਗਤ ਨੂੰ ਘਟਾਏਗਾ ਅਤੇ ਬਿਹਤਰ ਫਸਲ ਨੂੰ ਯਕੀਨੀ ਬਣਾਏਗਾ ਜਿਸ ਨਾਲ ਸਬਜ਼ੀਆਂ ਦੀ ਕਾਸ਼ਤ ਵਿੱਚ ਉੱਚ ਉਤਪਾਦਕਤਾ ਅਤੇ ਮੁਨਾਫ਼ੇ ਲਈ ਰਾਹ ਪੱਧਰਾ ਹੋਵੇਗਾ।÷ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ÷ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ, ਸਾਡੀ ਸਰਕਾਰ ਰਵਾਇਤੀ ਖੇਤੀ ਤੋਂ ਪਰੇ ਵੱਧ ਮੁਨਾਫੇ ਲਈ ਇੱਕ ਮਜ਼ਬੂਤ ਈਕੋਸਿਸਟਮ ਬਣਾ ਰਹੀ ਹੈ। ਇਹ ਪ੍ਰੋਜੈਕਟ ਵਾਢੀ ਤੋਂ ਬਾਅਦ ਦੇ ਨੁਕਸਾਨ ਤੋਂ ਲੈ ਕੇ ਕੀਮਤਾਂ ਵਿੱਚ ਅਸਥਿਰਤਾ ਤੱਕ ਸਾਡੇ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਬਾਜ਼ਾਰ ਨਾਲ ਸਿੱਧਾ ਸਬੰਧ ਯਕੀਨੀ ਬਣਾ ਕੇ ਅਤੇ ਪ੍ਰੋਸੈਸਿੰਗ ਸਮਰੱਥਾਵਾਂ ਨੂੰ ਵਧਾ ਕੇ ਹੱਲ ਕਰਨ ਪ੍ਰਤੀ ਸਾਡੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹਨ।÷ ਉਨ੍ਹਾਂ ਕਿਹਾ ਕਿ ਪੀ.ਏ.ਜੀ.ਆਰ.ਈ.ਐਕਸ.ਸੀ.ਓ. ਦੀਆਂ ਪਹਿਲਕਦਮੀਆਂ ਪੰਜਾਬ ਦੇ ਖੇਤੀਬਾੜੀ ਖੇਤਰ ਲਈ ਇੱਕ ਅਧਿਆਇ ਦਾ ਆਰੰਭ ਹਨ ਜੋ ਟਿਕਾਊ ਵਿਕਾਸ ਲਈ ਰਾਹ ਪੱਧਰਾ ਕਰਦੀਆਂ ਹਨ ਅਤੇ ਵਿਸ਼ਵਵਿਆਪੀ ਖੇਤੀਬਾੜੀ ਬਾਜ਼ਾਰਾਂ ਵਿੱਚ ਆਪਣੀ ਸਥਿਤੀ ਨੂੰ ਮਜ਼ਬੂਤ ਕਰਦੀਆਂ ਹਨ।





# ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਉਦਯੋਗਪਤੀ ਸੱਜਣ ਜਿੰਦਲ ਨਾਲ ਕੀਤੀ ਮੁਲਾਕਾਤ ; ਰਾਜਪੁਰਾ ਵਿੱਚ ਸਟੀਲ ਖੇਤਰ ਲਈ 1500 ਕਰੋੜ ਦੇ ਨਿਵੇਸ਼ ਦਾ ਐਲਾਨ

## ਰਾਜਪੁਰਾ ਵਿਖੇ ਸਟੀਲ ਖੇਤਰ 'ਚ 1500 ਕਰੋੜ ਦਾ ਨਿਵੇਸ਼ ਪੰਜਾਬ ਦੀ ਨਿਰਮਾਣ ਸਮਰੱਥਾ ਨੂੰ ਕਰੇਗਾ ਮਜ਼ਬੂਤ ਅਤੇ ਵੱਡੇ ਪੱਧਰ 'ਤੇ ਪੈਦਾ ਕਰੇਗਾ ਰੁਜ਼ਗਾਰ ਦੇ ਮੌਕੇ : ਸੰਜੀਵ ਅਰੋੜਾ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਦੇ ਉਦਯੋਗ ਅਤੇ ਵਪਾਰ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸ਼ ?ਰੀ ਸੰਜੀਵ ਅਰੋੜਾ ਨੇ ਅੱਜ ਮੁੰਬਈ ਵਿੱਚ ਪ੍ਰਮੁੱਖ ਉਦਯੋਗਪਤੀ ਅਤੇ Sajjan Jindal, ਚੇਅਰਮੈਨ, JSW Group ਨਾਲ ਮਹੱਤਵਪੂਰਨ ਮੀਟਿੰਗ ਕੀਤੀ। ਮੀਟਿੰਗ ਵਿੱਚ ਪੰਜਾਬ ਇਨਵੈਸਟ ਦੇ ਸੀਈਓ ਅਮਿਤ ਢਾਕਾ ਵੀ ਮੌਜੂਦ ਸਨ। ਮੀਟਿੰਗ ਦੌਰਾਨ ਸੱਜਣ ਜਿੰਦਲ ਨੇ ਰਾਜਪੁਰਾ ਵਿੱਚ ਇਸਪਾਤ ਖੇਤਰ ਵਿੱਚ 1,500 ਕਰੋੜ ਦੇ ਨਿਵੇਸ਼ ਦਾ ਐਲਾਨ ਕੀਤਾ। ਉਨ੍ਹਾਂ ਨੇ ਇਹ ਵੀ ਦੱਸਿਆ ਕਿ JSW ਗਰੁੱਪ ਪੰਜਾਬ ਵਿੱਚ ਆਪਣੇ ਵੱਖ-ਵੱਖ ਕਾਰੋਬਾਰੀ ਖੇਤਰਾਂ ਵਿੱਚ ਹੋਰ ਨਿਵੇਸ਼ ਦੇ ਮੌਕਿਆਂ ਦੀ ਜਾਂਚ ਕਰੇਗਾ। ਇਸ ਪ੍ਰਸਤਾਵਿਤ ਨਿਵੇਸ਼ ਨਾਲ ਰਾਜ ਦੀ ਉਤਪਾਦਨ ਸਮਰੱਥਾ ਮਜ਼ਬੂਤ ਹੋਵੇਗੀ, ਇਸਪਾਤ ਮੁੱਲ ਸ਼੍ ?ਖਲਾ ਹੋਰ ਗਹਿਰੀ ਹੋਵੇਗੀ ਅਤੇ ਖੇਤਰ ਵਿੱਚ ਸਿੱਧੇ ਅਤੇ ਅਪਰੋਖ ਰੋਜ਼ਗਾਰ ਦੇ ਵੱਡੇ ਮੌਕੇ ਪੈਦਾ ਹੋਣਗੇ। ਜਿੰਦਲ ਨੇ 13 ਮਾਰਚ ਨੂੰ Plaksha University ਵਿੱਚ ਹੋਣ ਵਾਲੇ ਇਨਵੈਸਟ ਪੰਜਾਬ ਸਮਿੱਟ ਦੇ ਉਦਘਾਟਨੀ ਸੈਸ਼ਨ ਵਿੱਚ ਆਪਣੀ ਹਾਜ਼ਰੀ ਦੀ ਪੁਸ਼ਟੀ ਕੀਤੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਤਿਆਰ ਕੀਤੇ ਜਾ ਰਹੇ ਉਦਯੋਗ-ਅਨੁਕੂਲ ਮਾਹੌਲ ਅਤੇ ਸਰਗਰਮ ਉਦਯੋਗਿਕ ਪਹੁੰਚ ਦੀ ਸਰਾਹਨਾ ਕੀਤੀ। ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਉੱਤਰੀ ਬਾਜ਼ਾਰਾਂ ਨਾਲ ਸ਼ਾਨਦਾਰ ਕੁਨੈਕਟਿਵਿਟੀ, ਮਜ਼ਬੂਤ ਐਮਐਸਐਮਈ ਪ੍ਰਣਾਲੀ, ਕੁਸ਼ਲ ਮਨੁੱਖੀ ਸਰੋਤ ਅਤੇ ਇਸਪਾਤ, ਆਟੋ ਕੰਪੋਨੈਂਟਸ, ਟੈਕਸਟਾਈਲ, ਖੇਡ ਸਮਾਨ, ਫੂਡ ਪ੍ਰੋਸੈਸਿੰਗ ਅਤੇ ਲਾਈਟ ਇੰਜੀਨੀਅਰਿੰਗ ਵਰਗੇ ਖੇਤਰਾਂ ਵਿੱਚ ਵਿਕਸਿਤ ਉਦਯੋਗਿਕ ਕਲੱਸਟਰਾਂ ਨਾਲ ਸਜਿਆ ਹੋਇਆ ਹੈ। ਉਨ੍ਹਾਂ ਨੇ "ਈਜ਼ ਆਫ ਡੂਇੰਗ ਬਿਜ਼ਨਸ"ਸੁਧਾਰਾਂ ਵਿੱਚ ਪੰਜਾਬ ਨੂੰ ਲਗਾਤਾਰ "ਟਾਪ ਅਚੀਵਰ"ਦਾ ਦਰਜਾ ਮਿਲਣ ਅਤੇ ਸਮੇਂ-ਬੱਧ ਮਨਜ਼ੂਰੀਆਂ ਲਈ ਇਕਲ-ਖਿੜਕੀ ਪ੍ਰਣਾਲੀ ਦੀ ਵੀ ਚਰਚਾ ਕੀਤੀ। ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨਵੀਂ,



ਮਜ਼ਬੂਤ ਅਤੇ ਭਵਿੱਖ-ਕੇਂਦ੍ਰਿਤ ਉਦਯੋਗਿਕ ਨੀਤੀ ਨੂੰ ਅੰਤਿਮ ਰੂਪ ਦੇਣ ਦੇ ਅਗਲੇ ਪੜਾਅ ਵਿੱਚ ਹੈ। ਇਹ ਨੀਤੀ ਪ੍ਰਤੀਯੋਗੀ ਵਿੱਤੀ ਪ੍ਰੋਤਸਾਹਨ, ਪਲਗ-ਐਂਡ-ਪਲੇ ਉਦਯੋਗਿਕ ਢਾਂਚਾ, ਖੇਤਰ-ਵਿਸ਼ੇਸ਼ ਪਾਰਕ, ਤੇਜ਼ ਮਨਜ਼ੂਰੀਆਂ, ਲਾਜਿਸਟਿਕ ਕੁਸ਼ਲਤਾ ਅਤੇ ਡਿਫੈਂਸ ਮੈਨੂਫੈਕਚਰਿੰਗ, ਇਲੈਕਟ੍ਰਿਕ ਮੋਬਿਲਿਟੀ, ਅਡਵਾਂਸਡ ਮੈਟੀਰੀਅਲ, ਨਵੀਨੀਕਰਣਯੋਗ ਊਰਜਾ ਅਤੇ ਹਾਈ-ਐਂਡ ਇੰਜੀਨੀਅਰਿੰਗ ਵਰਗੇ ਉਭਰਦੇ ਖੇਤਰਾਂ ਲਈ ਮਜ਼ਬੂਤ ਨੀਤੀ ਸਮਰਥਨ ਪ੍ਰਦਾਨ ਕਰੇਗੀ। ਮੁੱਲ-ਵੱਧਤ ਉਤਪਾਦਨ, ਨਿਰਯਾਤ ਵਾਧੇ ਅਤੇ ਪੰਜਾਬ ਦੇ ਯੁਵਕਾਂ ਲਈ ਵੱਡੇ ਪੱਧਰ 'ਤੇ ਰੋਜ਼ਗਾਰ ਸਿਰਜਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਜਿੰਦਲ ਨੇ ਪੰਜਾਬ ਸਰਕਾਰ ਦੀ ਸਰਗਰਮ ਅਤੇ ਉਦਯੋਗ-ਮਿੱਤਰ ਨੀਤੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਮੰਤਰੀ ਸੰਜੀਵ ਅਰੋੜਾ ਦੇ ਰਾਜ ਵਿੱਚ ਨਵੇਂ ਨਿਵੇਸ਼ ਆਕਰਸ਼ਿਤ ਕਰਨ ਲਈ ਕੀਤੇ ਜਾ ਰਹੇ ਅਥਕ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਡਿਫੈਂਸ ਮੈਨੂਫੈਕਚਰਿੰਗ, ਆਟੋਮੋਬਾਈਲ ਖੇਤਰ ਅਤੇ ਨਵੀਨੀਕਰਣਯੋਗ ਊਰਜਾ ਪ੍ਰੋਜੈਕਟਾਂ ਵਿੱਚ ਰੁਚੀ ਜਤਾਈ। ਮੰਤਰੀ ਸੰਜੀਵ ਅਰੋੜਾ ਨੇ ਸਰਕਾਰ ਦੀ ਉਦਯੋਗਾਂ ਪ੍ਰਤੀ ਵਚਨਬੱਧਤਾ ਦੁਹਰਾਉਂਦੇ ਹੋਏ ਪ੍ਰਸਤਾਵਿਤ JSW ਪ੍ਰੋਜੈਕਟਾਂ ਲਈ ਪੂਰਾ ਸਹਿਯੋਗ, ਮਾਰਗਦਰਸ਼ਨ ਅਤੇ ਤੁਰੰਤ ਮਨਜ਼ੂਰੀਆਂ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਉਦਯੋਗਾਂ ਦੀ ਸਥਾਪਨਾ ਅਤੇ ਵਿਸਥਾਰ ਲਈ ਭਰੋਸੇਯੋਗ ਬਿਜਲੀ ਸਪਲਾਈ, ਸੁਧਰੇ ਹੋਏ ਲਾਜਿਸਟਿਕ ਢਾਂਚੇ ਅਤੇ ਸੰਵੇਦਨਸ਼ੀਲ ਪ੍ਰਸ਼ਾਸਨਿਕ ਪ੍ਰਣਾਲੀ ਪ੍ਰਦਾਨ ਕਰਨ ਲਈ ਪ੍ਰਤੀਬੱਧ ਹੈ। ਇਹ ਮੀਟਿੰਗ ਪ੍ਰੋਗਰੈਸਿਵ ਪੰਜਾਬ ਇਨਵੈਸਟਰਜ਼ ਸਮਿੱਟ 2026 ਤੋਂ ਪਹਿਲਾਂ ਸਮਾਵੇਸ਼ੀ ਵਿਕਾਸ, ਉਦਯੋਗਿਕ ਵਿਭਿੰਨਤਾ ਅਤੇ ਰੋਜ਼ਗਾਰ ਸਿਰਜਣ ਦੇ ਵਿਜ਼ਨ ਅਨੁਸਾਰ ਪੰਜਾਬ ਨੂੰ ਭਾਰਤ ਦੇ ਸਭ ਤੋਂ ਪਸੰਦੀਦਾ ਅਤੇ ਪ੍ਰਤੀਯੋਗੀ ਨਿਵੇਸ਼ ਗੰਤੀਵਿਆਂ ਵਿੱਚ ਸ਼ਾਮਲ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।

# ਗੈਂਗਸਟਰਾਂ 'ਤੇ ਵਾਰ: ਇੱਕ ਮਹੀਨੇ ਵਿੱਚ 10 ਹਜ਼ਾਰ ਤੋਂ ਵੱਧ ਵਿਅਕਤੀ 205 ਹਥਿਆਰਾਂ ਸਮੇਤ ਗ੍ਰਿਫ਼ਤਾਰ

ਕੈਪਟਨ ਸੁਭਾਸ਼ ਚੰਦਰ ਸ਼ਰਮਾ

**ਲੋਕ ਗੈਂਗਸਟਰ ਵਿਰੋਧੀ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਦੇ ਸਕਦੇ ਹਨ ਗੈਂਗਸਟਰ ਬਾਰੇ ਜਾਣਕਾਰੀ**

ਚੰਡੀਗੜ੍ਹ, ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ ਇੱਕ ਮਹੀਨਾ ਪੂਰਾ ਹੋਣ 'ਤੇ ਪੰਜਾਬ ਪੁਲਿਸ ਨੇ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਸੂਬੇ ਭਰ ਵਿੱਚ 32,342 ਛਾਪੇਮਾਰੀ ਕਰਕੇ ਗੈਂਗਸਟਰਾਂ ਅਤੇ ਉਨ੍ਹਾਂ ਨਾਲ ਜੁੜੇ ਅਪਰਾਧੀਆਂ ਸਮੇਤ 10,412 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' - ਪੰਜਾਬ ਨੂੰ ਗੈਂਗਸਟਰ-ਮੁਕਤ ਸੂਬਾ ਬਣਾਉਣ ਲਈ ਇੱਕ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਸਾਰੇ ਜ਼ਿਲਿ ?ਹਆਂ ਦੀਆਂ ਪੁਲਿਸ ਟੀਮਾਂ ਗੈਂਗਸਟਰਾਂ ਦੇ ਸਾਥੀਆਂ ਨਾਲ ਜੁੜੇ ਪਛਾਣੇ ਗਏ ਅਤੇ ਮੈਪ ਕੀਤੇ ਸਥਾਨਾਂ 'ਤੇ ਛਾਪੇਮਾਰੀ ਕਰ ਰਹੀਆਂ ਹਨ। ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਵਿਅਕਤੀਆਂ ਦੇ ਕਬਜ਼ੇ ਤੋਂ 205 ਹਥਿਆਰਾਂ ਸਮੇਤ 396 ਜ਼ਿੰਦਾ ਕਾਰਤੂਸ ਅਤੇ 34 ਮੈਗਜ਼ੀਨ, 104 ਤੇਜ਼ਧਾਰ ਹਥਿਆਰ ਅਤੇ ਚਾਰ ਹੈਂਡ ਗ੍ਰਨੇਡ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ, 5,294 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 10,090 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮੁਹਿੰਮ ਸ਼ੁਰੂ ਹੋਣ ਤੋਂ ਹੁਣ ਤੱਕ ਪੁਲਿਸ ਟੀਮਾਂ ਨੇ 664 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਜ਼ਿਕਰਯੋਗ ਹੈ ਕਿ 31ਵੇਂ ਦਿਨ ਪੁਲਿਸ ਟੀਮਾਂ ਨੇ 664 ਥਾਈਂ ਛਾਪੇਮਾਰੀ ਕਰਕੇ 198 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ , ਜਦੋਂ ਕਿ 100 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਅਤੇ 18 ਭਗੌੜੇ ਅਪਰਾਧੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ—93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ । ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' 356ਵੇਂ ਦਿਨ ਵੀ ਜਾਰੀ ਰੱਖੀ ਹੈ, ਜਿਸ ਵਿੱਚ 87 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 458 ਗ੍ਰਾਮ ਹੈਰੋਇਨ, 600 ਗ੍ਰਾਮ ਅਫੀਮ, 439 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2200 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਦੇ ਨਾਲ ਸਿਰਫ 356 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 50,496 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 26 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।




# ਚੱਬੇਵਾਲ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਅੰਮ੍ਰਿਤਸਰ ਰਵਾਨਾ

ਮਨਦੀਪ ਕੌਰ

**ਵਿਧਾਇਕ ਡਾ. ਇਸ਼ਾਂਕ ਕਮਾਰ ਨੇ ਬੱਸ ਨੂੰ ਦਿੱਤੀ ਰਹੀ ਝੰਡੀ**

ਹੁਸ਼ਿਆਰਪੁਰ, ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਧਾਰਮਿਕ ਯਾਤਰਾ ਲਈ ਅੰਮ੍ਰਿਤਸਰ ਲਈ ਰਵਾਨਾ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵਿਰਾਸਤ ਸੇਵਾ ਸੰਗਠਨ ਦੇ ਸੂਬਾ ਸਕੱਤਰ ਅਤੇ ਦੋਆਬਾ ਜ਼ੋਨ ਇੰਚਾਰਜ ਤਰੁਣ ਅਰੋੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਯੋਜਨਾ ਨਾ ਸਿਰਫ਼ ਬਜ਼ੁਰਗ ਨਾਗਰਿਕਾਂ ਅਤੇ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦੇ ਯੋਗ ਬਣਾਉਂਦੀ ਹੈ ਬਲਕਿ ਸਮਾਜਿਕ ਸਦਭਾਵਨਾ ਅਤੇ ਅਧਿਆਤਮਿਕ ਬੰਧਨ ਨੂੰ ਵੀ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਰਹਿਣ, ਖਾਣ-ਪੀਣ ਅਤੇ ਆਵਾਜਾਈ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਹਿਲੇ ਦਿਨ ਦੁਰਗਿਆਣਾ ਮੰਦਿਰ ਦੇ ਦਰਸ਼ਨ ਕਰਵਾਏ ਜਾਣਗੇ। ਦੂਜੇ ਦਿਨ ਉਨ੍ਹਾਂ ਨੂੰ ਪਾਰਟੀਸ਼ਨ ਮਿਊਜ਼ੀਅਮ, ਜਲ੍ਹਿਆਂਵਾਲਾ ਬਾਗ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਅਤੇ ਲੰਗਰ ਸੇਵਾ ਮੌਕਾ ਮਿਲੇਗਾ। ਇਸ ਤੋਂ ਇਲਾਵਾ ਵਾਹਗਾ ਬਾਰਡਰ 'ਤੇ ਬੀਟਿੰਗ ਰਿਟਰੀਟ ਸਮਾਰੋਹ ਦਿਖਾਇਆ ਜਾਵੇਗਾ। ਤੀਜੇ ਦਿਨ ਸ਼ਰਧਾਲੂ ਭਗਵਾਨ ਵਾਲਮੀਕਿ ਜੀ ਤੀਰਥ ਦਰਸ਼ਨ ਕਰਨ ਤੋਂ ਬਾਅਦ ਵਾਪਸ ਪਰਤਣਗੇ। ਵਿਧਾਇਕ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਯੋਜਨਾ ਤਹਿਤ ਧਾਰਮਿਕ ਯਾਤਰਾਵਾਂ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸਾਰੇ ਸ਼ਰਧਾਲੂਆਂ ਲਈ ਨਾਸ਼ਤਾ, ਚਾਹ, ਦੁਪਹਿਰ ਦਾ ਖਾਣਾ, ਹਾਈ ਟੀ ਅਤੇ ਰਾਤ ਦੇ ਖਾਣੇ ਦਾ ਪ੍ਰਬੰਧ ਕੀਤਾ ਗਿਆ ਹੈ। ਬੱਸ ਦੇ ਰਵਾਨਾ ਹੋਣ ਤੋਂ ਪਹਿਲਾਂ ਸ਼ਰਧਾਲੂਆਂ ਵਿੱਚ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# 2,000 ਤੋਂ ਵੱਧ ਸਰਕਾਰੀ ਸਕੂਲਾਂ ਦਾ ਨਿਰੀਖਣ ਕਰਨ ਵਾਲੇ ਪੰਜਾਬ ਦੇ ਪਹਿਲੇ ਸਿੱਖਿਆ ਮੰਤਰੀ ਬਣੇ ਹਰਜੋਤ ਸਿੰਘ ਬੈਂਸ

## ਭਗਵੰਤ ਮਾਨ ਸਰਕਾਰ ਪਠਾਨਕੋਟ ਤੋਂ ਲੈ ਕੇ ਫਾਜ਼ਿਲਕਾ ਤੱਕ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਦੇ ਮਿਸ਼ਨ 'ਤੇ

ਐਸ. ਕੇ. ਸਕਸੈਨਾ

ਚੰਡੀਗੜ੍ਹ / ਅੰਮ੍ਰਿਤਸਰ, 20 ਫਰਵਰੀ: ਪੰਜਾਬ ਦੇ ਸਿੱਖਿਆ ਸੁਧਾਰਾਂ ਦਾ ਲੜੀ ਵਿੱਚ ਇੱਕ ਹੋਰ ਮੀਲ ਪੱਥਰ ਸਥਾਪਤ ਕਰਦਿਆਂ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸੂਬੇ ਦੀ ਸਰਕਾਰੀ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਅਤੇ ਇਸ ਦੇ ਸੁਧਾਰ ਸਬੰਧੀ ਆਪਣੀ ਨਿਰੰਤਰ ਮੁਹਿੰਮ ਦੇ ਹਿੱਸੇ ਵਜੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਝੀਤਾ ਕਲਾਂ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰੇ ਦੌਰਾਨ ਸ. ਬੈਂਸ ਨੇ ਦੱਸਿਆ ਕਿ ਉਨ੍ਹਾਂ ਨੇ ਅਹੁਦਾ ਸੰਭਾਲਣ ਤੋਂ ਲੈ ਕੇ ਹੁਣ ਤੱਕ ਪੰਜਾਬ ਭਰ ਦੇ 2,000 ਤੋਂ ਵੱਧ ਸਰਕਾਰੀ ਸਕੂਲਾਂ ਦਾ ਨਿਰੀਖਣ ਕੀਤਾ ਹੈ, ਜਿਸ ਨੂੰ ਉਨ੍ਹਾਂ ਨੇ ਸੂਬੇ ਦੇ ਇਤਿਹਾਸ ਵਿੱਚ ਇੱਕ ਨਵਾਂ ਮਾਪਦੰਡ ਕਰਾਰ ਦਿੱਤਾ। ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੈਂ ਅਹੁਦਾ ਸੰਭਾਲਣ ਤੋਂ ਲੈ ਕੇ ਸੂਬੇ ਭਰ ਦੇ 2,000 ਤੋਂ ਵੱਧ ਸਰਕਾਰੀ ਸਕੂਲਾਂ ਦਾ ਜ਼ਮੀਨੀ ਪੱਧਰ ਉਤੇ ਦੌਰਾ ਕਰਕੇ ਨਵਾਂ ਰਿਕਾਰਡ ਕਾਇਮ ਕੀਤਾ ਹੈ। ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਜਦੋਂ ਕਿਸੇ ਸਿੱਖਿਆ ਮੰਤਰੀ ਨੇ ਸਿੱਖਿਆ ਪ੍ਰਣਾਲੀ ਦੀ ਇੰਨੇ ਵੱਡੇ ਪੱਧਰ 'ਤੇ ਜ਼ਮੀਨੀ ਪੱਧਰ 'ਤੇ ਸਮੀਖਿਆ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਤਹਿਤ ਮੈਂ ਪਠਾਨਕੋਟ ਤੋਂ ਫਾਜ਼ਿਲਕਾ, ਫਿਰੋਜ਼ਪੁਰ ਤੋਂ ਮੋਹਾਲੀ ਤੱਕ ਕੋਈ ਜ਼ਿਲ੍ਹਾ ਨਹੀਂ ਛੱਡਿਆ ਹੈ, ਜੋ ਕਿ ਸੂਬੇ ਦੇ ਵਿਦਿਆਰਥੀਆਂ ਲਈ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਪ੍ਰਤੀ ਮੇਰੇ ਜਨੂੰਨ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਤਕਰੀਬਨ 20,000 ਸਕੂਲ ਹਨ, ਜਿਨ੍ਹਾਂ ਦੇ ਜ਼ਮੀਨੀ ਪੱਧਰ 'ਤੇ



ਨਿਰੀਖਣ ਲਈ ਮੈਂ ਇੱਕ ਮਿਸ਼ਨ 'ਤੇ ਹਾਂ। ਸਟਾਫ਼ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਦੌਰਾਨ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸਕੂਲ ਵਿੱਚ ਸਿੱਖਿਆ ਅਤੇ ਪ੍ਰਬੰਧਨ ਦੇ ਮਿਆਰਾਂ ਦੀ ਸਮੀਖਿਆ ਕੀਤੀ ਅਤੇ 'ਸਮਰੱਥ' ਪ੍ਰੋਗਰਾਮ, ਜੋ ਪ੍ਰਾਇਮਰੀ ਕਲਾਸਾਂ ਵਿੱਚ ਪੜ੍ਹਾਈ-ਲਿਖਾਈ ਸਬੰਧੀ ਦਰਪੇਸ਼ ਸਮੱਸਿਆਵਾਂ ਦੇ ਹੱਲ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਇੱਕ ਪ੍ਰਮੁੱਖ ਪਹਿਲਕਦਮੀ ਹੈ, ਦੀ ਪ੍ਰਗਤੀ ਦਾ ਮੁਲਾਂਕਣ ਵੀ ਕੀਤਾ। . ਬੈਂਸ ਨੇ ਆਪਣੇ ਅਹੁਦਾ ਸੰਭਾਲਣ ਸਮੇਂ ਸਰਕਾਰੀ ਸਕੂਲ ਸਿੱਖਿਆ ਪ੍ਰਣਾਲੀ ਦੇ ਹਾਲਾਤਾਂ ਨੂੰ ਚੇਤੇ ਕਰਦਿਆਂ ਕਿਹਾ ਕਿ ਪ੍ਰਾਇਮਰੀ ਪੱਧਰ 'ਤੇ ਵੱਡੀ ਗਿਣਤੀ ਬੱਚੇ ਪੜ੍ਹਨ ਜਾਂ ਲਿਖਣ ਵਿੱਚ ਅਸਮਰੱਥ ਸਨ। ਸਿੱਖਣ ਦੇ ਪਾੜੇ ਨੂੰ ਪੂਰਨ ਵਿੱਚ ਇਸ ਪਹਿਲਕਦਮੀ ਦੇ ਉਸਾਰੂ ਪ੍ਰਭਾਵ ਨੂੰ ਉਜਾਗਰ ਕਰਦਿਆਂ ਉਹ ਜਦੋਂ ਅਜਿਹੇ ਬੱਚਿਆਂ, ਜੋ ਅੱਖਰਾਂ ਦੀ ਪਛਾਣ ਕਰਨ 'ਚ ਜੱਦੋ-ਜਹਿਦ ਤੋਂ ਲੈ ਕੇ ਹੁਣ ਸ਼ਬਦਾਂ ਅਤੇ ਵਾਕਾਂ ਨੂੰ ਭਰੋਸੇ ਨਾਲ ਪੜ੍ਹਨ ਤੱਕ ਤਰੱਕੀ ਕਰ ਚੁੱਕੇ ਹਨ, ਨਾਲ ਗੱਲਬਾਤ ਕਰਦੇ ਹਨ ਤਾਂ ਉਨ੍ਹਾਂ ਨੂੰ ਬਹੁਤ ਖੁਸ਼ੀ ਅਤੇ ਸੰਤੁਸ਼ਟੀ ਹੁੰਦੀ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਮਰੱਥ' ਪ੍ਰੋਗਰਾਮ ਰਾਹੀਂ ਅਸੀਂ ਅਜਿਹੇ ਬੱਚਿਆਂ ਦੀ ਪਛਾਣ ਕਰਕੇ ਉਨ੍ਹਾਂ 'ਤੇ ਕੰਮ ਕੀਤਾ। ਉਨ੍ਹਾ ਕਿਹਾ ਕਿ ਬੱਚਿਆਂ ਨੂੰ ਚੰਗੀ ਤਰ੍ਹਾਂ ਪੜ੍ਹਾਉਣ ਵਾਲੇ ਅਧਿਆਪਕ ਸ਼ਾਨਦਾਰ ਨਤੀਜੇ ਦੇ ਰਹੇ ਹਨ। ਉਨ੍ਹਾਂ ਨਾਲ ਹੀ ਕਿਹਾ ਕਿ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਦੀ ਕਿਸੇ ਵੀ ਕਾਰਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਜਿਹੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਜ਼ੀਰੋ-ਸਹਿਣਸ਼ੀਲਤਾ ਨੀਤੀ ਦੀ ਪੁਸ਼ਟੀ ਕਰਦਿਆਂ ਸਿੱਖਿਆ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਨਾਕਾਮ ਰਹਿਣ ਵਾਲੇ ਅਧਿਆਪਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸੁਰੱਖਿਤ ਅਤੇ ਅਨੁਕੂਲ ਸਿੱਖਿਆ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਚੁੱਕੇ ਗਏ ਕਦਮਾਂ 'ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 500 ਤੋਂ ਵੱਧ ਵਿਦਿਆਰਥੀਆਂ ਦੇ ਦਾਖਲੇ ਵਾਲੇ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਕੈਂਪਸ ਮੈਨੇਜਰ ਅਤੇ ਸੁਰੱਖਿਆ ਗਾਰਡ ਤਾਇਨਾਤ ਕੀਤੇ ਗਏ ਹਨ।

ਇਹ ਆਖਦਿਆਂ ਕਿ ਗਲਤ ਚੀਜ਼ਾਂ ਬਹੁਤ ਜਲਦੀ ਵਾਇਰਲ ਹੋ ਜਾਂਦੀਆਂ ਹਨ, ਸ. ਬੈਂਸ ਨੇ ਜਨਤਾ ਅਤੇ ਮੀਡੀਆ ਨੂੰ ਮਿਹਨਤੀ ਅਤੇ ਕੁਸ਼ਲ ਅਧਿਆਪਕਾਂ ਦੇ ਚੰਗੇ ਕੰਮਾਂ ਨੂੰ ਵੀ ਸਾਂਝਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੈਂ ਤੁਹਾਨੂੰ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਝੀਤਾ ਕਲਾਂ ਵਰਗੇ ਸਕੂਲਾਂ ਦੀ ਚੰਗੀ ਕਾਰਗੁਜ਼ਾਰੀ ਨੂੰ ਵੱਧ ਤੋਂ ਵੱਧ ਦਿਖਾਇਆ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਇਸ ਸਕੂਲ ਦੇ ਕੈਂਪਸ ਅਤੇ ਬੁਨਿਆਦੀ ਢਾਂਚੇ ਵਿੱਚ ਵੱਡੇ ਸੁਧਾਰ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਸਕੂਲ ਸ਼ਾਨਦਾਰ ਨਤੀਜੇ ਦੇ ਰਿਹਾ ਹੈ ਅਤੇ ਇਥੋਂ ਦੇ ਇੱਕ ਵਿਦਿਆਰਥੀ ਨੇ ਜੇਈਈ ਵੀ ਪਾਸ ਕੀਤਾ ਹੈ।

ਵਿਦਿਆਰਥੀਆਂ ਦੀ ਹਾਲੀਆ ਪ੍ਰੀਖਿਆ ਕਾਰਗੁਜ਼ਾਰੀ ਅਤੇ ਸਕੂਲ ਵਿੱਚ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਕਾਰਜਾਂ ਦੀ ਸ਼ਲਾਘਾ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਭਗਵੰਤ ਮਾਨ ਸਰਕਾਰ ਦੀ ਸਰਕਾਰੀ ਸਕੂਲਾਂ ਵਿੱਚ ਉੱਚ ਪੱਧਰੀ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕੀਤੇ ਜਾ ਰਹੇ ਸਿੱਖਿਆ ਸੁਧਾਰਾਂ ਦੀ ਰਫ਼ਤਾਰ ਨੂੰ ਕਾਇਮ ਰੱਖਣ ਲਈ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ।




# ਕਣਕ ਦੀ ਫ਼ਸਲ ਨੂੰ ਵੱਧ ਤਾਪਮਾਨ ਤੋਂ ਕਿਵੇਂ ਬਚਾਇਆ ਜਾਵੇ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਹੁਸ਼ਿਆਰਪੁਰ, ਪੰਜਾਬ ਵਿੱਚ ਹਾੜ੍ਹੀ ਦੌਰਾਨ ਲਗਭਗ 95 ਫੀਸਦੀ ਰਕਬੇ 'ਤੇ ਕਣਕ ਦੀ ਬਿਜਾਈ 25 ਅਕਤੂਬਰ ਤੋਂ 15 ਨਵੰਬਰ ਤੱਕ ਕੀਤੀ ਗਈ ਸੀ, ਜੋ ਕਿ ਕਣਕ ਦੀ ਬਿਜਾਈ ਦਾ ਢੁੱਕਵਾਂ ਸਮ ?ਹਾਂ ਹੈ। ਕਣਕ, ਖਾਸ ਕਰਕੇ ਦਾਣੇ ਪੈਣ ਸਮੇਂ, ਵੱਧ ਤਾਪਮਾਨ ਲਈ ਵਧੇਰੇ ਸੰਵੇਦਨਸ਼ੀਲ ਹੈ। ਇਸ ਸਮੇਂ ਦਾਣਿਆਂ ਦੇ ਭਾਰ ਉੱਤੇ ਵੱਧ ਤਾਪਮਾਨ ਦਾ ਮਾੜਾ ਪ੍ਰਭਾਵ ਪੈਂਦਾ ਹੈ। ਜਿਸਦੇ ਨਤੀਜੇ ਵਜੋਂ ਕਣਕ ਦੇ ਝਾੜ ਅਤੇ ਗੁਣਵੱਤਾ ਵਿੱਚ ਗਿਰਾਵਟ ਆਉਂਦੀ ਹੈ। ਵੱਧ ਤਾਪਮਾਨ ਕਾਰਨ ਹਲਕੀ ਤੋਂ ਦਰਮਿਆਨੀ ਜ਼ਮੀਨ 'ਤੇ ਬੀਜੀ ਅਗੇਤੀ ਕਣਕ ਦੀ ਫ਼ਸਲ ਜਲਦੀ ਸਿੱਟੇ ਕੱਢ ਲੈਂਦੀ ਹੈ ਅਤੇ ਪੱਕ ਜਾਂਦੀ ਹੈ ਜਿਸ ਕਰਕੇ ਦਾਣੇ ਮਾੜੇ ਰਹਿ ਜਾਂਦੇ ਹਨ। ਫਰਵਰੀ 2026 ਦੇ ਦੂਜੇ ਹਫ਼ਤੇ ਵਿੱਚ ਤਾਪਮਾਨ ਪਿਛਲੇ ਸਾਲ ਨਾਲੋਂ 2-4 ਡਿਗਰੀ ਸੈਂਟੀਗਰੇਡ ਜਿਆਦਾ ਦੇਖਿਆ ਗਿਆ ਹੈ। ਮੌਜੂਦਾ ਹਾਲਤਾਂ ਤਹਿਤ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ.ਮਨਿੰਦਰ ਸਿੰਘ ਬੌਂਸ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਹੈ ਕਿ ਕਣਕ ਦੀ ਫ਼ਸਲ ਨੂੰ ਹਲਕਾ ਪਾਣੀ ਲਗਾਇਆ ਜਾਵੇ। ਸਿੰਚਾਈ ਕਰਨ ਲੱਗਿਆਂ ਹਵਾ ਦੀ ਗਤੀ ਦਾ ਧਿਆਨ ਰੱਖਿਆ ਜਾਵੇ, ਤਾਂ ਜੋ ਫ਼ਸਲ ਨੂੰ ਡਿੱਗਣ ਤੋਂ ਬਚਾਇਆ ਜਾ ਸਕੇ। ਜਿਹੜੀ ਕਣਕ ਅਜੇ ਗੋਭ ਵਾਲੇ ਪੱਤੇ 'ਤੇ ਹੈ ਉਸ ਨੂੰ ਵੱਧ ਤਾਪਮਾਨ ਤੋਂ ਬਚਾਉਣ ਲਈ 2 ਫੀਸਦੀ ਪੋਟਾਸ਼ੀਅਮ ਨਾਈਟ ?ਰੇਟ (13:0:45) (4 ਕਿੱਲੋਗ੍ਰਾਮ ਪੋਟਾਸ਼ੀਅਮ ਨਾਈਟ ?ਰੇਟ ਨੂੰ 200 ਲਿਟਰ ਪਾਣੀ ਵਿੱਚ) ਪਹਿਲਾ ਛਿੜਕਾਅ ਗੋਭ ਵਾਲਾ ਪੱਤਾ ਨਿਕਲਣ ਅਤੇ ਦੂਜਾ ਬੂਰ ਪੈਣ ਸਮੇਂ ਕਰ ਸਕਦੇ ਹੋ। ਡਾ. ਬੌਂਸ ਨੇ ਕਿਹਾ ਕਿ ਇਹ ਘੋਲ 200 ਲਿਟਰ ਦਾ ਬਣਾਇਆ ਜਾਵੇ ਅਤੇ ਛਿੜਕਾਅ ਸ਼ਾਮ ਦੇ ਸਮੇਂ ਕਰਨੀ ਚਾਹੀਦੀ ਹੈ। ਫ਼ਸਲ ਨੂੰ ਹਲਕਾ ਪਾਣੀ ਲਗਾਉਣ ਅਤੇ ਪੋਟਾਸ਼ੀਅਮ ਨਾਈਟ ?ਰੇਟ (13:0:45) ਦੀ ਛਿੜਕਾਅ ਕਰਨ ਨਾਲ ਵੱਧ ਤਾਪਮਾਨ ਦੇ ਮਾੜੇ ਪ੍ਰਭਾਵ ਤੋਂ ਕਾਫੀ ਹੱਦ ਤੱਕ ਬਚਾਇਆ ਜਾ ਸਕਦਾ ਹੈ।

# ਭਗਵੰਤ ਮਾਨ ਸਰਕਾਰ ਪਰੇਸ਼ਾਨੀ-ਰਹਿਤ ਅਤੇ ਸਾਜ਼ਗਾਰ ਕਾਰੋਬਾਰੀ ਮਾਹੌਲ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ : ਹਰਪਾਲ ਸਿੰਘ ਚੀਮਾ

## ਪ੍ਰੀ-ਜੀ.ਐਸ.ਟੀ. ਬਕਾਇਆਂ ਦੀ ਵਸੂਲੀ ਲਈ ਪੰਜਾਬ ਸਰਕਾਰ ਨੇ 91.10 ਕਰੋੜ ਰੁਪਏ ਦੀਆਂ 136 ਜਾਇਦਾਦਾਂ ਅਟੈਚ ਕੀਤੀਆਂ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਪਾਰ ਦੀ ਸਹੂਲਤ ਅਤੇ ਸਖ਼ਤ ਟੈਕਸ ਅਨੁਪਾਲਣ (ਟੈਕਸ ਨਿਯਮਾਂ ਦੀ ਪਾਲਣਾ) ਵਿਚਕਾਰ ਮਜ਼ਬੂਤੀ ਨਾਲ ਸੰਤੁਲਨ ਬਣਾ ਰਹੀ ਹੈ ਜਿਸ ਦੇ ਚੱਲਦਿਆਂ ਪੰਜਾਬ ਕਰ ਵਿਭਾਗ ਨੇ ਜੀ.ਐਸ.ਟੀ. ਪ੍ਰਣਾਲੀ ਤੋਂ ਪਹਿਲਾਂ ਦੇ ਕਰ ਬਕਾਇਆਂ ਦੀ ਵਸੂਲੀ ਲਈ ਇੱਕ ਵੱਡੀ ਮੁਹਿੰਮ ਤਹਿਤ 91.10 ਕਰੋੜ ਰੁਪਏ ਦੀਆਂ 136 ਜਾਇਦਾਦਾਂ ਅਟੈਚ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰ ਨੇ ਵਪਾਰੀਆਂ ਨੂੰ ਪੁਰਾਣੇ ਬਕਾਏ ਚੁਕਾਉਣ ਵਿੱਚ ਮਦਦ ਕਰਨ ਲਈ ਇੱਕ ਬਹੁਤ ਹੀ ਲਾਹੇਵੰਦ ਯਕਮੁਸ਼ਤ ਨਿਪਟਾਰਾ ਸਕੀਮ ਦੇ ਸਮੇਂ ਵਿੱਚ ਵਾਧਾ ਕੀਤਾ ਹੈ, ਉੱਥੇ ਹੀ ਲਗਾਤਾਰ ਡਿਫਾਲਟਰ ਰਹਿਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਵੀ ਕੀਤੀ ਜਾ ਰਹੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਪੰਜਾਬ ਸਰਕਾਰ ਪਰੇਸ਼ਾਨੀ-ਰਹਿਤ ਅਤੇ ਸਾਜ਼ਗਾਰ ਕਾਰੋਬਾਰੀ ਮਾਹੌਲ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹੀ ਕਾਰਨ ਹੈ ਕਿ ਅਸੀਂ ਯਕਮੁਸ਼ਤ ਨਿਪਟਾਰਾ ਯੋਜਨਾ ਦੇ ਸਮੇਂ ਨੂੰ ਵਧਾਇਆ ਹੈ, ਜੋ ਵਪਾਰੀਆਂ ਨੂੰ ਉਨ੍ਹਾਂ ਦੇ ਜੀ.ਐਸ.ਟੀ. ਪ੍ਰਣਾਲੀ ਤੋਂ ਪਹਿਲਾਂ ਦੇ ਬਕਾਇਆਂ ਦਾ ਸੁਖਾਵੇਂ ਮਾਹੌਲ ਵਿੱਚ ਨਿਪਟਾਰਾ ਕਰਨ ਲਈ ਇੱਕ ਸੁਨਹਿਰੀ ਮੌਕਾ ਪ੍ਰਦਾਨ ਕਰਦੀ ਹੈ।÷ ਆਬਕਾਰੀ ਅਤੇ ਕਰ ਮੰਤਰੀ ਨੇ ਅੱਗੇ ਕਿਹਾ, "ਹਾਲਾਂਕਿ, ਜਾਣਬੁੱਝ ਕੇ ਕੀਤੀ ਗਈ ਕਰ ਚੋਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। 91 ਕਰੋੜ ਰੁਪਏ ਤੋਂ ਵੱਧ ਦੀਆਂ 136 ਜਾਇਦਾਦਾਂ ਨੂੰ ਅਟੈਚ ਕਰਨਾ ਇੱਕ ਸਪੱਸ਼ਟ ਸੰਦੇਸ਼ ਦਿੰਦਾ ਹੈ ਕਿ ਕਰ ਵਿਭਾਗ ਵੱਡੇ ਡਿਫਾਲਟਰਾਂ ਵਿਰੁੱਧ ਲਗਾਤਾਰ ਕਾਰਵਾਈ ਕਰ ਰਿਹਾ ਹੈ। ਮੈਂ ਸਾਰੇ ਸਬੰਧਤ ਵਪਾਰੀਆਂ ਨੂੰ



ਜ਼ੋਰਦਾਰ ਅਪੀਲ ਕਰਦਾ ਹਾਂ ਕਿ ਉਹ ਆਪਣੇ ਬਕਾਏ ਦਾ ਨਿਪਟਾਰਾ ਕਰਨ ਅਤੇ ਆਪਣੀਆਂ ਜਾਇਦਾਦਾਂ ਨੂੰ ਆਗਾਮੀ ਨਿਲਾਮੀ ਤੋਂ ਬਚਾਉਣ ਲਈ ਯਕਮੁਸ਼ਤ ਨਿਪਟਾਰਾ ਯੋਜਨਾ ਦਾ ਤੁਰੰਤ ਲਾਭ ਲੈਣ। 18 ਫਰਵਰੀ, 2026 ਤੱਕ ਬਕਾਇਆ ਦੇ ਵੇਰਵਿਆਂ ਬਾਰੇ ਅਧਿਕਾਰਤ ਅੰਕੜੇ ਸਾਂਝੇ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, "ਵਿਭਾਗ ਨੇ ਵੱਖ-ਵੱਖ ਅਧਿਕਾਰ ਖੇਤਰਾਂ ਵਿੱਚ ਕੁੱਲ 136 ਜਾਇਦਾਦਾਂ ਅਟੈਚ ਕੀਤੀਆਂ ਹਨ ਜਿਨ੍ਹਾਂ ਦੀ ਕੀਮਤ 91.10 ਕਰੋੜ ਰੁਪਏ ਹੈ। ਇਸ ਵਿੱਚ ਪ੍ਰਾਇਮਰੀ ਜ਼ਿਲ੍ਹਿਆਂ ਵਿੱਚ ਸਥਿਤ 50.58 ਕਰੋੜ ਰੁਪਏ ਦੀਆਂ 78 ਜਾਇਦਾਦਾਂ, ਅਤੇ ਹੋਰਨਾਂ ਜ਼ਿਲ੍ਹਿਆਂ, ਰਾਜਾਂ ਜਾਂ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸਥਿਤ 40.52 ਕਰੋੜ ਰੁਪਏ ਦੀਆਂ ਹੋਰ 58 ਜਾਇਦਾਦਾਂ ਸ਼ਾਮਲ ਹਨ। ਇਸ ਤੋਂ ਇਲਾਵਾ, ਕੁਝ ਜਾਇਦਾਦਾਂ ਦੀ ਪਹਿਲਾਂ ਹੀ ਨਿਲਾਮੀ ਕੀਤੀ ਜਾ ਚੁੱਕੀ ਹੈ, ਜਿਸ ਦੇ ਨਤੀਜੇ ਵਜੋਂ 15.27 ਕਰੋੜ ਰੁਪਏ ਦੀ ਵਸੂਲੀ ਹੋਈ ਹੈ। ਉਨ੍ਹਾਂ ਅੱਗੇ ਦੱਸਿਆ, "ਮੁੱਖ ਦਫ਼ਤਰ ਨੇ 33.77 ਕਰੋੜ ਰੁਪਏ ਦੀਆਂ 35 ਜਾਇਦਾਦਾਂ ਵੇਚਣ ਦੀ ਪ੍ਰਵਾਨਗੀ ਪਹਿਲਾਂ ਹੀ ਦੇ ਦਿੱਤੀ ਹੈ। ਇਨ੍ਹਾਂ ਮਨਜ਼ੂਰਸ਼ੁਦਾ ਕੇਸਾਂ ਵਿੱਚੋਂ, 13.68 ਕਰੋੜ ਰੁਪਏ ਦੀਆਂ 21 ਜਾਇਦਾਦਾਂ ਦੀ ਨਿਲਾਮੀ ਦੀਆਂ ਅੰਤਿਮ ਤਰੀਕਾਂ ਤੈਅ ਕਰ ਦਿੱਤੀਆਂ ਗਈਆਂ ਹਨ। ਜ਼ਿਲ੍ਹਾ ਅਧਿਕਾਰੀਆਂ ਵੱਲੋਂ ਵੀ ਆਪਣੇ ਤੌਰ 'ਤੇ 16.42 ਕਰੋੜ ਰੁਪਏ ਦੀਆਂ ਹੋਰ 15 ਜਾਇਦਾਦਾਂ ਦੀ ਨਿਲਾਮੀ ਦੀ ਕਾਰਵਾਈ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਦੀ ਵਿਕਰੀ ਲਈ ਰਸਮੀ ਮਨਜ਼ੂਰੀ ਫਿਲਹਾਲ ਪ੍ਰਕਿਰਿਆ ਅਧੀਨ ਹੈ। ਵਿੱਤ ਮੰਤਰੀ ਨੇ ਕਿਹਾ,"ਵਿਆਪਕ ਅੰਤਰ-ਅਧਿਕਾਰ ਖੇਤਰ ਵਸੂਲੀ ਨੂੰ ਯਕੀਨੀ ਬਣਾਉਣ ਲਈ, ਰਿਕਵਰੀ ਸਰਟੀਫਿਕੇਟ ਜਾਰੀ ਕੀਤੇ ਗਏ ਹਨ ਅਤੇ 10.61 ਕਰੋੜ ਰੁਪਏ ਦੀਆਂ 24 ਜਾਇਦਾਦਾਂ ਲਈ ਸਬੰਧਤ ਡਿਪਟੀ ਕਮਿਸ਼ਨਰਾਂ ਦੇ ਪੱਧਰ 'ਤੇ ਲੰਬਿਤ ਹਨ। ਇਨ੍ਹਾਂ ਇਨਫੋਰਸਮੈਂਟ ਕਾਰਵਾਈਆਂ ਦੇ ਵੱਧ ਰਹੇ ਦਬਾਅ ਦੇ ਠੋਸ ਨਤੀਜੇ ਸਾਹਮਣੇ ਆ ਰਹੇ ਹਨ, ਕਿਉਂਕਿ ਕਈ ਲਾਇਸੰਸਧਾਰਕਾਂ ਅਤੇ ਜ਼ਮਾਨਤੀਆਂ ਨੇ ਆਪਣੀਆਂ ਜਾਇਦਾਦਾਂ ਦੀ ਆਗਾਮੀ ਨਿਲਾਮੀ ਨੂੰ ਰੋਕਣ ਲਈ ਸਰਗਰਮੀ ਨਾਲ ਆਪਣੀ ਬਕਾਇਆ ਰਾਸ਼ੀ ਜਮ ?ਹਾਂ ਕਰਾਉਣੀ ਸ਼ੁਰੂ ਕਰ ਦਿੱਤੀ ਹੈ।" ਅੰਤ ਵਿੱਚ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਚੇਤਾਵਨੀ ਦਿੱਤੀ ਕਿ ਕਰ ਵਿਭਾਗ ਵਸੂਲੀ ਪ੍ਰਕਿਰਿਆ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹੈ ਅਤੇ ਜੇਕਰ ਸਬੰਧਤ ਕਰਦਾਤਾ ਜਿਸ ਵੱਲ ਜੀ.ਐਸ.ਟੀ. ਤੋ ਪਹਿਲਾਂ ਦਾ ਬਕਾਇਆ ਖੜ੍ਹਾ ਹੈ, ਚੱਲ ਰਹੀ ਓ.ਟੀ.ਐਸ. ਦਾ ਲਾਭ ਲੈਣ ਵਿੱਚ ਅਸਫਲ ਰਹਿੰਦਾ ਹੈ ਤਾਂ ਜਿਨ੍ਹਾਂ ਜਾਇਦਾਦਾਂ ਦੀਆਂ ਤਰੀਕਾਂ ਪਹਿਲਾਂ ਹੀ ਤੈਅ ਹੋ ਚੁੱਕੀਆਂ ਹਨ ਉਨ੍ਹਾਂ ਦੀ ਅੰਤਿਮ ਨਿਲਾਮੀ ਨਿਰਧਾਰਿਤ ਪ੍ਰੋਗਰਾਮ ਅਨੁਸਾਰ ਹੀ ਹੋਵੇਗੀ ।



# ਸਿਵਲ ਸਰਜਨ ਵੱਲੋਂ ਨਸ਼ਾ-ਛੁਡਾਊ ਕੇਂਦਰਾਂ ਦਾ ਅਚਨਚੇਤ ਦੌਰਾ

ਪੰਕਜ

ਫਿਰੋਜ਼ਪੁਰ, ਪੰਜਾਬ ਸਰਕਾਰ ਵਲੋ ਚਲਾਈ ਜਾ ਰਹੀ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦੇ ਦੂਜੇ ਪੜਾਅ ਤਹਿਤ ਅੱਜ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਵਲੋ ਫ਼ਰੀਦਕੋਟ ਰੋਡ ਤੇ ਸਥਿੱਤ ਲਾਇਫ ਲਾਈਨ ਨਸ਼ਾ-ਛੁਡਾਊ ਕੇਂਦਰ ਅਤੇ ਮੋਗਾ ਰੋਡ ਤੇ ਦਿਉੜਾ ਮਾਨਸਿਕ ਰੋਗ ਹਸਪਤਾਲ ਦਾ ਅਚਨਚੇਤ ਦੌਰਾ ਕੀਤਾ ਅਤੇ ਉਥੇ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਡਾ ਗੁਰਮੇਜ ਰਾਮ ਡਿਪਟੀ ਮੈਡੀਕਲ ਕਮਿਸ਼ਨਰ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫ਼ਸਰ ਮਜੂਦ ਸਨ। ਸਿਵਲ ਸਰਜਨ ਦੀ ਅਗਵਾਈ ਹੇਠ ਵਿਭਾਗ ਦੀ ਟੀਮ ਵਲੋ ਉਕਤ ਕੇਂਦਰ ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਕੀਤਾ ਅਤੇ ਕੇਂਦਰ 'ਚ ਮੌਜੂਦ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ। ਸਿਵਲ ਸਰਜਨ ਡਾ ਰਾਜੀਵ ਪਰਾਸ਼ਰ ਵਲੋਂ ਨਸ਼ਾ ਛੁਡਾਊ ਕੇਂਦਰ 'ਚ ਤਾਇਨਾਤ ਡਾਕਟਰਾਂ ਤੇ ਸਟਾਫ ਨੂੰ ਹਦਾਇਤ ਦਿੱਤੀ ਕਿ ਮਰੀਜ਼ਾਂ ਦੀ ਵੱਧ ਤੋਂ ਵੱਧ ਸਰੀਰਕ ਗਤੀਵਿਧੀ ਕਰਾਈ ਜਾਵੇ, ਤਾਂ ਕਿ ਉਨ੍ਹਾਂ ਦਾ ਨਸ਼ੇ ਦੀ ਬੁਰੀ ਆਦਤ ਤੋਂ ਸਦਾ ਲਈ ਮੂੰਹ ਮੁੜ ਜਾਵੇ। ਉਨ੍ਹਾਂ ਸਟਾਫ ਦੇ ਹਾਜ਼ਰੀ ਰਜਿਸਟਰ ਅਤੇ ਮੈਡੀਸਿਨ ਦਾ ਰਿਕਾਰਡ ਚੈੱਕ ਕੀਤਾ ਅਤੇ ਹਦਾਇਤ ਕੀਤੀ ਰਿਕਾਰਡ ਮੁਕੰਮਲ ਰੱਖਿਆ ਜਾਵੇ ਅਤੇ ਮਰੀਜ਼ਾਂ ਦੇ ਇਲਾਜ਼ 'ਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਸਟਾਫ ਨੂੰ ਕਿਹਾ ਕਿ ਨਸ਼ੇ ਛੱਡਣ ਵਾਲੇ ਮਰੀਜ਼ ਨਾਲ ਪਿਆਰ ਤੇ ਹਮਦਰਦੀ ਭਰਿਆ ਵਿਹਾਰ ਕੀਤਾ ਜਾਵੇ ਅਤੇ ਜੇ ਕਦੇ ਕੋਈ ਮਰੀਜ਼ ਕਿਸੇ ਸਮੇਂ ਕਿਸੇ ਗੱਲ 'ਤੇ ਸਖ਼ਤ ਪ੍ਰਤੀਕਰਮ ਵੀ ਕਰਦਾ ਹੈ ਤਾਂ ਉਸ ਨੂੰ ਪਿਆਰ ਅਤੇ ਹਲੀਮੀ ਨਾਲ ਸੰਭਾਲਿਆ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਇਕੋ-ਇਕ ਮਕਸਦ ਹੈ ਕਿ ਨਸ਼ੇ ਤੇ ਮਾਨਸਿਕ ਰੋਗਾਂ ਦੇ ਮਰੀਜ਼ਾਂ ਨੂੰ ਕੇਂਦਰ ਤੋਂ ਘਰ ਬਿਲਕੁਲ ਤੰਦਰੁਸਤ ਕਰਕੇ ਵਾਪਸ ਭੇਜਿਆ ਜਾਵੇ।



# ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਵਲੋਂ ਜ਼ਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਵਿਖੇ ਲਗਾਇਆ ਗਿਆ ਜਨਤਕ ਕਾਉਂਸੀਲਿੰਗ ਹੈਲਪ ਡੈਸਕ

ਮਨਦੀਪ ਕੌਰ

ਹੁਸ਼ਿਆਰਪੁਰ, ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਵਲੋਂ ਜਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਹੁਸ਼ਿਆਰਪੁਰ ਵਿਖੇ ਨਸ਼ਾਖ਼ੋਰੀ ਅਤੇ ਇਸਦੇ ਇਲਾਜ਼ ਦੇ ਬਾਰੇ ਜਨਤਕ ਕਾਉਸੀਲਿੰਗ ਹੈਲਪ ਡੈਸਕ ਲਗਾਇਆ। ਇਸ ਮੌਕੇ ਤੇ ਜਸਟਿਸ ਮੀਨਾਕਸ਼ੀ ਆਈ ਮਹਿਤਾ ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਐਡਮਿਨਿਸਟ ?ਰੇਸ਼ਨ ਜੱਜ ਹੁਸ਼ਿਆਰਪੁਰ ਸੈਸ਼ਨ ਡਵੀਜਨ, ਰਾਜਿੰਦਰ ਅਗਰਵਾਲ ਜਿਲ੍ਹਾ ਤੇ ਸੈਸ਼ਨ ਜੱਜ ਹੁਸ਼ਿਆਰਪੁਰ, ਨੀਰਜ ਗੋਇਲ ਚੀਫ ਜੁਡੀਸ਼ੀਅਲ ਮੈਜਿਸਟ ?ਰੇਟ ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਸੇਵਾਵਾਂ ਅਥਾਰਿਟੀ ਹੁਸ਼ਿਆਰਪੁਰ ਨੇ ਵਿਸ਼ੇਸ ਤੌਰ ਤੇ ਹੈਲਪ ਡੈਸਕ ਦਾ ਜਾਇਜ਼ਾ ਲਿਆ। ਇਸ ਮੌਕੇ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਤੋਂ ਕਾਉਂਸਲਰ ਪ੍ਰਸ਼ਾਂਤ ਆਦਿਆ, ਕਾਉਂਸਲਰ ਸੰਦੀਪ ਕੁਮਾਰੀ, ਅਲਕਾ ਕੁਮਾਰੀ ,ਸਿਵਲ ਹਸਪਤਾਲ ਹੁਸ਼ਿਆਰਪੁਰ ਤੋਂ ਸੁਖਪ੍ਰੀਤ ਕੌਰ ਸਾਇਕੈਟ੍ਰਿਕਟ ਸੋਸ਼ਲ ਵਰਕਰ, ਤਜਿੰਦਰ ਕੌਰ ਸਾਇਕੋਲੋਜਿਸਟ ਇਸ ਜਨਤਕ ਹੈਲਪ ਡੈਸਕ ਵਿਚ ਸ਼ਾਮਲ ਹੋਏ । ਇਸ ਮੌਕੇ ਤੇ ਜਸਟਿਸ ਮੀਨਾਕਸ਼ੀ ਆਈ ਮਹਿਤਾ ਨੇ ਇਸ ਜਨਤਕ ਕਾਉਸੀਲਿੰਗ ਹੈਲਪ ਡੈਸਕ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੀ ਜਾਗਰੂਕਤਾਂ ਨਾਲ ਸਮਾਜ ਵਿੱਚ ਫੈਲੀ ਨਸ਼ਿਆਂ ਦੀ ਆਲਮਤ ਤੋਂ ਯੁੱਥ/ ਯੁਵਾ ਪੀੜੀ ਨੂੰ ਬਚਾਇਆ ਜਾ ਸਕਦਾ ਹੈ। ਇਹ ਇੱਕ ਚੰਗਾ ਉਪਰਾਲਾ ਹੈ। ਰਾਜਿੰਦਰ ਅੱਗਰਵਾਲ ਜਿਲ੍ਹਾ ਤੇ ਸੈਸ਼ਨ ਜੱਜ ਹੁਸ਼ਿਆਰਪੁਰ ਅਤੇ ਨੀਰਜ ਗੋਇਲ ਚੀਫ ਜੁਡੀਸ਼ੀਅਲ ਮੈਜਿਸਟ ?ਰੇਟ ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਸੇਵਾਵਾਂ ਅਥਾਰਿਟੀ ਹੁਸ਼ਿਆਰਪੁਰ ਨੇ ਵੀ ਇਸ ਹੈਲਪ ਡੈਸਕ ਦੀ ਸ਼ਲਾਘਾ ਕੀਤੀ। ਇਸ ਮੌਕੇ ਦੇਵ ਦੱਤ ਸ਼ਰਮਾ ਡਿਪਟੀ ਸੁਪਰੀਡੈਂਟ ਆਫ਼ ਪੁਲਿਸ (ਡੀ. ਐੱਸ. ਪੀ.) ਸਿਟੀ, ਜਗਜੀਤ ਸਿੰਘ ਐੱਸ. ਐੱਚ. ਓ. ਇੰਡਸਟਰੀਅਲ ਫੋਕਲ ਪੁਆਇੰਟ ਪੁਰਹੀਰਾ ਵੀ ਵਿਸ਼ੇਸ਼ ਤੌਰ ਹਾਜ਼ਿਰ ਹੋਏ। ਉਨ੍ਹਾਂ ਨੇ ਵੀ ਇਸ ਹੈਲਪ ਡੈਸਕ ਕਮ ਜਨਤਕ ਕਾਉਸਲਿੰਗ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਨਵਜੋਤ ਸਿੰਘ, ਡਾ. ਅਮਨਦੀਪ ਸਿੰਘ ਮੈਡੀਕਲ ਅਫ਼ਸਰ (ਮੈਡੀਸਨ) ਸਿਵਲ ਹਸਪਤਾਲ ਹੁਸ਼ਿਆਰਪੁਰ, ਐਡਵੋਕੇਟ ਤਜਿੰਦਰ ਸਿੰਘ, ਐਡਵੋਕੇਟ ਦੇਸ਼ ਗੌਤਮ, ਐਡਵੋਕੇਟ ਹਰਪ੍ਰੀਤ ਸਿੰਘ ਚੱਗਰ, ਕ੍ਰਿਸ਼ਨ ਕਾਲੀਆ ਅਤੇ ਹੋਰ ਲੋਕ ਹਾਜ਼ਿਰ ਹੋਏ। ਇਸ ਦੌਰਾਨ ਡੈਸਕ ਵੱਲੋਂ ਪਬਲਿਕ ਦੀ ਕਾਉਸੀਲਿੰਗ ਕੀਤੀ ਗਈ। ਇਸ ਮੌਕੇ ਤੇ ਪ੍ਰਸ਼ਾਂਤ ਆਦਿਆ ਕਾਉਸਲਰ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਨੇ ਕਿਹਾ ਕਿ ਇਸ ਪਬਲਿਕ ਹੈਲਪ ਡੈਸਕ ਲਗਾਉਣ ਦਾ ਮੁੱਖ ਮੰਤਵ ਆਮ ਜਨਤਾ ਨੂੰ ਨਸ਼ਾਖ਼ੋਰੀ ਦੀ ਅਲਾਮਤ ਬਾਰੇ ਜਾਣਕਾਰੀ ਦੇਣਾ ਹੈ, ਤੇ ਨਸ਼ਾਖੋਰੀ ਨਾਲ ਗ੍ਰਸਤ ਅਤੇ ਮੈਂਟਲ ਹੈਲਥ ਨਾਲ ਗ੍ਰਸਤ ਵਿਅਕਤੀਆਂ ਨੂੰ ਇਲਾਜ਼ ਅਧੀਨ ਲਿਆਉਣਾ ਹੈ। ਉਨ੍ਹਾਂ ਨੇ ਕਿਹਾ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਸਰਕਾਰ ਵਲੋਂ ਸਾਰੇ ਸਿਹਤ ਅਦਾਰਿਆ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਲੋੜਵੰਦ ਵਿਅਕਤੀ ਸਿਹਤ ਮੰਤਰਾਲਾ ਭਾਰਤ ਸਰਕਾਰ ਤੇ ਨਿਮਹੰਸ ਦੀ ਆਨ ਲਾਈਨ ਐਪ ਟੈਲੀ ਮਾਨਸ ਅਤੇ 24 ਘੰਟੇ 24/7 ਕਾਉਸੀਲਿੰਗ ਟੋਲ ਫ ?ਰੀ 14416 ਜਾਂ 1800-891-4416 ਤੇ ਆਪਣੀ ਕਾਉਸੀਲਿੰਗ ਕਰਵਾ ਸਕਦਾ ਹੈ। ਜਿਲ੍ਹਾ ਪੱਧਰ ਤੇ 85580-01882 ( ਸਵੇਰੇ 9 ਵੱਜੇ ਤੋਂ 1 ਵੱਜੇ ) ਤੇ ਨਸ਼ਾਖ਼ੋਰੀ ਦੇ ਇਲਾਜ਼ ਬਾਰੇ ਜਾਣਕਾਰੀ ਲਈ ਜਾ ਸਕਦੀ ਹੈ।

# ਵਪਾਰੀਆਂ ਦੀ ਸੁਰੱਖਿਆ ਅਤੇ ਵਪਾਰ ਕਰਨ ਵਿੱਚ ਆਸਾਨੀ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਇਤਿਹਾਸਕ ਵਚਨਬੱਧਤਾ

## ਪੰਜਾਬ ਸਰਕਾਰ ਨੇ ਸੁਰੱਖਿਅਤ ਵਪਾਰਕ ਮਾਹੌਲ ਯਕੀਨੀ ਬਣਾਉਣ ਲਈ ਪੁਲਿਸ ਅਤੇ ਵਪਾਰੀਆਂ ਦੇ ਤਾਲਮੇਲ ਨੂੰ ਮਜ਼ਬੂਤ ਕੀਤਾ: ਹਰਪਾਲ ਸਿੰਘ ਚੀਮਾ

ਐਸ. ਕੇ. ਸਕਸੈਨਾ

ਚੰਡੀਗੜ੍ਹ, ਵਪਾਰੀਆਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਤਾਲਮੇਲ ਨੂੰ ਸੰਸਥਾਗਤ ਬਣਾਉਣ ਲਈ ਇੱਕ ਨਿਰਣਾਇਕ ਕਦਮ ਚੁੱਕਦਿਆਂ, ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਵਪਾਰਕ ਭਾਈਚਾਰੇ ਦੇ ਆਲੇ-ਦੁਆਲੇ ਸੁਰੱਖਿਆ ਘੇਰੇ ਨੂੰ ਸਖ਼ਤ ਕਰਨ ਵੱਲ ਅਹਿਮ ਕਦਮ ਵਧਾਏ ਹਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ (ਪੀ.ਐੱਸ.ਟੀ.ਸੀ.), ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰਕ ਕਮੇਟੀਆਂ ਅਤੇ ਪੁਲਿਸ ਪ੍ਰਸ਼ਾਸਨ ਵਿਚਕਾਰ ਢਾਂਚਾਗਤ ਅਤੇ ਮੁਕੰਮਲ ਤਾਲਮੇਲ ਦੇ ਨਿਰਦੇਸ਼ ਦਿੰਦਿਆਂ ਸਪੱਸ਼ਟ ਕੀਤਾ ਕਿ ਵਪਾਰੀਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਇਹ ਸੂਬੇ ਦੇ 'ਈਜ਼ ਆਫ ਡੂਇੰਗ ਬਿਜ਼ਨਸ' (ਵਪਾਰ ਕਰਨ ਨੂੰ ਸੌਖਾਲਾ ਬਨਾਉਣ) ਦਾ ਮੁੱਖ ਹਿੱਸਾ ਹੈ। ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਜੋਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਨਾਲ



ਪੰਜਾਬ ਭਵਨ ਤੋਂ ਉੱਚ ਪੱਧਰੀ ਵੀਡੀਓ ਕਾਨਫਰੰਸ ਦੀ ਪ੍ਰਧਾਨਗੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਪਾਰੀ ਵਰਗ ਦੀਆਂ ਸੁਰੱਖਿਆ ਸੰਬੰਧੀ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ ਅਤੇ ਵਪਾਰੀ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨੂੰ ਆਪਣਾ ਆਪਸੀ ਤਾਲਮੇਲ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ, ਅਤੇ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਉਹ ਇਸ ਤਹਿਤ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਦੀਆਂ ਰਿਪੋਰਟਾਂ ਸਿੱਧੇ ਡੀ.ਜੀ.ਪੀ. ਦਫ਼ਤਰ ਨਾਲ ਲਗਾਤਾਰ ਸਾਂਝੀਆਂ ਕਰਨ। ਆਬਕਾਰੀ ਅਤੇ ਕਰ ਮੰਤਰੀ ਨੇ ਕਿਹਾ, ÷ਸਰਕਾਰ ਦੀ ਮਕਸਦ ਟਰੇਡਰਜ਼ ਕਮਿਸ਼ਨ ਨੂੰ ਅਧਿਕਾਰਤ ਕਰਨ ਅਤੇ ਇਸ ਨੂੰ ਸੂਬੇ ਭਰ ਦੇ ਕਾਰੋਬਾਰੀਆਂ ਤੱਕ ਪੁਲਿਸ ਦੀ ਪਹੁੰਚ ਨੂੰ ਮਹੱਤਵਪੂਰਨ ਢੰਗ ਨਾਲ ਬਿਹਤਰ ਬਣਾਉਣ ਲਈ ਇੱਕ ਮੁੱਖ ਤਾਕਤ ਵਜੋਂ ਵਰਤਣ ਦੀ ਹੈ।÷ ਇਸ ਸਬੰਧੀ ਜ਼ਮੀਨੀ ਪੱਧਰ 'ਤੇ ਨਿਰੰਤਰ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮੂਹ ਜ਼ਿਲ੍ਹਾ ਪੁਲਿਸ ਬਲਾਂ ਨੂੰ ਵਪਾਰੀ ਕਮਿਸ਼ਨ ਅਤੇ ਕਮੇਟੀ ਮੈਂਬਰਾਂ ਨਾਲ ਨਿਰੰਤਰ ਗੱਲਬਾਤ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਆਦੇਸ਼ ਦਿੱਤਾ ਕਿ ਹਲਕਾ ਅਤੇ ਜ਼ਿਲ੍ਹਾ ਪੱਧਰ 'ਤੇ ਵਪਾਰੀ ਕਮਿਸ਼ਨ ਅਤੇ ਕਮੇਟੀ ਦੀਆਂ ਸਾਰੀਆਂ ਮੀਟਿੰਗਾਂ ਵਿੱਚ ਸਮਰੱਥ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਯਕੀਨੀ ਹੋਣੀ ਚਾਹੀਦੀ ਹੈ ਤਾਂ ਜੋ ਦਰਪੇਸ਼ ਚੁਣੌਤੀਆਂ ਨੂੰ ਮੌਕੇ 'ਤੇ ਹੀ ਹੱਲ ਕੀਤਾ ਜਾ ਸਕੇ। ਵਿੱਤ ਮੰਤਰੀ ਨੇ ਕਿਹਾ, ÷ਟਰੇਡਰਜ਼ ਕਮਿਸ਼ਨ ਤੇ ਕਮੇਟੀਆਂ ਦੇ ਮੈਂਬਰਾਂ ਜਾਂ ਵਿਅਕਤੀਗਤ ਵਪਾਰੀਆਂ ਦੁਆਰਾ ਸਾਂਝੀ ਕੀਤੀ ਗਈ ਕਿਸੇ ਵੀ ਜਾਣਕਾਰੀ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਣਾ ਚਾਹੀਦਾ ਹੈ। ਸਬੰਧਤ ਪੁਲਿਸ ਅਧਿਕਾਰੀ ਸੂਚਨਾ ਦੇਣ ਵਾਲਿਆਂ ਦੀ ਸੁਰੱਖਿਆ ਲਈ ਪੂਰੀ ਜ਼ਿੰਮੇਵਾਰੀ ਲੈਣਗੇ, ਅਤੇ ਇਸ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਦੇ ਨਤੀਜੇ ਵਜੋਂ ਸਖ਼ਤ ਜਵਾਬਦੇਹੀ ਤੈਅ ਕੀਤੀ ਜਾਵੇਗੀ।÷ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰੀ ਕਮੇਟੀਆਂ ਦੇ ਅਹੁਦੇਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਾਰੋਬਾਰੀਆਂ ਵਿੱਚ ਵਿਸ਼ਵਾਸ ਪੈਦਾ ਕਰਨ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਉਣ ਕਿ ਸਰਕਾਰ ਵੱਲੋਂ ਉਨ੍ਹਾਂ ਦੇ ਘਰ-ਦਰਵਾਜ਼ੇ ਤੱਕ ਸਰਗਰਮ ਪਹੁੰਚ ਬਨਾਉਣ ਲਈ ਕੰਮ ਕਰ ਰਹੀ ਹੈ ਤਾਂ ਜੋ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰ ਸਕਣ। ਇਨ੍ਹਾਂ ਵਿਚਾਰਾਂ ਨੂੰ ਹੀ ਦੁਹਰਾਉਂਦਿਆਂ, ਡੀ.ਜੀ.ਪੀ. ਗੌਰਵ ਯਾਦਵ ਨੇ ਟਰੇਡਰਜ਼ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨੂੰ ਸੂਬੇ ਦੀ ਪੁਲਿਸ ਅਤੇ ਵਪਾਰੀ ਵਰਗ ਵਿਚਕਾਰ ਇੱਕ ਅਹਿਮ ਪੁਲ ਵਜੋਂ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, "ਜ਼ਮੀਨੀ ਪੱਧਰ 'ਤੇ ਅਧਿਕਾਰੀਆਂ ਵਿੱਚ ਵਪਾਰੀਆਂ ਦਾ ਵਿਸ਼ਵਾਸ ਵਧਾਉਣ ਲਈ ਤੁਹਾਨੂੰ ਪੁਲਿਸ ਬਲ ਦੀਆਂ ਅੱਖਾਂ ਅਤੇ ਕੰਨ ਬਣ ਕੇ ਸੇਵਾ ਕਰਨੀ ਚਾਹੀਦੀ ਹੈ, ਜਿਸ ਨਾਲ ਸਮੁੱਚੀ ਸੁਰੱਖਿਆ ਮਜ਼ਬੂਤ ਹੋਵੇਗੀ। ਪੁਲਿਸ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਮਿਆਰੀ ਪ੍ਰੋਟੋਕੋਲ (ਸਟੈਂਡਰਡ ਪ੍ਰੋਟੋਕੋਲ) ਦੇ ਤਹਿਤ ਕੰਮ ਕਰਦੀ ਹੈ, ਅਤੇ ਸਮੇਂ ਸਿਰ ਕਾਰਵਾਈ ਯੋਗ ਜਾਣਕਾਰੀ ਪ੍ਰਾਪਤ ਹੋਣ 'ਤੇ ਮਾਮਲਿਆਂ ਨੂੰ ਹੱਲ ਕਰਨ ਦੀ ਸਫਲਤਾ ਦਰ ਬਹੁਤ ਜ਼ਿਆਦਾ ਹੁੰਦੀ ਹੈ। ਪੰਜਾਬ ਦੇ ਡੀ.ਜੀ.ਪੀ. ਨੇ ਸਮੂਹ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਟਰੇਡਰਜ਼ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਨਾਲ ਨਿਰੰਤਰ ਅਤੇ ਸਰਗਰਮ ਸੰਚਾਰ ਬਣਾਈ ਰੱਖਣ ਅਤੇ ਫੀਡਬੈਕ ਵਿਧੀ ਨੂੰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, "ਟਰੇਡਰਜ਼ ਕਮਿਸ਼ਨ ਜਾਂ ਕਮੇਟੀਆਂ ਦੇ ਮੈਂਬਰਾਂ ਦੁਆਰਾ ਪ੍ਰਦਾਨ ਕੀਤੀ ਗਈ ਕਿਸੇ ਵੀ ਖੁਫੀਆ ਜਾਣਕਾਰੀ ਨੂੰ ਪੂਰੀ ਤਰ੍ਹਾਂ ਗੁਪਤ ਰੱਖਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਇਸ ਮੌਕੇ ਕਮਿਸ਼ਨ ਅਤੇ ਕਮੇਟੀਆਂ ਦੇ ਮੈਂਬਰਾਂ ਅਤੇ ਹੋਰ ਵਪਾਰਕ ਭਾਈਚਾਰੇ ਨੂੰ ਵੀ ਅਣਪ੍ਰਮਾਣਿਤ ਅਫਵਾਹਾਂ ਦਾ ਸ਼ਿਕਾਰ ਹੋਣ ਜਾਂ ਫੈਲਾਉਣ ਤੋਂ ਬਚਣ ਦੀ ਅਪੀਲ ਕੀਤੀ। ਮੀਟਿੰਗ ਹਾਂ ਪੱਖੀ ਮਾਹੌਲ ਵਿੱਚ ਸਮਾਪਤ ਹੋਈ, ਜਿਸ ਦੌਰਾਨ ਸੂਬੇ ਭਰ ਦੇ ਜ਼ਿਲ੍ਹਾ ਪੁਲਿਸ ਹੈੱਡਕੁਆਰਟਰਾਂ ਤੋਂ ਜੁੜੇ ਟਰੇਡਰਜ਼ ਕਮਿਸ਼ਨ ਅਤੇ ਜ਼ਿਲ੍ਹਾ ਤੇ ਹਲਕਾ ਪੱਧਰੀ ਕਮੇਟੀ ਮੈਂਬਰਾਂ ਨੇ ਵਿੱਤ ਮੰਤਰੀ ਅਤੇ ਸੀਨੀਅਰ ਅਧਿਕਾਰੀਆਂ ਨਾਲ ਉਸਾਰੂ ਫੀਡਬੈਕ ਸਾਂਝੀ ਕੀਤੀ। ਇੰਨ੍ਹਾਂ ਨੁਮਾਇੰਦਿਆਂ ਨੇ ਪੁਲਿਸ ਅਤੇ ਵਪਾਰ ਖੇਤਰ ਦੇ ਵਿਚਕਾਰ ਸਹਿਯੋਗ ਦਾ ਇੱਕ ਮਜ਼ਬੂਤ ਮਾਹੌਲ ਪੈਦਾ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੇ ਸਰਗਰਮ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਉਪਰਾਲੇ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਨੂੰ ਆਪਣੇ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

# ਕਿਸਾਨਾਂ ਦੀ ਆਮਦਨ ਵਧਾਉਣ ਲਈ 1300 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਨੂੰ ਬਾਗਬਾਨੀ ਦੇ ਖੇਤਰ ਵਿੱਚ ਮਿਲੇਗਾ ਵੱਡਾ ਹੁਲਾਰਾ : ਮੋਹਿੰਦਰ ਭਗਤ

ਕੈਪਟਨ ਸੁਭਾਸ਼ ਚੰਦਰ ਸ਼ਰਮਾ

## ਪੰਜਾਬ ਅਪਣਾਏਗਾ ਮਹਾਰਾਸ਼ਟਰ ਬਾਗਬਾਨੀ ਮਾਡਲ; ਐਫ.ਪੀ.ਓਜ਼. ਨੂੰ ਮਜ਼ਬੂਤ ਕਰਨ ਲਈ ਸਮਝੌਤਾ ਕੀਤਾ ਸਹੀਬੱਧ

ਚੰਡੀਗੜ੍ਹ, ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਲਗਭਗ 1300 ਕਰੋੜ ਰੁਪਏ ਦੇ ਪ੍ਰਸਤਾਵਿਤ ਨਿਵੇਸ਼ ਨਾਲ ਬਾਗਬਾਨੀ ਖੇਤਰ ਵਿੱਚ ਵੱਡੀ ਸਕਾਰਾਤਮਕ ਤਬਦੀਲੀ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਸ ਦੇ ਨਾਲ ਜਿੱਥੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਉੱਥੇ ਨਵੇਂ ਨਿਰਯਾਤ ਮੌਕਿਆਂ ਲਈ ਵੀ ਰਾਹ ਪੱਧਰਾ ਹੋਵੇਗਾ। ਅੱਜ ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਮੰਤਰੀ ਨੇ ਮਹਾਰਾਸ਼ਟਰ ਦੇ ਨਾਸਿਕ ਵਿੱਚ ਸਹਿਯਾਦਰੀ ਕਿਸਾਨ ਉਤਪਾਦਕ ਕੰਪਨੀ ਲਿਮਟਿਡ ਦੇ ਆਪਣੇ ਹਾਲੀਆ ਦੌਰੇ ਦੇ ਨਤੀਜੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਮਹਾਰਾਸ਼ਟਰ ਬਾਗਬਾਨੀ ਮਾਡਲ ਦੇ ਸਫ਼ਲ ਅਭਿਆਸਾਂ ਨੂੰ ਅਪਣਾਏਗਾ ਤਾਂ ਜੋ ਸੂਬੇ ਦੇ ਕਿਸਾਨ ਸੰਗਠਿਤ ਖੇਤੀ, ਪ੍ਰੋਸੈਸਿੰਗ ਅਤੇ ਬਿਹਤਰ ਮਾਰਕੀਟ ਲਿੰਕੇਜ ਰਾਹੀਂ ਵੱਧ ਮੁਨਾਫ਼ਾ ਕਮਾ ਸਕਣ। ਉਨ੍ਹਾਂ ਦੱਸਿਆ ਕਿ ਸਿਖਲਾਈ ਅਤੇ ਸੰਸਥਾਗਤ ਸਹਾਇਤਾ ਰਾਹੀਂ ਪੰਜਾਬ ਵਿੱਚ ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓ.) ਨੂੰ ਮਜ਼ਬੂਤ ਕਰਨ ਲਈ ਸਹਿਯਾਦਰੀ ਨਾਲ ਸਮਝੌਤਾ 'ਤੇ ਵੀ ਹਸਤਾਖਰ ਕੀਤੇ ਗਏ ਹਨ। ਸ੍ਰੀ ਭਗਤ ਨੇ ਕਿਹਾ ਕਿ ਉਨ੍ਹਾਂ ਦਾ ਇਹ ਦੌਰਾ ਬਹੁਤ ਸਫ਼ਲ ਰਿਹਾ ਕਿਉਂਕਿ ਵਫ਼ਦ ਨੇ ਇਸ ਦੌਰਾਨ ਅਧਿਐਨ ਕੀਤਾ ਕਿ ਕਿਸਾਨ ਉਤਪਾਦਨ, ਗਰੇਡਿੰਗ, ਪੈਕੇਜਿੰਗ, ਪ੍ਰੋਸੈਸਿੰਗ ਅਤੇ ਨਿਰਯਾਤ ਨੂੰ ਬਿਹਤਰ ਬਣਾਉਣ ਲਈ ਐਫ਼ਪੀਓਜ਼ ਰਾਹੀਂ ਕਿਵੇਂ ਇਕੱਠੇ ਕੰਮ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਸਹਿਯਾਦਰੀ 30,000 ਏਕੜ ਤੋਂ ਵੱਧ ਰਕਬੇ ਵਿੱਚ ਹਜ਼ਾਰਾਂ ਕਿਸਾਨਾਂ ਨਾਲ ਕੰਮ ਕਰ ਰਿਹਾ ਹੈ ਅਤੇ 42 ਦੇਸ਼ਾਂ ਨੂੰ ਫਲ ਅਤੇ ਸਬਜ਼ੀਆਂ ਦਾ ਨਿਰਯਾਤ ਕਰ ਰਿਹਾ ਹੈ। ਮੰਤਰੀ ਨੇ ਕਿਹਾ ਕਿ ਵਫ਼ਦ ਨੇ ਆਧੁਨਿਕ ਪੈਕਹਾਊਸਾਂ, ਪ੍ਰੋਸੈਸਿੰਗ ਯੂਨਿਟਾਂ, ਖੋਜ ਫਾਰਮਾਂ ਅਤੇ ਸਿਖਲਾਈ ਕੇਂਦਰਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਿਸਾਨਾਂ ਅਤੇ ਮਾਹਰਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਵੀ ਮਹਾਂਰਾਸ਼ਟਰ ਵਾਂਗ ਵਿਗਿਆਨਕ ਫਸਲ ਯੋਜਨਾਬੰਦੀ, ਬਿਹਤਰ ਗੁਣਵੱਤਾ ਨਿਯੰਤਰਣ



ਅਤੇ ਮਜ਼ਬੂਤ ਬਾਜ਼ਾਰ ਸੰਪਰਕਾਂ ਤੋਂ ਲਾਭ ਲੈ ਸਕਦੇ ਹਨ। ਸਮਝੌਤੇ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਵਿੱਚ ਮਜ਼ਬੂਤ ਕਿਸਾਨ ਸਮੂਹ ਬਣਾਉਣ, ਸਿਖਲਾਈ, ਤਕਨਾਲੋਜੀ ਸਹਾਇਤਾ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਮਦਦ ਕਰੇਗਾ ਤਾਂ ਜੋ ਕਿਸਾਨ ਸਮੂਹਿਕ ਤੌਰ 'ਤੇ ਕੰਮ ਕਰਕੇ ਲਾਭ ਲੈ ਸਕਣ ਅਤੇ ਆਪਣੇ ਉਤਪਾਦਨ ਦੀਆਂ ਬਿਹਤਰ ਕੀਮਤਾਂ ਪ੍ਰਾਪਤ ਕਰ ਸਕਣ। ਸ੍ਰੀ ਭਗਤ ਕਿਹਾ ਕਿ ਪੰਜਾਬ ਸਰਕਾਰ ਬਾਗਬਾਨੀ ਖੇਤਰ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ, ਫਸਲਾਂ ਦੇ ਮੁੱਲ ਵਿੱਚ ਵਾਧਾ ਕਰਨ ਅਤੇ ਕਿਸਾਨਾਂ ਲਈ ਟਿਕਾਊ ਆਮਦਨ ਦੇ ਮੌਕੇ ਪੈਦਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੂਰੇ ਦੇਸ਼ ਵਿੱਚ ਇੱਕ ਮੋਹਰੀ ਬਾਗਬਾਨੀ ਹੱਬ ਵਜੋਂ ਉਭਰਨ ਲਈ ਸਮਰੱਥ ਹੈ। ਇਸ ਮੌਕੇ ਕਮਿਸ਼ਨਰ (ਖੇਤੀਬਾੜੀ) ਬਬੀਤਾ ਕਲੇਰ, ਡਾਇਰੈਕਟਰ ਬਾਗਬਾਨੀ ਸ਼ੈਲੇਂਦਰ ਕੌਰ, ਡਿਪਟੀ ਡਾਇਰੈਕਟਰ (ਬਾਗਬਾਨੀ) ਹਰਪ੍ਰੀਤ ਸਿੰਘ ਸੇਠੀ, ਸਹਾਇਕ ਡਾਇਰੈਕਟਰ (ਬਾਗਬਾਨੀ) ਰੁਪਿੰਦਰ ਕੌਰ, ਸਹਾਇਕ ਡਾਇਰੈਕਟਰ (ਬਾਗਬਾਨੀ) ਬਲਵਿੰਦਰਜੀਤ ਕੌਰ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਉਸਮਾਨ ਸ਼ਹੀਦ ਵਿਖੇ ਦੋ ਦਿਨਾਂ ਕਿਸਾਨ ਜਾਗਰੂਕਤਾ ਕੈਂਪ

## ਗੰਨੇ ਦੀ ਉਤਪਾਦਕਤਾ ਵਧਾਉਣ 'ਤੇ ਜ਼ੋਰ

ਮਨਦੀਪ ਕੌਰ

ਹੁਸ਼ਿਆਰਪੁਰ, : ਉੱਨਤ ਕ੍ਰਿਸ਼ੀ ਯੋਜਨਾ ਤਹਿਤ ਏ ਬੀ ਸ਼ੂਗਰ ਮਿੱਲ ਦੇ ਅਧੀਨ ਜ਼ਿਲਾ ਹੁਸ਼ਿਆਰਪੁਰ ਦੇ ਪਿੰਡ ਉਸਮਾਨ ਸ਼ਹੀਦ ਵਿਖੇ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਡਾ: ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਡਾ: ਮਨਧੀਰ ਸਿੰਘ ਪ੍ਰੋਜੈਕਟ ਅਫ਼ਸਰ ਜਲੰਧਰ ਪੰਜਾਬ ਦੀ ਯੋਗ ਅਗਵਾਈ ਹੇਠ ਦੋ ਰੋਜਾ ਕਿਸਾਨ ਜਾਗਰੂਕਤਾ ਕੈਂਪ/ ਟ ?ਰੇਨਿੰਗ ਲਗਾਈ ਗਈ। ਡਾ: ਗੁਰਚਰਨ ਸਿੰਘ ਸਹਾਇਕ ਗੰਨਾ ਵਿਕਾਸ ਅਫ਼ਸਰ ਜਲੰਧਰ, ਡਾ: ਗੁਲਜਾਰ ਸਿੰਘ ਸੰਘੇੜਾ ਡਾਇਰੈਕਟਰ ਗੰਨਾ ਖੋਜ ਕੇਂਦਰ ਕਪੂਰਥਲਾ, ਡਾ. ਰਕੇਸ਼ ਕੁਮਾਰ ਕੀਟ ਵਿਗਿਆਨੀ, ਡਾ: ਚਰਨਜੀਤ ਕੌਰ ਫ਼ਸਲ ਵਿਗਿਆਨੀ, ਡਾ: ਇੰਦਰਾ ਦੇਵੀ ਫਾਰਮ ਸਲਾਹਕਾਰ ਕੇਂਦਰ ਗੰਗੀਆਂ ਨੇ ਗੰਨੇ ਦੀਆਂ ਕਾਸ਼ਤਕਾਰਾਂ ਤਕਨੀਕਾਂ ,ਕੀੜੇ-ਮਕੌੜੇ ਦੀ ਰੋਕਥਾਮ , ਰੋਗ ਪ੍ਰਬੰਧਨ, ਗੰਨੇ ਦੀ ਅੰਤਰ-ਫਸਲੀ, ਕਿਸਾਨਾਂ ਦੀ ਭਲਾਈ ਲਈ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾਕਟਰ ਗੁਰਚਰਨ ਸਿੰਘ ਨੇ ਕਿਹਾ ਕਿ ਕ੍ਰਿਸ਼ੀ ਉੱਨਤੀ ਯੋਜਨਾ ਦੇ ਤਹਿਤ ਕੇਂਦਰੀ ਪ੍ਰਯੋਜਿਤ ਰਾਸ਼ਟਰੀ ਖੁਰਾਕ ਸੁਰੱਖਿਆ ਅਤੇ ਪੋਸ਼ਣ ਮਿਸ਼ਨ ਤਹਿਤ ਪੰਜਾਬ ਸਰਕਾਰ ਵਲੋਂ ਗੰਨੇ ਦੀ ਪ੍ਰਤੀ ਹੈਕਟੇਅਰ ਪੈਦਾਵਾਰ ਵਧਾ ਕੇ ਆਮਦਨ ਵਧਾਉਣ ਲਈ ਪੰਜਾਬ ਵਿੱਚ ਗੰਨੇ ਦੀ



ਫ਼ਸਲ ਵਿਚ ਅੰਤਰ ਫ਼ਸਲਾਂ ਹੇਠ ਰਕਬਾ ਵਧਾਉਣ ਲਈ ਪ੍ਰਦਰਸ਼ਨੀ ਪਲਾਟ ਲਗਾਏ ਜਾ ਰਹੇ ਹਨ ਤਾਂ ਜੋ ਗੰਨਾ ਕਾਸ਼ਤਕਾਰਾਂ ਦੀ ਆਰਥਿਕਤਾ ਮਜ਼ਬੂਤ ਕੀਤੀ ਜਾ ਸਕੇ। ਇਸ ਤੋਂ ਇਲਾਵਾ ਇਸ ਮਿਸ਼ਨ ਦਾ ਮਕਸਦ ਫਸਲ ਉਤਪਾਦਨ, ਤਕਨਾਲੋਜੀਆਂ ਅਤੇ ਬੀਜਾਂ ਲਈ ਸਹਾਇਤਾ ਪ੍ਰਦਾਨ ਕਰਕੇ ਅਨਾਜ ਉਤਪਾਦਨ ਨੂੰ ਵਧਾਉਣਾ, ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ, ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਨਾ ਅਤੇ ਪੋਸ਼ਣ ਸੁਰੱਖਿਆ ਨੂੰ ਵਧਾਉਣਾ ਹੈ।ਕਣਕ , ਝੋਨਾ ਅਤੇ ਕਪਾਹ ਤੋਂ ਬਾਅਦ ਅਜਿਹੀ ਨਕਦੀ ਫ਼ਸਲ ਹੈ ਜੋ ਮੌਸਮ ਦੇ ਬੁਰੇ ਪ੍ਰਭਾਵਾਂ ਨੂੰ ਸਹਿ ਕੇ ਵੀ ਗੰਨਾ ਕਾਸ਼ਤਕਾਰਾਂ ਨੂੰ ਆਮਦਨ ਦੇ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਨੇ ਦੀ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਲਈ ਬਿਜਾਈ ਦੀ ਚੌੜੀ ਵਿੱਥ ਵਿਧੀ,ਅੰਤਰ ਫ਼ਸਲਾਂ ਅਤੇ ਮਲਚਿੰਗ ਤਕਨੀਕ ਵਰਤ ਕੇ ਪ੍ਰਦਰਸ਼ਨੀ ਪਲਾਟ ਅਤੇ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਡਾਕਟਰ ਯਸ਼ਪਾਲ ਖੇਤੀਬਾੜੀ ਅਫਸਰ ਟ ?ਰੇਨਿੰਗ ਹੁਸ਼ਿਆਰਪੁਰ ਵਲੋ ਕਿਹਾ ਕਿ ਪ੍ਰਤੀ ਹੈਕਟੇਅਰ ਗੰਨੇ ਦੀ ਉਤਪਾਦਕਤਾ ਵਧਾਉਣ ਨਾਲ ਗੰਨੇ ਦੀ ਫ਼ਸਲ ਦੀ ਖੇਤੀ ਨੂੰ ਲਾਹੇਵੰਦ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਗੰਨੇ ਦੀ ਪ੍ਰਤੀ ਹੈਕਟੇਅਰ ਪੈਦਾਵਰ ਵਧਾਉਣ ਦੇ ਮਕਸਦ ਲਈ ਗੰਨਾ ਕਾਸ਼ਤਕਾਰਾਂ ਨੂੰ ਚੌੜੀ ਵਿੱਥ ਵਿਧੀ ਅਪਨਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ,ਇਸ ਵਿਧੀ ਤਹਿਤ ਗੰਨੇ ਦੋ ਬਿਜਾਈ 4-5 ਫੁੱਟ ਦੂਰੀ ਦੀਆਂ ਲਾਈਨਾਂ ਤੇ ਗੰਨੇ ਦੀ ਬਿਜਾਈ ਇੱਕ ਜਾਂ ਦੋ ਖਾਲੀਆਂ ਵਿਚ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਵਿਧੀ ਨਾਲ ਬੀਜੀ ਗੰਨੇ ਦੀ ਫ਼ਸਲ ਦੇ ਬੂਟਿਆਂ ਨੂੰ ਵਧੇਰੇ ਰੌਸ਼ਨੀ ਅਤੇ ਹਵਾ ਮਿਲਦੀ ਹੈ ਜਿਸ ਨਾਲ ਫ਼ਸਲ ਘੱਟ ਡਿੱਗਣ ਕਾਰਨ ਪੈਦਾਵਾਰ ਵਿਚ ਵਾਧਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਗੰਨੇ ਦੀ ਅੱਸੂ ਦੀ ਬਿਜਾਈ ਵੇਲੇ ਖੇਤਾਂ ਵਿਚ ਝੋਨੇ ਦੀ ਪਰਾਲੀ ਖਿਲਾਰ ਕੇ ਪਾਣੀ ਅਤੇ ਖਾਦਾਂ ਦੀ ਬੱਚਤ ਕੀਤੀ ਜਾ ਸਕਦੀ ਹੈ। ਡਾਕਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਗੰਨੇ ਦੀ ਫ਼ਸਲ ਵਿਚ ਝੋਨੇ ਦੀ ਪਰਾਲੀ ਖਿਲਾਰਨ ਨਾਲ ਜਿੱਥੇ ਵਾਤਾਵਰਨ ਨੂੰ ਪ੍ਰਦੂਸ਼ਣ ਹੋਣ ਤੋਂ ਬਚਾਇਆ ਜਾ ਸਕੇਗਾ , ਉਥੇ ਸਰਦੀ ਅਤੇ ਗਰਮੀ ਤੋਂ ਫ਼ਸਲ ਨੂੰ ਬਚਾਅ ਹੋਣ ਕਾਰਨ ਪ੍ਰਤੀ ਹੈਕਟੇਅਰ ਪੈਦਾਵਾਰ ਵਿੱਚ ਵੀ ਵਾਧਾ ਹੋ ਸਕੇਗਾ। ਡਾਕਟਰ ਗੁਰਪ੍ਰਤਾਪ ਸਿੰਘ ਫ਼ਸਲ ਵਿਗਿਆਨੀ ਕੇ ਵੀ ਕੇ ਬਾਹੋਵਾਲ ਨੇ ਦੱਸਿਆ ਕਿ ਪਤਝੜ ਰੁੱਤ ਦੀ ਗੰਨੇ ਦੀ ਫ਼ਸਲ ਤੋਂ ਵਧੇਰੇ ਆਮਦਨ ਲੈਣ ਲਈ ਅੰਤਰ ਫ਼ਸਲਾਂ ਲੈਣੀਆਂ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਅੰਤਰ ਫ਼ਸਲਾਂ ਜਿਵੇਂ ਕਣਕ, ਸਰੋਂ,ਸਬਜੀਆਂ ਅਤੇ ਦਾਲਾਂ ਦੀ ਕਾਸ਼ਤ ਕਰਕੇ ਘਰੇਲੂ ਅਤੇ ਬਾਜ਼ਾਰ ਦੀਆਂ ਜ਼ਰੂਰਤਾਂ ਨੂੰ ਪੂਰਿਆਂ ਕੀਤਾ ਜਾ ਸਕਦਾ ਹੈ। ਇਸ ਟ ?ਰੇਨਿੰਗ ਵਿੱਚ ਡਾ ਅਮੋਲਪ੍ਰੀਤ ਕੌਰ ਤੇ ਡਾ ਨਵਜੋਤ ਭਾਟੀਆ ਨੇ ਵੀ ਕਿਸਾਨਾਂ ਨੂੰ ਸੰਬੋਧਨ ਕੀਤਾ। ਜਨਰਲ ਮੈਨੇਜਰ ਏ ਬੀ ਖੰਡ ਮਿੱਲ ਦਸੂਆ ਸ਼ੀ ਪੰਕਜ ਸਿੰਘ ਨੇ ਦਸਿਆ ਕਿ ਕਿਸਾਨਾਂ ਦੀ ਬਕਾਇਆ ਗੰਨੇ ਦੀ ਅਦਾਇਗੀ ਕਰ ਦਿੱਤੀ ਗਈ ਹੈ,ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮਿਲ ਦੀ ਗੰਨਾ ਪੀੜ੍ਹਨ ਦੀ ਸਮਰੱਥ ਵਧਣ ਕਰਨ ਵੱਧ ਤੋਂ ਵੱਧ ਗੰਨੇ ਹੇਠ ਰਕਬਾ ਲਿਆਉਣ ਲਈ ਕਿਹਾ।



# ਸਿਵਲ ਸਰਜਨ ਡਾ. ਰਾਜੇਸ਼ ਗਰਗ ਨੇ ਬਜ਼ੁਰਗ ਮੋਤੀਆਬਿੰਦ ਮਰੀਜਾਂ ਦੀ ਖੁਦ ਕੀਤੀ ਪੋਸਟ-ਓਪਰੇਟਿਵ ਜਾਂਚ

ਮਨਦੀਪ ਕੌਰ

## 29 ਮਰੀਜਾਂ ਦੇ ਮੋਤੀਆਬਿੰਦ ਦੇ ਮੁਫ਼ਤ ਓਪਰੇਸ਼ਨ ਸਫ਼ਲਤਾਪੂਰਵਕ ਕੀਤੇ ਗਏ

ਜਲੰਧਰ, 19 ਫ਼ਰਵਰੀ 2026: ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ "ਸਾਡੇ ਬਜ਼ੁਰਗ ਸਾਡਾ ਮਾਣ"ਮੁਹਿੰਮ ਤਹਿਤ ਸਿਹਤ ਵਿਭਾਗ ਜਲੰਧਰ ਅਤੇ ਸਮਾਜਿਕ ਸੁਰੱਖਿਆ ਵਿਭਾਗ ਦੇ ਸਾਂਝੇ ਯਤਨਾਂ ਨਾਲ "ਅਟਲ ਵਾਯੋ ਅਭਿਉਦਯ ਯੋਜਨਾ"ਅਧੀਨ ਜ਼ਿਲ੍ਹੇ ਵਿੱਚ ਬਜ਼ੁਰਗਾਂ ਨੂੰ ਵਿਸ਼ੇਸ਼ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਜਿਸਦੇ ਤਹਿਤ ਬੁੱਧਵਾਰ ਨੂੰ 29 ਮੋਤੀਆਬਿੰਦ ਦੇ ਬਜ਼ੁਰਗ ਮਰੀਜਾਂ ਦਾ ਓਪਰੇਸ਼ਨ ਕੀਤਾ ਗਿਆ। ਓਪਰੇਸ਼ਨ ਕੀਤੇ ਗਏ ਮਰੀਜਾਂ ਦੇ ਨਾਲ ਅੱਜ ਵੀਰਵਾਰ ਨੂੰ ਸਿਵਲ ਸਰਜਨ ਡਾ. ਰਾਜੇਸ਼ ਗਰਗ ਰੂਬਰੂ ਹੋਏ ਅਤੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ। ਇਸ ਦੌਰਾਨ ਉਨ੍ਹਾਂ ਨਾਲ ਮੈਡੀਕਲ ਸੁਪਰਡੈਂਟ ਈ.ਐਸ.ਆਈ. ਡਾ. ਜਯੋਤੀ ਸ਼ਰਮਾ ਅਤੇ ਜਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਕੇਸ਼ ਚੋਪੜਾ ਵੀ ਮੌਜੂਦ ਸਨ। ਇਸ ਦੌਰਾਨ ਸਿਵਲ ਸਰਜਨ ਡਾ. ਰਾਜੇਸ਼ ਗਰਗ ਨੇ ਖੁਦ ਮਰੀਜ਼ਾਂ ਦੀਆਂ ਅੱਖਾਂ ਤੋਂ ਪੱਟੀਆਂ ਖੋਲ੍ਹ ਕੇ ਉਨ੍ਹਾਂ ਦੀ ਪੋਸਟ-ਆਪਰੇਟਿਵ ਜਾਂਚ ਕੀਤੀ ਅਤੇ ਸਿਹਤ ਦੀ ਸਮੀਖਿਆ ਕੀਤੀ। ਇਸ ਉਪਰੰਤ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਲੋੜੀਂਦੀਆਂ ਦਵਾਈਆਂ ਵੀ ਵੰਡੀਆਂ ਗਈਆਂ। ਜਿਕਰਯੋਗ ਹੈ ਕਿ ਪੰਜਾਬ ਸਰਕਾਰ ਦੀ "ਸਾਡੇ ਬਜ਼ੁਰਗ ਸਾਡਾ ਮਾਨ"ਮੁਹਿੰਮ ਨੂੰ ਸਫਲ ਬਣਾਉਣ ਲਈ ਸਿਹਤ ਵਿਭਾਗ ਜਲੰਧਰ ਅਤੇ ਸੋਸ਼ਲ ਸਿਕਓਰਿਟੀ ਡਿਪਾਰਟਮੈਂਟ ਦੇ ਸਾਂਝੇ ਉਪਰਾਲੇ ਸਦਕਾ ਬੀਤੇ ਬਜ਼ੁਰਗਾਂ ਲਈ ਸੋਮਵਾਰ ਨੂੰ ਮਲਟੀ-ਸਪੈਸ਼ਲਟੀ ਮੈਡੀਕਲ ਕੈਂਪ ਲਗਾ ਕੇ ਮਰੀਜਾਂ ਨੂੰ ਔਰਥੋਪੀਡਿਕ, ਅੱਖਾਂ ਅਤੇ ਜਨਰਲ ਮੈਡੀਸਨ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਕੈਂਪ ਦੌਰਾਨ ਮੋਤੀਆਬਿੰਦ ਨਾਲ ਪੀੜਤ ਮਰੀਜ਼ਾਂ ਦੀ ਸਕ੍ਰੀਨਿੰਗ ਕਰਕੇ ਉਨ੍ਹਾਂ ਨੂੰ ਓਪਰੇਸ਼ਨ ਲਈ ਵੀ ਚੁਣਿਆ ਗਿਆ ਅਤੇ ਬੁੱਧਵਾਰ ਨੂੰ ਆਈ ਮੋਬਾਈਲ ਯੂਨਿਟ ਦੀ ਟੀਮ, ਜਿਸ ਦੀ ਅਗਵਾਈ ਐਸ.ਐਮ.ਓ. ਆਈ ਮੋਬਾਈਲ ਯੂਨਿਟ ਡਾ. ਗੁਰਪ੍ਰੀਤ ਕੌਰ ਅਤੇ ਡਾ. ਅਰੁਣ ਵਰਮਾ ਨੇ ਕੀਤੀ ਇਨ੍ਹਾਂ ਮਰੀਜਾਂ ਦੇ ਮੋਤੀਆਬਿੰਦ ਦੇ ਮੁਫ਼ਤ ਆਪਰੇਸ਼ਨ ਸਫਲਤਾਪੂਰਵਕ ਕੀਤੇ ਗਏ। ਸਿਵਲ ਸਰਜਨ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲ ਬਜ਼ੁਰਗਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਤਾਰ ਆਯੋਜਿਤ ਕੀਤੇ ਜਾਣਗੇ ਤਾਂ ਜੋ ਹਰ ਬਜ਼ੁਰਗ ਤੱਕ ਸਮੇਂ-ਸਿਰ ਇਲਾਜ ਪਹੁੰਚ ਸਕੇ। ਇਸ ਮੌਕੇ ਐਸ.ਐਮ.ਓ. ਡਾ. ਗਗਨਦੀਪ, ਡਿਪਟੀ ਐਮ.ਈ.ਆਈ.ਓ. ਅਸੀਮ ਸ਼ਰਮਾ ਅਤੇ ਜਿਲ੍ਹਾ ਬੀਸੀਸੀ ਕੋਆਰਡੀਨੇਟਰ ਨੀਰਜ ਸ਼ਰਮਾ ਮੌਜੂਦ ਸਨ।



# ਲੋਕ ਨਿਰਮਾਣ ਮੰਤਰੀ ਨੇ ਚੱਲ ਰਹੇ ਸੜਕੀ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ

## ਬਰਸਾਤ ਦੇ ਮੌਸਮ ਤੋਂ ਪਹਿਲਾਂ ਇਹਨਾਂ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪੰਜਾਬ ਭਵਨ, ਚੰਡੀਗੜ੍ਹ ਵਿਖੇ ਹੋਈ ਉੱਚ-ਪੱਧਰੀ ਮੀਟਿੰਗ ਦੌਰਾਨ ਸੂਬੇ ਭਰ ਵਿੱਚ ਚੱਲ ਰਹੇ ਸੜਕੀ ਬੁਨਿਆਦੀ ਢਾਂਚੇ ਨਾਲ ਸਬੰਧਤ ਕੰਮਾਂ ਦੀ ਵਿਆਪਕ ਸਮੀਖਿਆ ਕੀਤੀ। ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ.) ਦੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਬਰਸਾਤ ਦੇ ਮੌਸਮ ਤੋਂ ਪਹਿਲਾਂ ਸਾਰੇ ਕੰਮਾਂ ਨੂੰ ਸਮੇਂ ਸਿਰ ਨੇਪਰੇ ਚਾੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਬਿਟੂਮਿਨ ਕੰਮਾਂ ਵਿੱਚ ਤੇਜ਼ੀ ਲਿਆਉਣ ਲਈ ਹਫਤਾਵਾਰੀ ਟੀਚੇ ਮਿੱਥਣ ਅਤੇ ਉਨ੍ਹਾਂ ਨੂੰ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਹਰਭਜਨ ਸਿੰਘ ਈ. ਟੀ. ਓ. ਨੇ ਇਨ੍ਹਾਂ ਹਫਤਾਵਾਰੀ ਟੀਚਿਆਂ ਦੀ ਰੋਜ਼ਾਨਾ ਸਬੰਧਤ ਮੁੱਖ ਇੰਜੀਨੀਅਰਾਂ ਵੱਲੋਂ ਨਿਗਰਾਨੀ ਕਰਨ ਅਤੇ ਜਵਾਬਦੇਹੀ ਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ 'ਤੇ ਸਮੀਖਿਆ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਟਿਕਾਊ ਅਤੇ ਉੱਚ-ਗੁਣਵੱਤਾ ਵਾਲਾ ਸੜਕੀ ਢਾਂਚਾ ਪ੍ਰਦਾਨ ਕੀਤਾ ਜਾਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਯਾਤਰੀਆਂ ਨੂੰ ਬਿਹਤਰ ਅਤੇ ਵਿਸ਼ਵ ਪੱਧਰੀ ਸੜਕੀ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੂਬੇ ਦੇ ਸੜਕੀ ਨੈੱਟਵਰਕ ਨੂੰ ਮਜ਼ਬੂਤ ਅਤੇ ਆਧੁਨਿਕ ਬਣਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਅੱਗੇ ਕਿਹਾ ਕਿ ਬਿਹਤਰ ਸੜਕੀ ਸੰਪਰਕ ਨਾਲ ਆਰਥਿਕ ਅਤੇ ਖੇਤਰੀ ਵਿਕਾਸ ਵਿੱਚ ਤੇਜ਼ੀ ਆਵੇਗੀ ਅਤੇ ਸੁਰੱਖਿਅਤ ਅਤੇ ਨਿਰਵਿਘਨ ਯਾਤਰਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਧਾਰਤ ਸਮਾਂ ਸੀਮਾ ਅੰਦਰ ਵਿੱਤੀ ਅਤੇ ਹੋਰਨਾਂ ਨਿਰਧਾਰਤ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਹਰ ਸੰਭਵ ਯਤਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸੜਕ ਨਿਰਮਾਣ ਕਾਰਜਾਂ ਨੂੰ ਪੂਰਾ ਕਰਨ ਵਿੱਚ ਕੁਤਾਹੀ ਵਰਤਣ ਵਾਲੇ ਅਧਿਕਾਰੀ ਜਾਂ ਠੇਕੇਦਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਦੌਰਾਨ ਕੈਬਨਿਟ ਮੰਤਰੀ ਨੇ ਪੇਵਿੰਗ ਸਬੰਧੀ ਕੰਮਾਂ ਨੂੰ ਤਰੁੰਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਕਿਉਂਕਿ ਇਸ ਸਮੇਂ ਪ੍ਰੀ-ਮਿਕਸ ਅਤੇ ਕਾਰਪੇਟਿੰਗ ਦੇ ਕੰਮਾਂ ਲਈ ਵਾਤਾਵਰਨ ਅਨੁਕੂਲ ਹੈ। ਉਨ੍ਹਾਂ ਕਿਹਾ ਕਿ ਨਿਰਧਾਰਤ ਇੰਜੀਨੀਅਰਿੰਗ ਮਾਪਦੰਡਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਕਾਰਜਸ਼ੀਲਤਾ ਵਿੱਚ ਪਾਰਦਰਸ਼ਤਾ ਬਰਕਰਾਰ ਰੱਖਣ ਲਈ ਅਚਨਚੇਤ ਨਿਰੀਖਣ ਕੀਤੇ ਜਾਣਗੇ। ਮਿਆਰੀ ਬੁਨਿਆਦੀ ਢਾਂਚੇ ਪ੍ਰਤੀ ਆਪਣੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਉਹ ਰਾਜ ਭਰ ਵਿੱਚ ਵੱਖ-ਵੱਖ ਥਾਵਾਂ 'ਤੇ ਸੜਕੀ ਨਿਰਮਾਣ ਕਾਰਜਾਂ ਦਾ ਨਿੱਜੀ ਤੌਰ 'ਤੇ ਨਿਰੀਖਣ ਕਰਨਗੇ ਤਾਂ ਜੋ ਪਾਰਦਰਸ਼ਤਾ, ਜਵਾਬਦੇਹੀ ਅਤੇ ਪ੍ਰੋਜੈਕਟਾਂ ਦਾ ਸਮੇਂ ਸਿਰ ਮੁਕੰਮਲ ਹੋਣਾ ਯਕੀਨੀ ਬਣਾਇਆ ਜਾ ਸਕੇ। ਵਿੱਤੀ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਅਤੇ ਬਿਲ੍ਹਾਂ ਦੇ ਜਲਦ ਨਿਪਟਾਰੇ ਲਈ ਉਨ੍ਹਾਂ ਨੇ ਸਾਰੇ ਠੇਕੇਦਾਰਾਂ ਦੇ ਬਿੱਲ ਨੂੰ ਸਮੇਂ ਸਿਰ ਜਮ ?ਹਾਂ ਕਰਵਾਏ ਜਾਣ ਦੇ ਨਿਰਦੇਸ਼ ਦਿੱਤੇ। ਇਸ ਮੀਟਿੰਗ ਵਿੱਚ ਪ੍ਰਬੰਧਕੀ ਸਕੱਤਰ ਰਵੀ ਭਗਤ, ਇੰਜੀਨੀਅਰ-ਇਨ-ਚੀਫ਼ ਗਗਨਦੀਪ ਸਿੰਘ, ਚੀਫ ਇੰਜੀਨੀਅਰ ਅਨਿਲ ਗੁਪਤਾ ਅਤੇ ਲੋਕ ਨਿਰਮਾਣ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਸਨ।